ਸਿੱਖ ਕੌਮ ਅਤੇ ਪੰਜਾਬੀਅਤ ਦਾ ਪਹਿਰੇਦਾਰ

# ਆਵਾਜ਼ਿ ਕੌਮ

Awaze Qaum

(ਯੂ. ਕੇ. ਤੋਂ ਪ੍ਰਕਾਸ਼ਿਤ)

International Daily Newspaper & WEB TV

www.awazeqaumtv.com

Also On

Visit on facebook

https://www.facebook.com/awazeqaumtv/videos/194899582124531/

YouTube https://youtu.be/LQwolgxDu7I

awazeqaumtvpunjab@gmail.com

ਸ਼ੁੱਕਰਵਾਰ, 8 ਮਈ 2026 (ਨਾਨਕਸ਼ਾਹੀ ਸੰਮਤ : ੫੫੮, ੨੫ ਵੈਸਾਖ) ਸੰਪਾਦਕ : ਰਘਵੀਰ ਸਿੰਘ ਵਾਲਸਾਲ ਯੂ. ਕੇ., ਸੰਪਰਕ : +447458381111,+447976210161,+919729091243




## ਅੰਮ੍ਰਿਤਪਾਲ ਸਿੰਘ ਮਾਮਲੇ 'ਚ ਸੈਸ਼ਨ ਕੋਰਟ 'ਚ ਸੁਣਵਾਈ, ਡਿਸਚਾਰਜ ਅਰਜ਼ੀ 'ਤੇ ਨੋਟਿਸ ਜਾਰੀ

**ਅੰਮ੍ਰਿਤਸਰ, 7 ਮਈ (ਆਵਾਜ਼ਿ ਕੌਮ ਬਿਊਰੋ)**-ਖਡੂਰ ਸਾਹਿਬ ਤੋਂ ਸੰਸਦ ਮੈਂਬਰ ਅੰਮ੍ਰਿਤਪਾਲ ਸਿੰਘ ਨਾਲ ਸੰਬੰਧਿਤ ਮਾਮਲੇ ਦੀ ਅੱਜ ਅੰਮ੍ਰਿਤਸਰ ਸੈਸ਼ਨ ਕੋਰਟ ਵਿੱਚ ਸੁਣਵਾਈ ਹੋਈ। ਇਸ ਦੌਰਾਨ ਅੰਮ੍ਰਿਤਪਾਲ ਸਿੰਘ ਦੀ ਪੱਖੋਂ ਉਨ੍ਹਾਂ ਦੇ ਵਕੀਲ ਰੀਤੂ ਰਾਜ ਸਿੰਘ ਸੰਧੂ ਅਦਾਲਤ ਵਿੱਚ ਪੇਸ਼ ਹੋਏ।



ਸੁਣਵਾਈ ਤੋਂ ਬਾਅਦ ਮੀਡੀਆ ਨਾਲ ਗੱਲਬਾਤ ਕਰਦਿਆਂ ਵਕੀਲ ਸੰਧੂ ਨੇ ਦੱਸਿਆ ਕਿ ਅੱਜ ਦੀ ਤਾਰੀਖ ਦੌਰਾਨ ਉਨ੍ਹਾਂ ਵੱਲੋਂ ਅਦਾਲਤ ਵਿੱਚ ਇੱਕ ਅਹਿਮ ਅਰਜ਼ੀ ਦਾਇਰ ਕੀਤੀ ਗਈ ਹੈ, ਜਿਸ 'ਚ ਅੰਮ੍ਰਿਤਪਾਲ ਸਿੰਘ 'ਤੇ ਲਗਾਏ ਗਏ ਚਾਰਜਾਂ ਨੂੰ "ਬੇਬੁਨਿਆਦ" ਦੱਸਦਿਆਂ ਉਨ੍ਹਾਂ ਨੂੰ ਡਿਸਚਾਰਜ ਕਰਨ ਦੀ ਮੰਗ ਕੀਤੀ ਗਈ ਹੈ। ਵਕੀਲ ਨੇ ਦੱਸਿਆ ਕਿ ਉਨ੍ਹਾਂ ਨੇ ਚਲਾਨ ਅਤੇ ਕੇਸ ਨਾਲ ਜੁੜੇ ਸਾਰੇ ਦਸਤਾਵੇਜ਼ਾਂ ਦਾ ਅਧਿਐਨ ਕਰਨ ਤੋਂ ਬਾਅਦ ਅਦਾਲਤ ਵਿੱਚ ਵਿਸਥਾਰ ਨਾਲ ਆਪਣੀ ਅਰਜ਼ੀ ਦਾਇਰ ਕੀਤੀ ਹੈ। ਉਨ੍ਹਾਂ ਕਿਹਾ ਕਿ ਜਿਨ੍ਹਾਂ ਧਾਰਾਵਾਂ ਤਹਿਤ ਚਾਰਜ ਲਗਾਏ ਗਏ ਹਨ, ਉਹ ਤੱਥਾਂ ਅਤੇ ਸਬੂਤਾਂ ਦੇ ਆਧਾਰ 'ਤੇ ਠੀਕ ਨਹੀਂ ਬਣਦੇ ਅਤੇ ਇਸ ਲਈ ਅਦਾਲਤ ਨੂੰ ਅੰਮ੍ਰਿਤਪਾਲ ਨੂੰ ਇਨ੍ਹਾਂ ਚਾਰਜਾਂ ਤੋਂ ਬਰੀ ਕਰਨਾ ਚਾਹੀਦਾ ਹੈ। ਰੀਤੂ ਰਾਜ ਸਿੰਘ ਸੰਧੂ ਨੇ ਦੱਸਿਆ ਕਿ ਅਦਾਲਤ ਵੱਲੋਂ ਹੁਣ ਇਸ ਅਰਜ਼ੀ 'ਤੇ ਸਟੇਟ ਨੂੰ ਜਵਾਬ ਦਾਇਰ ਕਰਨ ਲਈ ਸਮਾਂ ਦਿੱਤਾ ਗਿਆ ਹੈ।

## ਪੰਜਾਬ 'ਚ ਈ. ਡੀ. ਦੀ ਵੱਡੀ ਕਾਰਵਾਈ

# ਖਰੜ 'ਚ ਰੇਡ, ਹਵਾ 'ਚ ਉੱਡੇ ਨੋਟ

**ਖਰੜ/ਚੰਡੀਗੜ੍ਹ, 7 ਮਈ (ਆਵਾਜ਼ਿ ਕੌਮ ਬਿਊਰੋ)**-ਪੰਜਾਬ 'ਚ ਇਨਫੋਰਸਮੈਂਟ ਡਾਇਰੈਕਟੋਰੇਟ ਨੇ ਵੱਡੀ ਕਾਰਵਾਈ ਕੀਤੀ ਹੈ। ਕੇਂਦਰ ਸਰਕਾਰ ਦੀ ਏਜੰਸੀ ਈਡੀ ਵੱਲੋਂ ਮੋਹਾਲੀ ਦੇ ਖਰੜ ਸਥਿਤ ਵੈਸਟਰਨ ਟਾਵਰ 'ਤੇ ਰੇਡ ਕੀਤੀ ਗਈ ਹੈ। ਸੂਤਰਾਂ ਅਨੁਸਾਰ, ਇਸ ਰੇਡ ਦੇ ਤਾਰ ਮੁੱਖ ਮੰਤਰੀ ਭਗਵੰਤ ਮਾਨ ਦੇ ਓਐਸਡੀ ਨਾਲ ਜੁੜ ਰਹੇ ਹਨ। ਸੂਤਰਾਂ ਅਨੁਸਾਰ, ਇਹ ਰੇਡ ਨਿਤਿਨ ਨਾਂਅ ਦੇ ਸ਼ਖਸ ਦੇ ਟਿਕਾਣਿਆਂ 'ਤੇ ਕੀਤੀ ਗਈ ਹੈ। ਈਡੀ ਦੀ ਇਸ ਕਾਰਵਾਈ ਦੌਰਾਨ 9ਵੀਂ ਮੰਜਿਲ ਦੇ ਇੱਕ ਫਲੈਟ ਵਿਚੋਂ ਕਥਿਤ ਤੌਰ 'ਤੇ ਨਕਦੀ ਨਾਲ ਭਰੇ ਬੈਗ ਵੀ ਮਿਲੇ ਹਨ। ਦੱਸਿਆ ਜਾ ਰਿਹਾ ਹੈ ਕਿ ਇਹ ਰੇਡ ਫਲੈਟ ਨੰਬਰ 906 'ਚ ਕੀਤੀ ਗਈ ਹੈ। ਸੂਤਰਾਂ ਅਨੁਸਾਰ ਇਹ ਛਾਪੇਮਾਰੀ ਖਰੜ ਨੇੜੇ ਛੱਜੂ ਮਾਜਰਾ ਸਥਿਤ 'ਵੈਸਟਰਨ ਟਾਵਰਜ਼' ਦੇ ਫਲੈਟ ਨੰਬਰ 906 ਵਿੱਚ ਕੀਤੀ ਗਈ।




ਤਲਾਸ਼ੀ ਮੁਹਿੰਮ ਦੌਰਾਨ ਇਮਾਰਤ ਦੇ ਅੰਦਰੋਂ ਕਥਿਤ ਤੌਰ 'ਤੇ ਨਕਦੀ ਦੇ ਬੰਡਲਾਂ ਵਾਲੇ ਦੋ ਬੈਗ ਹੇਠਾਂ ਸੁੱਟੇ ਗਏ। ਦੱਸਿਆ ਜਾ ਰਿਹਾ ਹੈ ਕਿ ਈਡੀ ਦੀ ਰੇਡ ਬਾਰੇ ਜਿਵੇਂ ਹੀ ਕਿਸੇ ਨੂੰ ਪਤਾ ਲੱਗਿਆ ਤਾਂ ਉਸ ਨੇ 9ਵੀਂ ਮੰਜਿਲ ਤੋਂ ਰੁਪਇਆਂ ਦਾ ਭਰਿਆ ਇੱਕ ਬੈਗ ਹੇਠਾਂ ਸੁੱਟ ਦਿੱਤਾ, ਜਿਸ ਨੂੰ ਹੇਠਾਂ ਗੱਡੀ ਕੋਲ ਪਹਿਲਾਂ ਤੋਂ ਹੀ ਖੜੇ ਇੱਕ ਡਰਾਈਵਰ ਨੇ ਚੁੱਕ ਲਿਆ। ਇਸ ਤਰ੍ਹਾਂ ਬੈਗ ਸੁੱਟੇ ਜਾਣ ਨਾਲ ਕਈ ਨੋਟ ਹਵਾ ਵਿੱਚ ਵੀ ਉਡਦੇ ਵਿਖਾਈ ਦਿੱਤੇ। ਇੱਕ ਅਧਿਕਾਰੀ ਅਨੁਸਾਰ, ਇਨਫੋਰਸਮੈਂਟ ਡਾਇਰੈਕਟੋਰੇਟ ਸਨਟੈਕ ਸਿਟੀ ਪ੍ਰੋਜੈਕਟ, ਅਜੈ ਸਹਿਗਲ, ਏਬੀਐਸ ਟਾਊਨਸ਼ਿਪ ਪ੍ਰਾਈਵੇਟ ਲਿਮਟਿਡ, ਅਲਟਸ ਬਿਲਡਰਜ਼, ਧੀਰ ਕੰਸਟਰਕਸ਼ਨ ਅਤੇ ਸਹਿਯੋਗੀਆਂ 'ਤੇ ਮੋਹਾਲੀ ਅਤੇ ਚੰਡੀਗੜ੍ਹ ਵਿੱਚ 12 ਥਾਵਾਂ 'ਤੇ ਛਾਪੇਮਾਰੀ ਕਰ ਰਿਹਾ ਹੈ ਜੋ ਗ੍ਰੇਟਰ ਮੋਹਾਲੀ ਏਰੀਆ ਡਿਵੈਲਪਮੈਂਟ ਅਥਾਰਟੀ ਤੋਂ CLU ਲਾਇਸੈਂਸ ਪ੍ਰਾਪਤ ਕਰਨ ਵਿੱਚ ਵੱਡੇ ਪੱਧਰ 'ਤੇ ਧੋਖਾਧੜੀ ਅਤੇ ਜਨਤਾ ਨਾਲ ਧੋਖਾਧੜੀ ਕਰਕੇ ਸੈਂਕੜੇ ਕਰੋੜ ਰੁਪਏ ਇਕੱਠੇ ਕਰ ਰਹੇ ਸਨ। ਅਧਿਕਾਰੀ ਦਾ ਕਹਿਣਾ ਹੈ ਕਿ, ਈਡੀ ਨਿਤਿਨ ਗੋਹਲ ਦੀ ਤਲਾਸ਼ੀ ਲੈ ਰਹੀ ਹੈ ਕਿਉਂਕਿ ਉਹ ਕਥਿਤ ਤੌਰ 'ਤੇ ਗਮਾਡਾ ਫੀਸਾਂ ਦਾ ਭੁਗਤਾਨ ਨਾ ਕਰਨ ਵਾਲੇ ਬਿਲਡਰਾਂ ਦੀ ਮਦਦ ਕਰ ਰਿਹਾ ਹੈ ਅਤੇ ਉਨ੍ਹਾਂ ਲਈ ਰਾਜਨੀਤਿਕ ਸੁਰੱਖਿਆ ਦਾ ਪ੍ਰਬੰਧ ਕਰ ਰਿਹਾ ਹੈ। ਉਹ ਮੁੱਖ ਮੰਤਰੀ ਦੇ ਓਐਸਡੀ ਰਾਜਬੀਰ ਧੁੰਮਣ ਦਾ ਨਜ਼ਦੀਕੀ ਸਾਥੀ ਹੈ।

## ਈ. ਡੀ. ਰੇਡ ਨੂੰ ਲੈ ਕੇ ਸ਼੍ਰੋਮਣੀ ਅਕਾਲੀ ਦਲ ਦਾ ਮੁੱਖ ਮੰਤਰੀ 'ਤੇ ਤਿੱਖਾ ਹਮਲਾ, ਕਿਹਾ - 'ਕੱਟੜ ਇਮਾਨਦਾਰ' ਪਾਰਟੀ ਦਾ ਅਸਲੀ ਚਿਹਰਾ ਉਜਾਗਰ ਹੋਇਆ

**ਚੰਡੀਗੜ੍ਹ, 7 ਮਈ (ਆਵਾਜ਼ਿ ਕੌਮ ਬਿਊਰੋ)**-ਸ਼੍ਰੋਮਣੀ ਅਕਾਲੀ ਦਲ ਦੇ ਪ੍ਰਧਾਨ ਸੁਖਬੀਰ ਸਿੰਘ ਬਾਦਲ ਨੇ ਇਨਫੋਰਸਮੈਂਟ ਡਾਇਰੈਕਟੋਰੇਟ (ਈ. ਡੀ.) ਦੀ ਛਾਪੇਮਾਰੀ ਨੂੰ ਲੈ ਕੇ ਪੰਜਾਬ ਦੀ ਆਮ ਆਦਮੀ ਪਾਰਟੀ (ਆਪ) ਸਰਕਾਰ 'ਤੇ ਗੰਭੀਰ ਦੋਸ਼ ਲਗਾਏ ਹਨ। ਅਕਾਲੀ ਦਲ ਦੇ ਪ੍ਰਧਾਨ ਨੇ ਮਾਮਲੇ 'ਤੇ ਤਿੱਖੀ ਪ੍ਰਤੀਕਿਰਿਆ ਦਿੰਦਿਆਂ ਕਿਹਾ ਕਿ ਈਡੀ ਦੇ ਛਾਪੇਮਾਰੀ ਦੌਰਾਨ, ਖਰੜ ਦੇ ਇੱਕ ਅਪਾਰਟਮੈਂਟ ਦੀ 9ਵੀਂ ਮੰਜ਼ਿਲ ਤੋਂ ਨੋਟਾਂ ਨਾਲ ਭਰੇ ਬੈਗ ਸੁੱਟੇ ਗਏ ਸਨ, ਜੋ ਕਥਿਤ ਤੌਰ 'ਤੇ ਮੁੱਖ ਮੰਤਰੀ ਦਫ਼ਤਰ ਨਾਲ ਜੁੜੇ ਲੋਕਾਂ ਦੇ ਸਨ। ਸੁਖਬੀਰ ਬਾਦਲ ਨੇ ਕਿਹਾ ਕਿ ਇਹ ਅਖੌਤੀ "ਕੱਟੜਪੰਥੀ, ਇਮਾਨਦਾਰ ਪਾਰਟੀ" ਦੇ ਅਸਲ ਸੁਭਾਅ ਨੂੰ ਉਜਾਗਰ ਕਰਦਾ ਹੈ। ਉਨ੍ਹਾਂ ਦੋਸ਼ ਲਾਇਆ ਕਿ ਮੁੱਖ ਮੰਤਰੀ ਭਗਵੰਤ ਮਾਨ ਅਤੇ ਅਰਵਿੰਦ ਕੇਜਰੀਵਾਲ ਪੰਜਾਬ ਦੇ ਸਰੋਤਾਂ ਨੂੰ ਲੁੱਟ ਕੇ ਆਪਣੇ ਖਜ਼ਾਨੇ ਭਰ ਰਹੇ ਹਨ। ਅਕਾਲੀ ਦਲ ਨੇ ਪੂਰੇ ਮਾਮਲੇ ਅਤੇ ਇਸ ਨਾਲ ਸਬੰਧਤ ਕਥਿਤ ਹਵਾਲਾ ਲੈਣ-ਦੇਣ ਦੀ ਡੂੰਘਾਈ ਨਾਲ ਜਾਂਚ ਦੀ ਮੰਗ ਕੀਤੀ ਹੈ। ਪਾਰਟੀ ਨੇ ਇਹ ਵੀ ਕਿਹਾ ਕਿ ਜੇਕਰ 2027 ਵਿੱਚ ਸੱਤਾ ਵਿੱਚ ਆਈ ਤਾਂ ਦੋਸ਼ੀਆਂ ਵਿਰੁੱਧ ਸਖ਼ਤ ਕਾਰਵਾਈ ਕੀਤੀ ਜਾਵੇਗੀ ਅਤੇ ਪੰਜਾਬੀਆਂ ਦਾ "ਲੁੱਟਿਆ ਹੋਇਆ ਪੈਸਾ" ਸੂਬੇ ਨੂੰ ਵਾਪਸ ਕਰ ਦਿੱਤਾ ਜਾਵੇਗਾ।



ਉਧਰ, ਅਕਾਲੀ ਦਲ ਦੀ ਬਠਿੰਡਾ ਤੋਂ ਸਾਂਸਦ ਹਰਸਿਮਰਤ ਕੌਰ ਬਾਦਲ ਨੇ ਵੀ ਸੀਐਮ ਮਾਨ 'ਤੇ ਤਿੱਖਾ ਨਿਸ਼ਾਨਾ ਲਾਇਆ ਹੈ। ਉਨ੍ਹਾਂ ਕਿਹਾ, "ਪੰਜਾਬ ਅਤੇ ਇਸਦੇ ਸਰੋਤਾਂ ਦੀ ਕਥਿਤ ਲੁੱਟ ਦਾ ਇਸ ਤੋਂ ਵੱਡਾ ਸਬੂਤ ਹੋਰ ਕੀ ਹੋ ਸਕਦਾ ਹੈ ਕਿ ਮੁੱਖ ਮੰਤਰੀ ਭਗਵੰਤ ਮਾਨ ਦੇ ਨਜ਼ਦੀਕੀ ਸਾਥੀਆਂ ਨੇ ਕਰੋੜਾਂ ਰੁਪਏ ਦੀ ਨਕਦੀ ਬਚਾਉਣ ਲਈ ਉੱਚੀਆਂ ਇਮਾਰਤਾਂ ਤੋਂ 500 ਰੁਪਏ ਦੇ ਨੋਟਾਂ ਦੇ ਬੰਡਲ ਸੁੱਟੇ।" ਹਰਸਿਮਰਤ ਬਾਦਲ ਨੇ ਦਾਅਵਾ ਕੀਤਾ ਕਿ ਇਹ ਸਾਰਾ ਮਾਮਲਾ ਮੁੱਖ ਮੰਤਰੀ ਦੇ ਓਐਸਡੀ, ਰਾਜਬੀਰ ਸਿੰਘ ਦੇ ਨਜ਼ਦੀਕੀ ਲੋਕਾਂ ਨਾਲ ਜੁੜਿਆ ਹੋਇਆ ਹੈ, ਅਤੇ ਇਸ ਲਈ, ਜਾਂਚ ਉੱਚ ਪੱਧਰ 'ਤੇ ਸ਼ੁਰੂ ਹੋਣੀ ਚਾਹੀਦੀ ਹੈ। ਉਨ੍ਹਾਂ ਦੋਸ਼ ਲਗਾਇਆ ਕਿ ਪੰਜਾਬ ਵਿੱਚ 'ਆਪ' ਦੇ ਰਾਜ ਦੌਰਾਨ ਭ੍ਰਿਸ਼ਟਾਚਾਰ ਅਤੇ ਮਨੀ ਲਾਂਡਰਿੰਗ ਬਹੁਤ ਜ਼ਿਆਦਾ ਹੈ।

## ਜਲੰਧਰ 'ਚ ਸਕੂਲਾਂ ਨੂੰ ਬੰਬ ਨਾਲ ਉਡਾਉਣ ਦੀ ਧਮਕੀ, ਦਹਿਸ਼ਤ ਦਾ ਮਾਹੌਲ, ਪ੍ਰਸ਼ਾਸਨ ਨੇ ਕੀਤੀ ਛੁੱਟੀ

**ਚੰਡੀਗੜ੍ਹ, 7 ਮਈ (ਆਵਾਜ਼ਿ ਕੌਮ ਬਿਊਰੋ)**-ਪੰਜਾਬ ਵਿੱਚ ਸਰਕਾਰੀ ਇਮਾਰਤਾਂ ਅਤੇ ਪ੍ਰਾਈਵੇਟ ਸਕੂਲਾਂ ਵਿਰੁੱਧ ਧਮਕੀਆਂ ਲਗਾਤਾਰ ਜਾਰੀ ਹਨ। ਹਾਲ ਹੀ ਵਿੱਚ, ਬੀਐਸਐਫ ਚੌਕ ਨੇੜੇ ਇੱਕ ਐਕਟਿਵਾ ਵਿੱਚ ਇੱਕ LED ਫਲੈਸ਼ਲਾਈਟ ਫਟ ਗਈ, ਜਿਸ ਕਾਰਨ ਪੰਜਾਬ ਪੁਲਿਸ ਨੂੰ ਹਾਈ ਅਲਰਟ 'ਤੇ ਜਾਣ ਲਈ ਕਿਹਾ ਗਿਆ। ਹਾਲਾਂਕਿ, ਇਸ ਘਟਨਾ ਤੋਂ ਦੋ ਦਿਨ ਬਾਅਦ, ਇੱਕ ਪ੍ਰਾਈਵੇਟ ਸਕੂਲ ਨੂੰ ਧਮਕੀ ਮਿਲੀ ਹੈ। ਜਾਣਕਾਰੀ ਅਨੁਸਾਰ, ਏਪੀਜੇ ਸਕੂਲ ਨੂੰ ਬੰਬ ਨਾਲ ਉਡਾਉਣ ਦੀ ਧਮਕੀ ਮਿਲੀ ਹੈ। ਇਸ ਘਟਨਾ ਨੇ ਪ੍ਰਸ਼ਾਸਨ ਵਿੱਚ ਦਹਿਸ਼ਤ ਫੈਲ ਗਈ ਹੈ। ਬੀਐਮਸੀ ਚੌਕ 'ਤੇ ਸਥਿਤ ਸਕੂਲ ਨੂੰ ਈਮੇਲ ਰਾਹੀਂ ਧਮਕੀ ਮਿਲੀ, ਜਿਸ ਤੋਂ ਬਾਅਦ ਸਕੂਲ ਪ੍ਰਬੰਧਨ ਨੇ ਤੁਰੰਤ ਸਾਵਧਾਨੀ ਦੇ ਉਪਾਅ ਕੀਤੇ ਅਤੇ ਸਾਰੇ ਵਿਦਿਆਰਥੀਆਂ ਨੂੰ ਛੁੱਟੀ 'ਤੇ ਘਰ ਭੇਜ ਦਿੱਤਾ। ਧਮਕੀ ਮਿਲਣ 'ਤੇ ਸਕੂਲ ਕੈਂਪਸ ਵਿੱਚ ਦਹਿਸ਼ਤ ਫੈਲ ਗਈ ਅਤੇ ਸੁਰੱਖਿਆ ਸਖ਼ਤ ਕਰ ਦਿੱਤੀ ਗਈ। ਮਾਮਲੇ ਦੀ ਗੰਭੀਰਤਾ ਨੂੰ ਦੇਖਦੇ ਹੋਏ, ਸਬੰਧਤ ਵਿਭਾਗਾਂ ਨੂੰ ਸੂਚਿਤ ਕਰ ਦਿੱਤਾ ਗਿਆ ਹੈ। ਪੁਲਿਸ ਅਤੇ ਪ੍ਰਸ਼ਾਸਨਿਕ ਟੀਮਾਂ ਇਸ ਸਮੇਂ ਮਾਮਲੇ ਦੀ ਜਾਂਚ ਕਰ ਰਹੀਆਂ ਹਨ। ਹਾਲਾਂਕਿ, ਪੁਲਿਸ ਜਾਂਚ ਦੌਰਾਨ ਕੋਈ ਸ਼ੱਕੀ ਵਸਤੂ ਬਰਾਮਦ ਨਹੀਂ ਹੋਈ ਹੈ। ਇਸ ਦੌਰਾਨ, ਜਲੰਧਰ ਦੇ ਏਡੀਸੀਪੀ ਆਕਰਸ਼ੀ ਜੈਨ ਨੇ ਕਿਹਾ ਕਿ ਜਲੰਧਰ ਦੇ ਪੰਜ ਤੋਂ ਛੇ ਸਕੂਲਾਂ ਨੂੰ ਧਮਕੀ ਭਰੇ ਈਮੇਲ ਮਿਲੇ ਹਨ, ਅਤੇ ਪੁਲਿਸ ਸਾਰੇ ਸਕੂਲਾਂ ਦੀ ਜਾਂਚ ਕਰ ਰਹੀ ਹੈ। ਹੁਣ ਤੱਕ ਕੁਝ ਵੀ ਸ਼ੱਕੀ ਨਹੀਂ ਮਿਲਿਆ ਹੈ। ਪੰਜਾਬ ਦੇ ਮੁੱਖ ਮੰਤਰੀ ਭਗਵੰਤ ਮਾਨ ਵੀ ਅੱਜ ਜਲੰਧਰ ਵਿੱਚ ਹਨ, ਜਿਸ ਕਾਰਨ ਇੱਥੇ ਸੁਰੱਖਿਆ ਸਖ਼ਤ ਹੈ। ਇਸ ਦੇ ਬਾਵਜੂਦ, ਸਕੂਲ ਨੂੰ ਬੰਬ ਨਾਲ ਉਡਾਉਣ ਦੀ ਧਮਕੀ ਵਾਲਾ ਈਮੇਲ ਮਿਲਿਆ ਹੈ। ਇਹ ਗੱਲ ਧਿਆਨ ਦੇਣ ਯੋਗ ਹੈ ਕਿ ਮੰਗਲਵਾਰ ਨੂੰ ਬੀਐਸਐਫ ਚੌਕ ਅਤੇ ਅੰਮ੍ਰਿਤਸਰ ਆਰਮੀ ਏਰੀਆ ਦੇ ਬਾਹਰ ਸਕੂਟਰ 'ਤੇ ਧਮਾਕਾ ਹੋਇਆ ਸੀ। ਪੰਜਾਬ ਨੂੰ ਵੀ ਲਗਾਤਾਰ ਬੰਬ ਨਾਲ ਉਡਾਉਣ ਦੀਆਂ ਧਮਕੀਆਂ ਮਿਲ ਰਹੀਆਂ ਹਨ। ਪਰਿਵਾਰਕ ਮੈਂਬਰਾਂ ਦਾ ਕਹਿਣਾ ਹੈ ਕਿ ਉਨ੍ਹਾਂ ਨੂੰ ਸਕੂਲ ਤੋਂ ਇੱਕ ਫੋਨ ਆਇਆ ਜਿਸ ਵਿੱਚ ਉਨ੍ਹਾਂ ਨੂੰ ਦੱਸਿਆ ਗਿਆ ਕਿ ਸੁਰੱਖਿਆ ਕਾਰਨਾਂ ਕਰਕੇ ਸਕੂਲ ਬੰਦ ਹੈ। ਪੁਲਿਸ ਸਕੂਲ ਪਹੁੰਚ ਗਈ ਹੈ। ਇੱਕ ਹੋਰ ਪਰਿਵਾਰਕ ਮੈਂਬਰ ਨੇ ਕਿਹਾ ਕਿ ਸੁਰੱਖਿਆ ਕਾਰਨਾਂ ਦਾ ਹਵਾਲਾ ਦਿੰਦੇ ਹੋਏ ਸਕੂਲ ਸਵੇਰੇ 9 ਵਜੇ ਬੰਦ ਕਰ ਦਿੱਤਾ ਗਿਆ ਸੀ। ਉਨ੍ਹਾਂ ਨੂੰ ਸਕੂਲ ਤੋਂ ਇੱਕ ਸੁਨੇਹਾ ਮਿਲਿਆ ਜਿਸ ਵਿੱਚ ਮਾਪਿਆਂ ਨੂੰ ਆਪਣੇ ਬੱਚਿਆਂ ਨੂੰ ਸਵੇਰੇ 10 ਵਜੇ ਘਰ ਲੈ ਜਾਣ ਲਈ ਕਿਹਾ ਗਿਆ ਸੀ। ਪਰਿਵਾਰ ਸਕੂਲ ਦੇ ਬਰਖਾਸਤਗੀ ਦੇ ਸੁਨੇਹੇ ਤੋਂ ਚਿੰਤਤ ਹੈ।

## ਭਾਈ ਅੰਮ੍ਰਿਤਪਾਲ ਸਿੰਘ ਖ਼ਾਲਸਾ ਦੀ ਮਾਤਾ ਨੇ ਘੇਰਿਆ ਮੁੱਖ ਮੰਤਰੀ ਭਗਵੰਤ ਮਾਨ, ਸਵਾਲ : ਐਨ ਐਸ ਏ ਟੁੱਟਣ ਮਗਰੋਂ ਵੀ ਪੰਜਾਬ ਕਿਉਂ ਨਹੀਂ ਲਿਆਉਂਦੇ

### ਮੁੱਖ ਮੰਤਰੀ ਭਗਵੰਤ ਮਾਨ ਭੱਜੇ ਸਵਾਲਾਂ ਤੋਂ, ਪਤਾ ਲਗਦਿਆਂ ਹੀ ਹੱਥ ਛੁਡਾਕੇ ਹੋਏ ਪਿੱਛੇ

**ਨਵੀਂ ਦਿੱਲੀ/ਅੰਮ੍ਰਿਤਸਰ 7 ਮਈ (ਆਵਾਜ਼ਿ ਕੌਮ ਬਿਊਰੋ)**-ਅੱਜ ਫੇਰੂਮਾਨ ਚੌਂਕ ਰਈਆ (ਜ਼ਿਲ੍ਹਾ ਅੰਮ੍ਰਿਤਸਰ) ਵਿਖੇ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੀ ਕਥਿਤ "ਸ਼ੁਕਰਾਨਾਂ ਯਾਤਰਾ" ਉਸ ਵੇਲੇ ਲੋਕਾਂ ਦੇ ਗੁੱਸੇ ਅਤੇ ਸਵਾਲਾਂ ਦੇ ਘੇਰੇ ਵਿੱਚ ਆ ਗਈ, ਜਦੋਂ ਖਡੂਰ ਸਾਹਿਬ ਤੋਂ ਮੈਂਬਰ ਪਾਰਲੀਮੈਂਟ ਭਾਈ ਅੰਮ੍ਰਿਤਪਾਲ ਸਿੰਘ ਖ਼ਾਲਸਾ ਜੀ ਦੇ ਸਤਿਕਾਰਯੋਗ ਮਾਤਾ ਬੀਬੀ ਬਲਵਿੰਦਰ ਕੌਰ ਜੀ ਨੇ ਭਗਵੰਤ ਮਾਨ ਦਾ ਹੱਥ ਫੜਕੇ ਪੰਜਾਬ ਦੀਆਂ ਮਾਵਾਂ ਦੇ ਦਰਦ ਭਰੇ ਸਵਾਲ ਉਸਦੇ ਸਾਹਮਣੇਂ ਰੱਖ ਦਿੱਤੇ। ਮਾਤਾ ਬਲਵਿੰਦਰ ਕੌਰ ਜੀ ਨੇ ਭਾਵੁਕ ਪਰ ਡਟਵੇਂ ਲਹਿਜ਼ੇ ਵਿੱਚ ਪੁੱਛਿਆ ਕਿ, "ਭਗਵੰਤ ਮਾਨ, ਤੂੰ ਵੀ ਇਕ ਮਾਂ ਦਾ ਪੁੱਤ ਹੈਂ ਫਿਰ ਦੱਸ, ਐਨ.ਐਸ.ਏ ਟੁੱਟ ਜਾਣ ਤੋਂ ਬਾਅਦ ਵੀ ਅੰਮ੍ਰਿਤਪਾਲ ਸਿੰਘ ਨੂੰ ਪੰਜਾਬ ਕਿਉਂ ਨਹੀਂ ਲਿਆਂਦਾ ਜਾ ਰਿਹਾ।" ਪੰਜਾਬ ਦੇ ਚੁਣੇ ਹੋਏ ਐਮ.ਪੀ ਨੂੰ ਆਪਣੇ ਹੀ ਸੂਬੇ ਤੋਂ ਦੂਰ ਕਿਉਂ ਰੱਖਿਆ ਗਿਆ ਹੈ। ਜਿਵੇਂ ਹੀ ਭਗਵੰਤ ਮਾਨ ਨੂੰ ਇਹ ਅਹਿਸਾਸ ਹੋਇਆ ਕਿ ਸਵਾਲ ਪੁੱਛਣ ਵਾਲੀ ਕੋਈ ਆਮ ਔਰਤ ਨਹੀਂ, ਸਗੋਂ ਭਾਈ ਅੰਮ੍ਰਿਤਪਾਲ ਸਿੰਘ ਖ਼ਾਲਸਾ ਜੀ ਦੀ ਮਾਤਾ ਹਨ, ਉਹ ਤੁਰੰਤ ਹੱਥ ਛੁਡਾ ਕੇ ਪਿੱਛੇ ਹੋ ਗਿਆ ਅਤੇ ਕੋਈ ਵੀ ਜਵਾਬ ਦੇਣ ਦੀ ਹਿੰਮਤ ਨਾ ਕਰ ਸਕਿਆ। ਇਹ ਦ੍ਰਿਸ਼ ਸਾਫ ਕਰਦਾ ਹੈ ਕਿ ਪੰਜਾਬ ਸਰਕਾਰ ਕੋਲ ਲੋਕਾਂ ਦੇ ਸਵਾਲਾਂ ਦਾ ਕੋਈ ਜਵਾਬ ਨਹੀਂ ਅਤੇ ਨਾ ਹੀ ਪੰਜਾਬ ਦੇ ਹੱਕਾਂ ਲਈ ਕੋਈ ਨੀਤੀ। ਇਸ ਮੌਕੇ ਮਾਤਾ ਬਲਵਿੰਦਰ ਕੌਰ ਅਤੇ ਮੌਜੂਦ ਲੋਕਾਂ ਵੱਲੋਂ ਭਗਵੰਤ ਮਾਨ ਸਰਕਾਰ ਖ਼ਿਲਾਫ਼ ਜੋਰਦਾਰ ਨਾਅਰੇਬਾਜ਼ੀ ਕੀਤੀ ਗਈ ਅਤੇ "ਭਗਵੰਤ ਮਾਨ ਮੁਰਦਾਬਾਦ" ਦੇ ਨਾਅਰੇ ਗੂੰਜੇ। ਅੱਜ ਦਾ ਇਹ ਘਟਨਾ-ਚੱਕਰ ਇੱਕ ਵਾਰ ਫਿਰ ਸਾਬਤ ਕਰਦਾ ਹੈ ਕਿ ਪੰਜਾਬ ਦੀ ਸਰਕਾਰ ਦਿੱਲੀ ਦੇ ਇਸ਼ਾਰਿਆਂ 'ਤੇ ਚੱਲ ਰਹੀ ਹੈ ਅਤੇ ਪੰਜਾਬ ਦੇ ਨੌਜਵਾਨਾਂ, ਸਿੱਖ ਕੌਮ ਅਤੇ ਲੋਕਤੰਤਰ ਦੀ ਆਵਾਜ਼ ਨੂੰ ਦਬਾਉਣ ਦੀ ਕੋਸ਼ਿਸ਼ ਕੀਤੀ ਜਾ ਰਹੀ ਹੈ। ਪਰ ਪੰਜਾਬ ਦੀਆਂ ਮਾਵਾਂ ਹੁਣ ਚੁੱਪ ਨਹੀਂ ਬੈਠਣਗੀਆਂ। ਹਰ ਘਰ ਵਿੱਚੋਂ ਅੰਮ੍ਰਿਤਪਾਲ ਸਿੰਘ ਦੀ ਰਿਹਾਈ ਅਤੇ ਪੰਜਾਬ ਦੇ ਹੱਕਾਂ ਲਈ ਆਵਾਜ਼ ਉੱਠ ਰਹੀ ਹੈ। ਲੋਕ ਪੁੱਛ ਰਹੇ ਹਨ ਕਿ ਜੇ ਐਨ.ਐਸ.ਏ ਹੀ ਨਹੀਂ ਰਿਹਾ, ਫਿਰ ਡਰ ਕਿਸ ਗੱਲ ਦਾ ? ਜੇ ਭਗਵੰਤ ਮਾਨ ਸੱਚਮੁੱਚ ਪੰਜਾਬ ਦਾ ਮੁੱਖ ਮੰਤਰੀ ਹੈ, ਤਾਂ ਪੰਜਾਬ ਦੇ ਚੁਣੇ ਹੋਏ ਸੰਸਦ ਮੈਂਬਰ ਨੂੰ ਪੰਜਾਬ ਕਿਉਂ ਨਹੀਂ ਲਿਆਂਦਾ ਜਾ ਰਿਹਾ ?



# ਜੱਥਾ ਠੀਕਰੀਵਾਲਾ ਵੱਲੋਂ ਭਾਈ ਜਗਰੂਪ ਸਿੰਘ ਪੰਜਵੜ ਨਮਿਤ ਸ੍ਰੀ ਅਕਾਲ ਤਖਤ ਸਾਹਿਬ ਤੇ ਅਰਦਾਸ ਕਰਵਾਈ ਗਈ

ਕੌਮੀ ਅਜਾਦੀ ਦੇ ਪ੍ਰਵਾਨਿਆ ਦੇ ਨਾਲ ਖੜਨਾ, ਸੰਘਰਸ਼ ਹਿੱਤ ਜੇਲ ਜਾਣ ਵਾਲੇ ਸਿੰਘਾਂ ਅਤੇ ਸੰਘਰਸ਼ੀ ਪਰਿਵਾਰਾਂ ਨਾਲ ਖੜਨਾ ਸੱਭ ਤੋਂ ਜਰੂਰੀ ਕਾਰਜ ਹੈ ਅੱਜ ਸ੍ਰੀ ਅਕਾਲ ਤਖਤ ਸਾਹਿਬ ਉਪਰ ਅਰਦਾਸਈਏ ਸਿੰਘ ਨੇ ਭਾਈ ਸਾਬ ਦੀ ਸ਼ਹਾਦਤ ਨਮਿਤ ਅਰਦਾਸ ਬੇਨਤੀ ਕੀਤੀ ਗਈ ਸੱਚਖੰਡ ਸ੍ਰੀ ਦਰਬਾਰ ਸਾਹਿਬ ਵਿਖ਼ੇ ਭਾਈ ਜੂਪਾ ਨਮਿਤ ਕੜਾਹ ਪ੍ਰਸਾਦ ਦੀ ਦੇਗ ਕਰਵਾਈ ਗਈ ਢਾਡੀ ਜੱਥੇ ਨੇ ਸ੍ਰੀ ਅਕਾਲ ਤਖਤ ਸਾਹਿਬ ਦੀ ਫ਼ਸੀਲ ਤੋਂ ਭਾਈ ਜਗਰੂਪ ਸਿੰਘ ਜੂਪਾ ਪੰਜਵੜ ਦੀ ਸ਼ਹਾਦਤ ਨੂੰ ਨਮਨ ਕੀਤਾਇਹਨਾਂ ਸ਼ਬਦਾਂ ਦਾ ਪ੍ਰਗਟਾਵਾ ਜੱਥਾ ਠੀਕਰੀਵਾਲਾ ਦੇ ਮੁਖ ਸੇਵਾਦਾਰ ਭਾਈ ਸੁਰਿੰਦਰ ਸਿੰਘ ਠੀਕਰੀਵਾਲਾ ਯੂ ਐਸ ਏ ਨੇ ਕੀਤਾ  ਭਾਈ ਠੀਕਰੀਵਾਲਾ ਨੇ ਕਿਹਾ "ਪਿਛਲੇ ਦਿਨੀ ਕੌਮੀ ਸੰਘਰਸ਼ ਵਿੱਚ ਸ਼ਹੀਦ ਹੋਏ ਭਾਈ ਜਗਰੂਪ ਸਿੰਘ ਜੂਪਾ ਪੰਜਵੜ ਕੌਮੀ ਆਜ਼ਾਦੀ ਦੇ ਸ਼ਹੀਦ ਹਨ ਭਾਈ ਸਾਬ ਜੀ ਕੌਮੀ ਕਾਰਜ ਕਰਦਿਆਂ ਆਪਣੀ ਜਿੰਦ ਕੌਮ ਤੇ ਵਾਰ ਗਏ ਆਪ ਜੀ ਨੇ ਪਰਿਵਾਰ ਨਾਲੋਂ ਪੰਥ ਪ੍ਰਥਮ ਦੇ ਸਿਧਾਂਤ ਤੇ ਪਹਿਰਾ ਦਿੱਤਾ  ਓਹਨਾ ਕਿਹਾ ਭਾਈ ਪੰਜਵੜ ਦਾ ਪਰਿਵਾਰ ਕੌਮੀ ਪਰਿਵਾਰ ਹੈ ਅਸੀਂ ਹਮੇਸ਼ਾ ਓਹਨਾ ਦੇ ਪਰਿਵਾਰ ਨਾਲ ਖੜੇ ਹਾਂ ਭਾਈ ਸਾਬ ਦੇ ਨਾਲਦੇ ਸਿੰਘਾਂ ਦੀ ਪੈਰਵਾਈ ਵੀ ਕੌਮੀ ਵਕੀਲ ਸਾਹਿਬਾਨ ਨਿਸ਼ਕਾਮ ਲੜਨਗੇ ਸਮੁਚਾ ਪੰਥ ਇਹਨਾਂ ਪਰਿਵਾਰਾਂ ਨਾਲ ਖੜਾ ਹੈ , ਇੱਕ ਦੋ ਦਿਨਾਂ ਵਿੱਚ ਭਾਈ ਪੰਜਵੜ ਦਾ ਅੰਤਿਮ ਸਸਕਾਰ ਕਰ ਦਿੱਤਾ ਜਾਵੇਗਾ ਅਤੇ ਫਿਰ ਓਹਨਾ ਦਾ ਸ਼ਹੀਦੀ ਸਮਾਗਮ ਅਤੇ ਅੰਤਿਮ ਅਰਦਾਸ ਚੜ੍ਹਦੀਕਲਾ ਨਾਲ ਸਮੁੱਚੇ ਪੰਥ ਵੱਲੋ ਕੀਤਾ ਜਾਵੇਗਾ ,ਇਸ ਮੌਕੇ ਓਹਨਾ ਨਾਲ ਅੰਮ੍ਰਿਤ ਸਿੰਘ ,ਰਾਜਵੀਰ ਸਿੰਘ ,ਹਰਪ੍ਰੀਤ ਸਿੰਘ ,ਰਸਪਾਲ ਸਿੰਘ ਗੁਰਵਿੰਦਰ ਸਿੰਘ ਹੁੰਦਲ ਆਦਿਕ ਸਿੰਘ ਵੀ ਹਾਜ਼ਿਰ ਸਨ




ਭਾਈ ਜਗਰੂਪ ਸਿੰਘ



--✶ ਜਾਰੀ ਕਰਤਾ ✶--

## ਜੱਥੇਦਾਰ ਸੁਰਿੰਦਰ ਸਿੰਘ ਠੀਕਰੀਵਾਲ

## ਮੁਖ ਸੇਵਾਦਾਰ ਜੱਥਾ ਠੀਕਰੀਵਾਲ

# ਕੋਟਿਨ-ਕੋਟਿ ਨਮਨ





ਕੌਮੀ ਘਰ ਖਾਲਿਸਤਾਨ ਦੀ ਭਾਰਤੀ ਨਿਜ਼ਾਮ ਵਿਰੁੱਧ ਚੱਲ ਰਹੀ ਜੰਗ ਦੇ ਤਹਿਤ ਸ਼ਹਾਦਤ ਦੇਣ ਵਾਲੇ ਯੋਧੇ ਅਮਰ ਸ਼ਹੀਦ ਭਾਈ ਜਗਰੂਪ ਸਿੰਘ ਜੂਪਾ ਪੰਜਵੜ ਦੀ ਸ਼ਹਾਦਤ ਨੂੰ ਅਸੀਂ ਸਮੁੱਚੇ ਖਾਲਸਾ ਪੰਥ ਕੋਟਾਨ ਕੋਟ ਨਮਨ ਕਰਦੇ ਹਾਂ।





ਸ਼ਹੀਦ ਭਾਈ ਜਗਰੂਪ ਸਿੰਘ

--✶ ਜਾਰੀ ਕਰਤਾ ✶--

## ਜੱਥੇਦਾਰ ਸੁਰਿੰਦਰ ਸਿੰਘ ਠੀਕਰੀਵਾਲ

## ਮੁਖ ਸੇਵਾਦਾਰ ਜੱਥਾ ਠੀਕਰੀਵਾਲ

+13173657120


Vehicle360
Professional Car Repairs & Servicing
West Bromwich
CAR SERVICES – ALL MAKES & MODELS
FREE VEHICLE HEALTH CHECK
Full & Interim Servicing
Diagnostics & Fault Finding
Clutches & Gearboxes
Timing Chains & Cambelts
DPF & Engine Repairs
Brakes, Suspension & Exhausts
Experienced mechanics
(7–10 years)
Honest advice & fair pricing
Quality / OEM parts used
CALL NOW: 0121 269 9586
12 Ridgacre Rd, West Bromwich, B71 1DB
Your local trusted garage
ਆਵਾਜ਼ਿ ਕੌਮ
AWAZE QAUM
International Newspaper & WEB TV

ਘੜੀਐ ਸਬਦੁ ਸਚੀ ਟਕਸਾਲ ॥

ਵਾਹਿਗੁਰੂ ਜੀ ਕਾ ਖਾਲਸਾ। ਵਾਹਿਗੁਰੂ ਜੀ ਕੀ ਫਤਿਹ॥

# ਗੁਰਦੁਆਰਾ ਸਾਹਿਬ ਸ਼ਹੀਦ ਬਾਬਾ ਦੀਪ ਸਿੰਘ ਜੀ ਕਾਜਲਮਰਾਨੋ ਕਰਮੋਨਾ ਇਟਲੀ ਵਿਖੇ

## Gurdwara Sahib Shaeed Baba Deep Singh ji Casalmorano Cremona (Italy)

# ਮਹਾਨ ਗੁਰਮਤਿ ਸਮਾਗਮ

☛ ਸ਼ਹੀਦੀ ਦਿਵਸ : ਛੋਟਾ ਘੱਲੂਘਾਰਾ ਕਾਹਨੂੰਵਾਨ ☛ ਫ਼ਤਹਿ ਦਿਵਸ : ਫ਼ਤਹਿ ਦਿਵਸ ਕੌਮੀ ਜਰਨੈਲ ਬਾਬਾ ਬੰਦਾ ਸਿੰਘ ਜੀ ਬਹਾਦਰ ਸਰਹੰਦ ਫ਼ਤਹਿ ਦਿਵਸ ਨੂੰ ਸਮਰਪਿਤ ਗੁਰਮਿਤ ਸਮਾਗਮ ਕਰਵਾਏ ਜਾ ਰਹੇ ਹਨ।






ਸ਼ੁੱਕਰਵਾਰ 15 ਮਈ ਸੰਗਰਾਂਦ ਦਾ ਪਵਿੱਤਰ ਦਿਹਾੜੇ ਨੂੰ ਸਮਰਪਿਤ ਸ਼ਾਮ 5 ਤੋ 8 ਵਜੇ ਤੱਕ ਦੀਵਾਨ ਸਜਣਗੇ।

• ਸ਼ਨਿੱਚਰਵਾਰ 16 ਮਈ ਸ਼ਾਮ 5 ਤੋਂ 8 ਵਜੇ ਤੱਕ ਦੀਵਾਨ ਸੱਜਣਗੇ। • ਐਤਵਾਰ 17 ਮਈ 2026 ਨੂੰ 6:30 ਵਜੇ ਸਵੇਰੇ ਚੌਪੈਹਿਰੇ ਸਾਹਿਬ ਦੇ ਪਾਠਾਂ ਦੀ ਆਰੰਭਤਾ ਹੋਵੇਗੀ ਸਮੇਤ ਸੁਖਮਨੀ ਸਾਹਿਬ ਦੇ 9:30 ਵਜੇ ਭੋਗ ਪੈਣ ਉਪਰੰਤ 1:00 ਵਜੇ ਤੱਕ ਦੀਵਾਨ ਸਜਣਗੇ।

ਢਾਡੀ ਜਥਾ ਗਿਆਨੀ ਗੁਰਪ੍ਰੀਤ ਸਿੰਘ ਲਾਂਡਰਾਂ ਵਾਲੇ 15/16/17 ਮਈ ਨੂੰ ਢਾਡੀ ਵਾਰਾਂ ਰਾਹੀਂ ਸਿੱਖ ਇਤਿਹਾਸ ਨਾਲ ਸੰਗਤਾਂ ਨੂੰ ਜੋੜਨਾ ਕਰਨਗੇ।

ਪ੍ਰਬੰਧਕ ਸੇਵਾਦਾਰਾਂ ਅਤੇ ਇੰਟਰਨੈਸ਼ਨਲ ਪੰਥਕ ਦਲ ਦੇ ਸਿੰਘਾਂ ਅਤੇ ਇਲਾਕਾ ਨਿਵਾਸੀ ਸਮੂੰਹ ਸਾਧ ਸੰਗਤਾਂ ਵੱਲੋਂ ਸੇਵਾ ਨਿਭਾਈ ਜਾਂਦੀ ਹੈ।

ਗੁਰੂ ਕਾ ਲੰਗਰ ਅਤੁੱਟ ਵਰਤੇਗਾ

ਜ਼ਰੂਰੀ ਬੇਨਤੀ : ਗੱਤਕੇ ਦੀ ਸਿਖਲਾਈ ਹਰ ਐਤਵਾਰ 11:00 ਤੋਂ 1 : 00 ਵਜੇ ਤੱਕ ਦਿੱਤੀ ਜਾਂਦੀ ਹੈ।

★ ਗੁਰੂ ਪੰਥ ਦੇ ਦਾਸਰੇ ★

**ਸਾਧ ਸੰਗਤ, ਪ੍ਰਬੰਧਕ ਕਮੇਟੀ**
**ਗੁਰਦੁਆਰਾ ਸਾਹਿਬ ਸ਼ਹੀਦ ਬਾਬਾ ਦੀਪ ਸਿੰਘ ਜੀ ਕਾਜਲਮਰਾਨੋ ਕਰਮੋਨਾ ਇਟਲੀ**
ਵਧੇਰੇ ਜਾਣਕਾਰੀ ਲਈ ਸੰਪਰਕ ਕਰੋ:-
ਭਾਈ ਪ੍ਰਗਟ ਸਿੰਘ (ਪ੍ਰਧਾਨ) 00393208124778
ਭਾਈ ਬਲਰਾਮ ਸਿੰਘ +393885751594
ਭਾਈ ਪ੍ਰਭਜੀਤ ਸਿੰਘ ਆਜਾਨੇਲੋ +393881079260

ਸ਼ੇਅਰ ਜ਼ਰੂਰ ਕਰੋ ਜੀ। ☛ਸਿੱਖ ਸੰਗਤਾਂ ਦੇ ਚਰਨਾਂ 'ਚ ਬੇਨਤੀ ਹੈ ਕਿ ਹੁੰਮ-ਹੁੰਮਾ ਕੇ ਪੁੱਜਣ ਦੀ ਕ੍ਰਿਪਾਲਤਾ ਕਰਨੀ ਜੀ।

**Gurdwara Sahib Shaeed Baba Deep Singh ji Damdami Taksaal**
Via Giacomo Matteotti 3Cap
26020Casalmorano Cremona (IT)
E-mail : gur.damdamitaksaalitaly@gmail.com
Call+393475711755 / 3208124778


ਸੰਤ ਭਿੰਡਰਾਂਵਾਲਿਆਂ ਦਾ
ਜਨਮ ਦਿਨ ਸਮਾਗਮ
2 ਜੂਨ ਨੂੰ
ਪਿੰਡ ਰੋਡੇ
ਪਹੁੰਚੋ
ਸਮਾਗਮ ਦਾ ਸਮਾ
ਸਵੇਰੇ 10 ਤੋਂ
3 ਵਜੇ
ਤੱਕ
ਆਵਾਜ਼ਿ ਕੌਮ
AWAZE QAUM
International Newspaper & WEB TV
ਵੱਲੋਂ :- ਸਿੰਘ ਸਾਹਿਬ ਗਿਆਨੀ ਜਸਵੀਰ ਸਿੰਘ ਜੀ ਖਾਲਸਾ
ਸਾਬਕਾ ਜਥੇਦਾਰ ਸ੍ਰੀ ਅਕਾਲ ਤਖਤ ਸਾਹਿਬ, (98140-13915)


ਸਿੱਖ ਵਿਦਿਆਰਥੀਆਂ ਦੇ
ਦਿਲਾਂ ਦੀ ਧੜਕਣ,
ਰੌਸ਼ਨ ਦਿਮਾਗ
ਸ਼ਹੀਦ ਭਾਈ
ਹਰਮਿੰਦਰ ਸਿੰਘ ਸੰਧੂ
ਦਾ ਜੀਵਨ ਅਤੇ ਪੰਥਕ ਸੰਘਰਸ਼
ਵਿੱਚ ਯੋਗਦਾਨ
ਸ਼੍ਰੋਮਣੀ ਅਕਾਲੀ ਦਲ (ਅੰਮ੍ਰਿਤਸਰ)
ਸਿੱਖ ਵਿਦਵਾਨਾਂ ਅਤੇ ਸਰਗਰਮ
ਚਿੰਤਕਾਂ ਨਾਲ
ਸੈਮੀਨਾਰ ਅਤੇ ਖੁੱਲ੍ਹੀ ਚਰਚਾ
ਸ਼ਨੀਵਾਰ ,9 ਮਈ 2026
ਸਮਾਂ 11 ਵਜੇ ਤੋਂ 2 ਵਜੇ ਤੱਕ
ਗੁਰਦੁਆਰਾ 13 ਸਿੰਘ ਸ਼ਹੀਦ, ਬੀ-ਬਲਾਕ,
ਰੇਲਵੇ ਕਲੋਨੀ, ਸ੍ਰੀ ਅੰਮ੍ਰਿਤਸਰ ਸਾਹਿਬ
ਆਵਾਜ਼ਿ ਕੌਮ
AWAZE QAUM
International Newspaper & WEB TV
ਭਾਈ ਹਰਮਿੰਦਰ ਸਿੰਘ ਸੰਧੂ ਦਾ ਵਿਰੋਧ ਕਰਨ ਵਾਲ਼ੇ ਵੀਰਾਂ ਨੂੰ ਵੀ ਅਪੀਲ ਹੈ ਕਿ ਉਹ
ਵੀ ਹਾਜ਼ਰੀ ਭਰਨ ਅਤੇ ਆਪਣੇ ਵਿਚਾਰਾਂ ਦੇ ਹੱਕ ਵਿੱਚ ਸਬੂਤ ਸੰਗਤ ਦੇ ਸਾਮ੍ਹਣੇ ਰੱਖਣ
ਉਡੀਕਵਾਨ :
ਸ. ਸਿਮਰਨਜੀਤ ਸਿੰਘ ਮਾਨ
ਪ੍ਰਧਾਨ ਸ਼੍ਰੋਮਣੀ ਅਕਾਲੀ ਦਲ (ਅੰਮ੍ਰਿਤਸਰ )
ਇਮਾਨ ਸਿੰਘ ਮਾਨ
ਕਾਰਜਕਾਰੀ ਪ੍ਰਧਾਨ ਸ਼੍ਰੋਮਣੀ ਅਕਾਲੀ
ਦਲ (ਅੰਮ੍ਰਿਤਸਰ)
ਅਤੇ ਸਮੁੱਚੀ
ਪਾਰਟੀ

ਮਹਾਰਾਜਾ ਜੱਸਾ ਸਿੰਘ ਰਾਮਗੜ੍ਹੀਆ ਦੇ ਜਨਮ ਦਿਵਸ ਸਮਾਗਮ 'ਚ ਵੱਡੀ ਗਿਣਤੀ ਸੰਗਤਾਂ ਨੇ ਭਰੀ ਹਾਜ਼ਰੀ

# ਪ੍ਰਮੁੱਖ ਹਸਤੀਆਂ ਅਤੇ ਵਿਦਵਾਨਾਂ ਨੇ ਸੰਗਤਾਂ ਨੂੰ ਸਰਵਣ ਕਰਵਾਏ ਗੁਰਬਾਣੀ ਤੇ ਗੁਰਇਤਿਹਾਸ









**ਜਲੰਧਰ, 7 ਜੂਨ (ਆਵਾਜ਼ਿ ਕੌਮ ਬਿਊਰੋ)**-ਭਾਈ ਨੰਦ ਸਿੰਘ ਸੇਵਕ ਜਥੇ ਸ੍ਰੀ ਮਹਾਰਾਜਾ ਸ. ਜੱਸਾ ਸਿੰਘ ਰਾਮਗੜ੍ਹੀਆ ਜੀ ਦੇ ਜਨਮ ਦਿਹਾੜਾ ਬੜੇ ਹੀ ਨਿਮਰਤਾ ਅਤੇ ਸਤਿਕਾਰ ਸਹਿਤ ਮਨਾਇਆ ਗਿਆ। ਇਸ ਸਬੰਧੀ ਗੁਰਦੁਆਰਾ ਬਾਬਾ ਬੁੱਢਾ ਸਾਹਿਬ ਜੀ, ਰਾਮਗੜ੍ਹੀਆ ਸਕੂਲ, ਗੁਰਾਇਆਪੁਰ ਰੋਡ ਵਿਖੇ ਸ਼ਾਮ 7 ਤੋਂ ਰਾਤ 10 ਵਜੇ ਤੱਕ ਕਰਵਾਏ ਗਏ ਸਮਾਗਮ ਵਿਚ ਵੱਡੀ ਗਿਣਤੀ ਸੰਗਤਾਂ ਨੇ ਹਾਜ਼ਰੀ ਭਰੀ।

ਸਮਾਗਮ ਵਿਚ ਭਾਈ ਪੱਥੀ ਭੂਪਿੰਦਰ ਸਿੰਘ ਅਤੇ ਭਾਈ ਅਵਤਾਰ ਸਿੰਘ ਦੇ ਰਾਗੀ ਜਥਿਆਂ ਨੇ ਸੰਗਤਾਂ ਨੂੰ ਗੁਰਬਾਣੀ ਕੀਰਤਨ ਸਰਵਣ ਕਰਵਾਇਆ ਅਤੇ ਮਹਾਨ ਸਿੱਖ ਇਤਿਹਾਸਕਾਰ ਡਾ. ਸੁਖਦੀਪ ਸਿੰਘ ਦੁੱਗਲ ਅਤੇ ਉੱਘੇ ਵਿਦਵਾਨ ਅਤੇ ਇਤਿਹਾਸਕਾਰ ਗਿਆਨੀ ਭਗਵਾਨ ਸਿੰਘ ਜੌਹਲ ਨੇ ਗੁਰਇਤਿਹਾਸ ਨਾਲ ਜੋੜੀਆਂ ਪੰਥਕ ਗੱਲਾਂ ਤੇ ਵਿਚਾਰਾਂ ਨੂੰ ਪ੍ਰਵਚਨਾਂ ਨੇ ਗੁਰਬਾਣੀ ਦੇ ਬ੍ਰਹਿਮਿਕ ਸਿਧਾਂਤ ਅਤੇ ਲੋੜੀ ਦੇ ਲੋੜ ਮਨਵਾਦੀ ਕੀਤਾ।

ਆਵਾਜ਼ਿ ਕੌਮ
AWAZE QAUM
International Newspaper & WEB TV

ਉੱਘੇ ਸੇਵਾਦਾਰ-ਸਰਪ੍ਰਸਤ ਭਾਈ ਅਮਰਜੀਤ ਸਿੰਘ ਨਿਸ਼ਕਾਮਾ ਨੇ ਪ੍ਰਮੁੱਖ ਸੰਗਤਾਂ ਅਤੇ ਮਹਾਨਤ ਸ਼ਖਸੀਅਤਾਂ ਦਾ ਪਹੁੰਚਣ 'ਤੇ ਧੰਨਵਾਦ ਕਰਦਿਆਂ ਸਮੂਹ ਜਨਸਮੂਹ ਨੂੰ 18ਵੀਂ ਸਦੀ ਦੇ ਮਹਾਨ ਸਿੱਖ ਜਰਨੈਲ ਮਹਾਰਾਜਾ ਸ. ਜੱਸਾ ਸਿੰਘ ਰਾਮਗੜ੍ਹੀਆ ਜੀ ਦੇ ਜਨਮ ਦਿਹਾੜੇ ਦੀਆਂ ਵਧਾਈਆਂ ਦਿੱਤੀਆਂ। ਉਨ੍ਹਾਂ ਕਿਹਾ ਕਿ ਰਾਮਗੜ੍ਹੀਆ ਮਿਸਲ ਦੇ ਬਾਨੀ ਸ. ਜੱਸਾ ਸਿੰਘ ਜੀ ਨਿਮਰਤਾ ਤੇ ਬਹਾਦਰੀ ਦੇ ਪ੍ਰਤੀਕ ਸਨ ਅਤੇ ਉਨ੍ਹਾਂ ਦਾ ਪੰਥਕ ਯੋਗਦਾਨ ਬਹੁਤ ਵੱਡਾ ਹੈ, ਜਿਸ ਸਦਕਾ ਅੱਜ ਵੀ ਉਨ੍ਹਾਂ ਨੂੰ ਸਦਾ ਮਾਣ ਨਾਲ ਯਾਦ ਕਰਦਿਆਂ ਹੋਇਆ।

ਸਮਾਗਮ ਵਿਚ ਗੁਰਮੀਤ ਸਿੰਘ ਸਰਵਣਾ, ਹਰਨਾਮ ਸਿੰਘ ਸਰਵਣਾ, ਕੁਲਵਿੰਦਰ ਸਿੰਘ ਭੁੱਲਰ, ਅਮਰਜੀਤ ਸਿੰਘ ਮੰਗੀ, ਬਲਵਿੰਦਰ ਸਿੰਘ ਪਾਹੁਲ, ਕੇ.ਡੀ. ਭੰਡਾਰੀ, ਗੁਰਦੀਪ ਸਿੰਘ ਉੱਬਾ, ਕਰਨਜੀਤ ਸਿੰਘ ਪੋਤਾਨ, ਜਸਵਿੰਦਰ ਸਿੰਘ ਗੋਲਡੀ, ਅਮਰਜੀਤ ਸਿੰਘ ਭੱਟੀ, ਸੁਖਵਿੰਦਰ ਸਿੰਘ ਨਾਗੀ, ਗੁਰਪ੍ਰੀਤ ਸਿੰਘ ਲਾਡੀ, ਚਰਨਜੀਤ ਸਿੰਘ ਬਿੰਦ, ਜਸਵਿੰਦਰ ਸਿੰਘ ਕਾਕਾ, ਸਤਵਿੰਦਰ ਸਿੰਘ ਸੰਧੂ, ਗੁਰਦੀਪ ਸਿੰਘ ਕਾਲਸੀ, ਬਲਵਿੰਦਰ ਸਿੰਘ ਬਿੰਦੂ, ਹਰਦੀਪ ਸਿੰਘ ਢੋਟ, ਰਣਜੀਤ ਸਿੰਘ (ਅਸਿਸਟੈਂਟ ਕਮਿਸ਼ਨਰ), ਬਲਬੀਰ ਸਿੰਘ ਵਾਲੀ ਰੈਲਵੇ, ਅਮਰਜੀਤ ਸਿੰਘ ਸੈਣੀ, ਜਗਦੀਪ ਸਿੰਘ ਬੱਬੂ, ਇੰਦਰਜੀਤ ਸਿੰਘ ਵਿਰਕ, ਜਸਵੰਤ ਸਿੰਘ ਗਿੱਲ, ਅਵਤਾਰ ਸਿੰਘ ਸੰਧੂ, ਜਰਨੈਲ ਸਿੰਘ ਗੋਬਿੰਦ ਨਗਰ, ਅਮਰੀਕ ਸਿੰਘ ਗਾਖਲ, ਪਵਿੱਤਰ ਸਿੰਘ ਵਡਾਲਾ ਸਿੰਘ, ਹਰਿੰਦਰ ਸਿੰਘ ਚੀਮਾ, ਕਰਤਾਰ ਸਿੰਘ ਢੋਟਾ, ਜਸਵੀਰ ਸਿੰਘ ਚਾਵਲਾ, ਗੁਰਮੀਤ ਸਿੰਘ ਨਲਵਾ, ਹਰਿੰਦਰ ਸਿੰਘ ਸੈਣੀ, ਸਤਿੰਦਰ ਸਿੰਘ ਪੀਟਰ, ਸਰਬਜੀਤ ਸਿੰਘ ਪੇਂਟਰ, ਬਲਜੀਤ ਸਿੰਘ ਲਾਲਾ, ਅਵਤਾਰ ਸਿੰਘ ਡਿੱਗਰ, ਇੰਜੀਨੀਅਰ ਸੁਖਜਿੰਦਰ ਸਿੰਘ ਨੋਨੀ, ਅਮਰੀਕ ਸਿੰਘ ਬਿੱਟੂ, ਜਸਵਿੰਦਰ ਸਮਰਾ, ਹਰਮੀਤ ਸਿੰਘ ਵਿਰਦੀ, ਅਮਰੀਕ ਸਿੰਘ ਕਾਸ਼ ਨਗਰ, ਸਤਨਾਮ ਸਿੰਘ ਬੱਲ, ਰਣਜੀਤ ਸਿੰਘ ਛੋਕਾ, ਨਿਰਮਲ ਸਿੰਘ, ਗੁਰਦੇਵ ਸਿੰਘ ਚੰਦੀ, ਅਮਰਜੀਤ ਕੌਰ, ਗੁਰਮੀਲ ਸਿੰਘ ਬਾਗਾ, ਹਰਜੀਤ ਸਿੰਘ ਛਬੀਲਿਆ, ਲਾਲੀ ਭਗਤ, ਜਰਨੈਲ ਸਿੰਘ ਨੂਰੀ ਆਦਿ ਹਾਜ਼ਰ ਸਨ।

# ਭਾਜਪਾ ਨੂੰ ਨਿਸ਼ਾਨਾ ਬਣਾਉਣਾ ਮਾਨ ਦੀ ਬੁਖਲਾਹਟ ਦਾ ਸਬੂਤ : ਪ੍ਰੋ. ਸਰਚਾਂਦ ਸਿੰਘ ਖਿਆਲਾ

## ਪੰਜਾਬ ਦੀ ਸੁਰੱਖਿਆ ਨਾਲ ਖਿਲਵਾੜ ਬੰਦ ਕਰਨ ਭਗਵੰਤ ਮਾਨ, ਨਹੀਂ ਤਾਂ ਅਹੁਦਾ ਛੱਡਣ ਤੇ ਕਿਸੇ ਚੰਗੇ ਡਾਕਟਰ ਤੋਂ ਦਿਮਾਗੀ ਇਲਾਜ ਕਰਵਾਉਣ

**ਅੰਮ੍ਰਿਤਸਰ, 7 ਮਈ (ਆਵਾਜ਼ਿ ਕੌਮ ਬਿਊਰੋ)**-ਪੰਜਾਬ ਭਾਜਪਾ ਦੇ ਬੁਲਾਰੇ ਪ੍ਰੋ. ਸਰਚਾਂਦ ਸਿੰਘ ਖਿਆਲਾ ਨੇ ਕਿਹਾ ਕਿ ਪੰਜਾਬ ਸਰਹੱਦੀ ਸੂਬਾ ਹੈ ਅਤੇ ਇਸ ਦੀ ਸੁਰੱਖਿਆ ਸਿੱਧੇ ਤੌਰ 'ਤੇ ਰਾਸ਼ਟਰੀ ਸੁਰੱਖਿਆ ਨਾਲ ਜੁੜੀ ਹੋਈ ਹੈ। ਆਤੰਕੀ ਸਾਜ਼ਿਸ਼ਾਂ ਨਾਲ ਸੰਬੰਧਿਤ ਮਾਮਲਿਆਂ 'ਤੇ ਬਿਆਨਬਾਜ਼ੀ ਪੂਰੀ ਜ਼ਿੰਮੇਵਾਰੀ ਨਾਲ ਹੋਣੀ ਚਾਹੀਦੀ ਹੈ। ਪਰ ਹੈਰਾਨੀ ਦੀ ਗੱਲ ਹੈ ਕਿ ਮੁੱਖ ਮੰਤਰੀ ਭਗਵੰਤ ਮਾਨ ਗ਼ਲਤੀ ਦਾ ਅਹਿਸਾਸ ਕਰਨ ਦੀ ਥਾਂ ਲਗਾਤਾਰ ਦੂਜੇ ਦਿਨ ਵੀ



### ਵਿਚਾਰ ਆਪੋ-ਆਪਣਾ

ਜਲੰਧਰ ਅਤੇ ਅੰਮ੍ਰਿਤਸਰ ਵਿੱਚ ਹੋਏ ਧਮਾਕਿਆਂ ਪਿੱਛੇ ਭਾਜਪਾ ਦੀ ਚੋਣ ਰਣਨੀਤੀ ਹੋਣ ਦਾ ਬੇਬੁਨਿਆਦ ਦੋਸ਼ ਲਾ ਰਹੇ ਹਨ। ਉਨ੍ਹਾਂ ਮੁੱਖ ਮੰਤਰੀ ਮਾਨ ਨੂੰ ਕਿਸੇ ਚੰਗੇ ਡਾਕਟਰ ਤੋਂ ਦਿਮਾਗ਼ੀ ਇਲਾਜ ਕਰਵਾਉਣ ਦੀ ਸਲਾਹ ਦਿੱਤੀ।

ਉਨ੍ਹਾਂ ਮੁੱਖ ਮੰਤਰੀ ਭਗਵੰਤ ਮਾਨ ਵੱਲੋਂ ਭਾਜਪਾ ਖ਼ਿਲਾਫ਼ ਕੀਤੀ ਜਾ ਰਹੀ ਗ਼ਲਤ ਬਿਆਨਬਾਜ਼ੀ ਦਾ ਸਖ਼ਤ ਨੋਟਿਸ ਲੈਂਦਿਆਂ ਪਲਟਵਾਰ ਕੀਤਾ ਅਤੇ ਕਿਹਾ ਕਿ ਪੱਛਮੀ ਬੰਗਾਲ ਵਿੱਚ ਭਾਜਪਾ ਦੀ ਵੱਡੀ ਜਿੱਤ ਅਤੇ ਆਮ ਆਦਮੀ ਪਾਰਟੀ ਦੇ ਸੱਤ ਸੰਸਦ ਮੈਂਬਰਾਂ ਵੱਲੋਂ ਪਾਰਟੀ ਛੱਡ ਕੇ ਭਾਜਪਾ ਵਿੱਚ ਸ਼ਾਮਲ ਹੋਣ ਕਾਰਨ ਭਗਵੰਤ ਮਾਨ ਬੁਖਲਾਹਟ ਵਿੱਚ ਹਨ ਅਤੇ ਉਨ੍ਹਾਂ ਨੂੰ ਆਪਣੀ ਕੁਰਸੀ ਜਾਂਦੀ ਨਜ਼ਰ ਆ ਰਹੀ ਹੈ। ਇਸੇ ਕਰਕੇ ਉਹ ਪੰਜਾਬ ਦੀ ਸੰਵੇਦਨਸ਼ੀਲ ਸੁਰੱਖਿਆ ਸਥਿਤੀ ਨੂੰ ਵੀ ਸਿਆਸੀ ਰੰਗਤ ਦੇਣ ਤੋਂ ਗੁਰੇਜ਼ ਨਹੀਂ ਕਰ ਰਹੇ।

ਪ੍ਰੋ. ਖਿਆਲਾ ਨੇ ਕਿਹਾ ਕਿ ਭਾਜਪਾ ਨੇ ਦੇਸ਼ ਦੀ ਏਕਤਾ ਅਤੇ ਅਖੰਡਤਾ ਨਾਲ ਕਦੇ ਵੀ ਸਮਝੌਤਾ ਨਹੀਂ ਕੀਤਾ ਅਤੇ ਸਾਨੂੰ ਕਿਸੇ ਤੋਂ ਦੇਸ਼-ਭਗਤੀ ਦਾ ਸਰਟੀਫਿਕੇਟ ਲੈਣ ਦੀ ਲੋੜ ਨਹੀਂ ਹੈ। ਉਨ੍ਹਾਂ ਕਿਹਾ ਕਿ ਜਦੋਂ ਵੀ ਪੰਜਾਬ ਦੀ ਕਾਨੂੰਨ-ਵਿਵਸਥਾ 'ਤੇ ਸਵਾਲ ਖੜ੍ਹੇ ਹੁੰਦੇ ਹਨ ਤਾਂ ਆਮ ਆਦਮੀ ਪਾਰਟੀ ਦੀ ਸਰਕਾਰ ਆਪਣੀ ਨਾਕਾਮੀ ਨੂੰ ਲੁਕਾਉਣ ਲਈ ਸਿਆਸੀ ਸਾਜ਼ਿਸ਼ਾਂ ਦਾ ਰਾਗ ਅਲਾਪਣ ਲੱਗ ਪੈਂਦੀ ਹੈ। ਜੇਕਰ ਮੁੱਖ ਮੰਤਰੀ ਕੋਲ ਭਾਜਪਾ ਆਗੂਆਂ ਖ਼ਿਲਾਫ਼ ਕੋਈ ਠੋਸ ਸਬੂਤ ਹਨ ਤਾਂ ਉਹਨਾਂ ਨੂੰ ਜਾਂਚ ਏਜੰਸੀਆਂ ਅਤੇ ਜਨਤਾ ਸਾਹਮਣੇ ਰੱਖਣ। ਜਿਸ 'ਤੇ ਵੀ ਸ਼ੱਕ ਹੈ, ਉਨ੍ਹਾਂ ਨੂੰ ਗ੍ਰਿਫ਼ਤਾਰ ਕਰਨ। ਕੇਵਲ ਰਾਜਨੀਤਿਕ ਵਿਰੋਧੀਆਂ 'ਤੇ ਝੂਠੇ ਦੋਸ਼ ਮੜ੍ਹ ਕੇ ਆਪਣੀ ਜ਼ਿੰਮੇਵਾਰੀ ਤੋਂ ਨਹੀਂ ਭੱਜਿਆ ਜਾ ਸਕਦਾ।

ਉਨ੍ਹਾਂ ਕਿਹਾ ਕਿ ਭਗਵੰਤ ਮਾਨ ਨੂੰ ਪੰਜਾਬ ਵਿੱਚ ਹਿੰਸਾ ਅਤੇ ਡਰ ਦਾ ਮਾਹੌਲ ਪੈਦਾ ਕਰਨ ਤੋਂ ਗੁਰੇਜ਼ ਕਰਨਾ ਚਾਹੀਦਾ ਹੈ। ਆਮ ਆਦਮੀ ਪਾਰਟੀ ਫ਼ਿਰਕੂ ਰਾਜਨੀਤੀ ਅਤੇ ਵੋਟਰਾਂ ਦੇ ਧ੍ਰੁਵੀਕਰਨ ਦੀ ਆੜ ਲੈ ਰਹੀ ਹੈ, ਜਦਕਿ ਮੁੱਖ ਮੰਤਰੀ ਨੂੰ ਆਪਣੀਆਂ ਨਾਕਾਮੀਆਂ ਦੀ ਜ਼ਿੰਮੇਵਾਰੀ ਲੈਂਦਿਆਂ ਅਹੁਦਾ ਛੱਡ ਦੇਣਾ ਚਾਹੀਦਾ ਹੈ।

ਉਨ੍ਹਾਂ ਕਿਹਾ ਕਿ ਕੀ ਮੁੱਖ ਮੰਤਰੀ ਨੂੰ ਇਹ ਨਹੀਂ ਪਤਾ ਕਿ ਡੀਜੀਪੀ ਗੌਰਵ ਯਾਦਵ ਖ਼ੁਦ ਇਨ੍ਹਾਂ ਧਮਾਕਿਆਂ ਪਿੱਛੇ ਆਈਐਸਆਈ ਅਤੇ ਉਸ ਦੀਆਂ ਸਮਰਥਕ ਤਾਕਤਾਂ ਦੀ ਭੂਮਿਕਾ ਅਤੇ "ਆਪ੍ਰੇਸ਼ਨ ਸਿੰਦੂਰ" ਦੀ ਵਰ੍ਹੇਗੰਢ ਮੌਕੇ ਖਲਲ ਪਾਉਣ ਦੀ ਸਾਜ਼ਿਸ਼ ਦੀ ਗੱਲ ਕਰ ਚੁੱਕੇ ਹਨ। ਖਾਲਿਸਤਾਨ ਲਿਬਰੇਸ਼ਨ ਆਰਮੀ ਵੱਲੋਂ ਵੀ ਪਹਿਲਾਂ ਹੀ ਇਸ ਦੀ ਜ਼ਿੰਮੇਵਾਰੀ ਲਈ ਜਾ ਚੁੱਕੀ ਹੈ।

ਉਨ੍ਹਾਂ ਕਿਹਾ ਕਿ ਇਕ ਤਰਫ਼ ਪਾਕਿਸਤਾਨ ਅਤੇ ਆਈਐਸਆਈ ਆਪਣੇ ਫ਼ੌਜੀ ਮੁਖੀ ਅਸੀਮ ਮੁਨੀਰ ਦੀ ਅਗਵਾਈ ਹੇਠ ਭਾਰਤ ਖ਼ਿਲਾਫ਼ ਇੱਕ ਪ੍ਰਾਕਸੀ ਜੰਗ ਚਲਾ ਰਹੇ ਹਨ। ਪਾਕਿਸਤਾਨ ਦੇ ਉਪ-ਪ੍ਰਧਾਨ ਮੰਤਰੀ ਇਸ਼ਾਕ ਡਾਰ ਅਤੇ ਪ੍ਰਧਾਨ ਮੰਤਰੀ ਸ਼ਹਬਾਜ਼ ਸ਼ਰੀਫ਼ ਦੇ ਸਲਾਹਕਾਰ ਰਾਣਾ ਸਨਾਉੱਲਾਹ ਭਾਰਤ ਵੱਲੋਂ ਦਰਿਆਈ ਪਾਣੀ ਦੇ ਪ੍ਰਵਾਹ ਨੂੰ ਰੋਕਣ ਦੀ ਸੂਰਤ ਵਿੱਚ ਭਾਰਤੀ ਡੈਮਾਂ ਨੂੰ ਵੀ ਨਿਸ਼ਾਨਾ ਬਣਾਉਣ ਦੀਆਂ ਧਮਕੀਆਂ ਦੇ ਰਹੇ ਹਨ। ਉੱਥੇ ਹੀ ਇਨ੍ਹਾਂ ਗੱਲਾਂ ਤੋਂ ਅਣਜਾਣ ਮੁੱਖ ਮੰਤਰੀ ਭਾਜਪਾ 'ਤੇ ਬੇਬੁਨਿਆਦ ਦੋਸ਼ ਲਾਉਣ ਵਿੱਚ ਮਸਰੂਫ਼ ਹਨ। ਉਨ੍ਹਾਂ ਕਿਹਾ ਕਿ ਜੇ ਹਰ ਘਟਨਾ ਦੇ ਪਿੱਛੇ ਭਾਜਪਾ ਹੀ ਹੈ ਤਾਂ ਮੁੱਖ ਮੰਤਰੀ ਇਹ ਵੀ ਸਪਸ਼ਟ ਕਰਨ ਕਿ ਪੰਜਾਬ ਪੁਲਿਸ, ਇੰਟੈਲੀਜੈਂਸ ਅਤੇ ਗ੍ਰਹਿ ਵਿਭਾਗ ਦੀ ਨਾਕਾਮੀ ਦੀ ਜ਼ਿੰਮੇਵਾਰੀ ਕੌਣ ਲਵੇਗਾ, ਕਿਉਂਕਿ ਗ੍ਰਹਿ ਵਿਭਾਗ ਖ਼ੁਦ ਮੁੱਖ ਮੰਤਰੀ ਕੋਲ ਹੈ।

ਉਨ੍ਹਾਂ ਕਿਹਾ ਕਿ ਪੰਜਾਬ ਪਿਛਲੇ ਕੁਝ ਸਮੇਂ ਤੋਂ ਹਾਈਬ੍ਰਿਡ ਵਾਰ, ਗੈਂਗਸਟਰ-ਆਤੰਕੀ ਗੱਠਜੋੜ, ਡਰੋਨ ਨੈੱਟਵਰਕ ਅਤੇ ਸਰਹੱਦ ਪਾਰ ਤਾਕਤਾਂ ਦੀਆਂ ਚੁਨੌਤੀਆਂ ਦਾ ਸਾਹਮਣਾ ਕਰ ਰਿਹਾ ਹੈ। ਅਜਿਹੇ ਸਮੇਂ ਵਿੱਚ ਬਿਨਾਂ ਸਬੂਤ ਰਾਜਨੀਤਿਕ ਬਿਆਨ ਦੇਣਾ ਨਾ ਸਿਰਫ਼ ਅਸਲ ਦੋਸ਼ੀਆਂ ਨੂੰ ਬਚਣ ਦਾ ਮੌਕਾ ਦਿੰਦਾ ਹੈ, ਸਗੋਂ ਸੁਰੱਖਿਆ ਏਜੰਸੀਆਂ ਦੇ ਮਨੋਬਲ ਨੂੰ ਵੀ ਕਮਜ਼ੋਰ ਕਰਦਾ ਹੈ ਅਤੇ ਜਾਂਚ ਨੂੰ ਦਿਸ਼ਾਹੀਣ ਤੇ ਭਟਕਾਉਣ ਦਾ ਸਬੱਬ ਬਣਦਾ ਹੈ।

ਇਸ ਤੋਂ ਪਹਿਲਾਂ ਵੀ ਆਤੰਕੀਆਂ ਵੱਲੋਂ ਮੋਹਾਲੀ ਵਿਖੇ ਪੰਜਾਬ ਪੁਲਿਸ ਦੇ ਇੰਟੈਲੀਜੈਂਸ ਹੈੱਡਕੁਆਰਟਰ ਅਤੇ ਸਰਹਾਲੀ ਥਾਣੇ 'ਤੇ ਆਰਪੀਜੀ ਹਮਲੇ ਕੀਤੇ ਜਾ ਚੁੱਕੇ ਹਨ। ਇਸ ਤੋਂ ਇਲਾਵਾ ਕਈ ਪੁਲਿਸ ਥਾਣਿਆਂ 'ਤੇ ਬੰਬ ਹਮਲੇ ਹੋਏ ਅਤੇ ਸਰਹੱਦੀ ਪੁਲਿਸ ਚੌਕੀਆਂ 'ਤੇ ਤੈਨਾਤ ਪੁਲਿਸ ਕਰਮੀਆਂ ਨੂੰ ਨਿਸ਼ਾਨਾ ਬਣਾਇਆ ਗਿਆ। ਉਨ੍ਹਾਂ ਕਿਹਾ ਕਿ ਇਸ ਵੇਲੇ ਪੰਜਾਬ ਨੂੰ ਸਿਆਸੀ ਦੋਸ਼ਾਰੋਪਣ ਦੀ ਨਹੀਂ, ਸਖ਼ਤ ਸੁਰੱਖਿਆ ਨੀਤੀ, ਖ਼ੁਫ਼ੀਆ ਤੰਤਰ ਦੀ ਮਜ਼ਬੂਤੀ ਅਤੇ ਰਾਸ਼ਟਰ-ਵਿਰੋਧੀ ਤਾਕਤਾਂ ਖ਼ਿਲਾਫ਼ ਇੱਕਜੁੱਟ ਰਵੱਈਏ ਦੀ ਲੋੜ ਹੈ।

ਅਖੀਰ 'ਚ ਪ੍ਰੋ. ਸਰਚਾਂਦ ਸਿੰਘ ਖਿਆਲਾ ਨੇ ਕਿਹਾ ਕਿ ਭਗਵੰਤ ਮਾਨ ਧਮਾਕਿਆਂ 'ਤੇ ਸਿਆਸਤ ਕਰਕੇ ਪੰਜਾਬ ਦੀ ਸੁਰੱਖਿਆ ਨਾਲ ਖੇਡ ਰਹੇ ਹਨ । ਆਈਐਸਆਈ ਦੀ ਸਾਜ਼ਿਸ਼ ਛੱਡ ਭਾਜਪਾ ਨੂੰ ਨਿਸ਼ਾਨਾ ਬਣਾਉਣਾ ਮਾਨ ਦੀ ਬੁਖਲਾਹਟ ਦਾ ਸਬੂਤ ਹੈ। ਪੰਜਾਬ ਦੀ ਸੁਰੱਖਿਆ 'ਤੇ ਫ਼ੇਲ੍ਹ ਮਾਨ ਸਰਕਾਰ ਹੁਣ ਭਾਜਪਾ 'ਤੇ ਝੂਠੇ ਦੋਸ਼ ਮੜ੍ਹ ਰਹੀ ਹੈ । ਧਮਾਕਿਆਂ ਪਿੱਛੇ ਪਾਕਿਸਤਾਨੀ ਸਾਜ਼ਿਸ਼, ਪਰ ਮਾਨ ਨੂੰ ਹਰ ਥਾਂ ਭਾਜਪਾ ਹੀ ਕਿਉਂ ਨਜ਼ਰ ਆ ਰਹੀ ਹੈ ? ਸੁਰੱਖਿਆ ਨਾਕਾਮੀਆਂ ਲੁਕਾਉਣ ਲਈ ਭਗਵੰਤ ਮਾਨ ਭਾਜਪਾ ਖ਼ਿਲਾਫ਼ ਝੂਠਾ ਪ੍ਰਚਾਰ ਬੰਦ ਕਰੇ। ਪੰਜਾਬ ਨੂੰ ਹਾਈਬ੍ਰਿਡ ਵਾਰ ਦਾ ਖ਼ਤਰਾ, ਪਰ ਮੁੱਖ ਮੰਤਰੀ ਸਿਆਸੀ ਡਰਾਮੇ ਵਿੱਚ ਮਸਰੂਫ਼ ਹਨ। ਭਗਵੰਤ ਮਾਨ ਭਾਜਪਾ 'ਤੇ ਦੋਸ਼ ਮੜ੍ਹਨ ਦੀ ਥਾਂ ਪੰਜਾਬ ਦੀ ਸੁਰੱਖਿਆ 'ਤੇ ਗੰਭੀਰ ਹੋਣ। ••

ਆਵਾਜ਼ਿ ਕੌਮ
AWAZE QAUM
International Newspaper & WEB TV
ਸਿੱਖ ਕੌਮ ਅਤੇ ਪੰਜਾਬੀਅਤ ਦਾ ਪਹਿਰੇਦਾਰ
ਆਵਾਜ਼ਿ ਕੌਮ
ਵਿੱਚ ਵਿਸ਼ਵ ਪੱਧਰ 'ਤੇ ਇਸ਼ਤਿਹਾਰ ਦੇਣ ਲਈ ਸੰਪਰਕ ਕਰੋ :
+447458381111 +447976210161 +919729091243




ਆਵਾਜ਼ਿ ਕੌਮ AWAZE QAUM
International Newspaper & WEB TV
ਸਿੱਖ ਕੌਮ ਅਤੇ ਪੰਜਾਬੀਅਤ ਦਾ ਪਹਿਰੇਦਾਰ
ਆਵਾਜ਼ਿ ਕੌਮ
ਵਿੱਚ ਵਿਸ਼ਵ ਪੱਧਰ 'ਤੇ ਇਸ਼ਤਿਹਾਰ ਦੇਣ ਲਈ ਸੰਪਰਕ ਕਰੋ :
+447458381111 +447976210161 +919729091243

# ਰੈੱਡਕਰਾਸ ਦੇ ਬਾਨੀ ਭਾਈ ਘਨ੍ਹਈਆ ਜੀ

**ਸ਼੍ਰੀ ਗੁਰੂ** ਤੇਗ਼ ਬਹਾਦਰ ਜੀ ਦੇ ਅਨਿੰਨ ਸੇਵਕ ਅਤੇ ਸ਼੍ਰੀ ਗੁਰੂ ਗੋਬਿੰਦ ਸਿੰਘ ਜੀ ਦੇ ਦਰੋਂ-ਘਰੋਂ ਵਰੋਸਾਏ ਭਾਈ ਘਨ੍ਹਈਆ ਜੀ 1702-04 ਈ: ਦੌਰਾਨ ਖ਼ਾਲਸੇ ਦੀ ਜਨਮ-ਭੂਮੀ ਸ਼੍ਰੀ ਅਨੰਦਪੁਰ ਸਾਹਿਬ ਵਿਖੇ ਜਬਰ, ਜ਼ੁਲਮ ਦੇ ਖ਼ਾਤਮੇ ਅਤੇ ਗ਼ਰੀਬਾਂ, ਮਜ਼ਲੂਮਾਂ ਦੀ ਰੱਖਿਆ ਲਈ ਹੋ ਰਹੇ ਧਰਮ ਯੁੱਧ ਵਿੱਚ ਚਮੜੇ ਦੀ ਮਸ਼ਕ ਪਾਣੀ ਦੀ ਭਰ ਕੇ, ਲੜਾਈ ਵਿੱਚ, ਚੱਲਦੀਆਂ ਤੋਪਾਂ ਵਿੱਚ, ਗੋਲੀਆਂ ਦੇ ਵਰ੍ਹਦੇ ਮੀਂਹ ਵਿੱਚ, ਤੀਰਾਂ ਦੀ ਬੁਛਾੜ ਵਿੱਚ ਜਿੱਥੇ ਕੋਈ ਪਾਣੀ ਮੰਗਦਾ,

ਆਵਾਜ਼ਿ ਕੌਮ AWAZE QAUM International Newspaper & WEB TV

ਪਹੁੰਚ ਕੇ ਪਾਣੀ ਪਿਆਉਂਦਾ ਹੈ। ਉਹ ਜ਼ਖ਼ਮੀ ਹੋਏ ਦੁਸ਼ਮਣਾਂ ਦੇ ਸੈਨਿਕਾਂ ਨੂੰ ਵੀ ਪਾਣੀ ਪਿਆ ਕੇ ਮੁੜ ਜੀਵਿਤ ਕਰ ਰਿਹਾ ਹੈ। ਕੀ ਭਾਈ ਘਨ੍ਹਈਆ ਜੀ ਦੁਸ਼ਮਣ ਦੇ ਸੈਨਿਕਾਂ ਨਾਲ ਰਲਿਆ ਹੋਇਆ ਹੈ। ਇਹ ਕਹਿ ਕੇ ਕੁਝ ਸਿੰਘਾਂ ਨੇ ਸ਼੍ਰੀ ਗੁਰੂ ਗੋਬਿੰਦ ਸਿੰਘ ਜੀ ਕੋਲ ਸ਼ਿਕਾਇਤ ਕੀਤੀ ਕਿ ਅਸੀਂ ਤਾਂ ਮੈਦਾਨੇ ਜੰਗ ਵਿੱਚ ਦੁਸ਼ਮਣ ਨੂੰ ਮੁਸ਼ਕਲ ਨਾਲ ਡੇਗਦੇ ਹਾਂ ਪਰ ਇਕ ਮਾਸ਼ਕੀ ਸਿੱਖ ਉਹਨਾਂ ਨੂੰ ਪਾਣੀ ਪਿਆ ਕੇ ਜਿਊਂਦਾ ਕਰ ਦਿੰਦਾ ਹੈ, ਭਾਵ ਨਵਾਂ-ਨਰੋਆ ਕਰ ਦਿੰਦਾ ਹੈ। ਸ਼੍ਰੀ ਗੁਰੂ ਗੋਬਿੰਦ ਸਿੰਘ ਜੀ ਨੇ ਭਾਈ ਘਨ੍ਹਈਆ ਜੀ ਨੂੰ ਸੱਦ ਲਿਆ। ਉਹ ਹੱਥ ਜੋੜ ਕੇ ਗੁਰੂ ਜੀ ਦੇ ਸਾਹਮਣੇ ਖੜ੍ਹਾ ਸੀ। ਸਿੰਘ ਵੀ ਆਲੇ-ਦੁਆਲੇ ਹੋ ਗਏ। ਸਭ ਲੋਕ ਸੋਚ ਰਹੇ ਸਨ ਕਿ ਦੇਖੀਏ ਹੁਣ ਮਾਸ਼ਕੀ ਨੂੰ ਕੀ ਸਜ਼ਾ ਮਿਲਦੀ ਹੈ।

ਸ਼੍ਰੀ ਗੁਰੂ ਗੋਬਿੰਦ ਸਿੰਘ ਜੀ ਨੇ ਬੜੀ ਉਤਸੁਕਤਾ ਨਾਲ ਪੁੱਛਿਆ, "ਭਾਈ ਘਨ੍ਹਈਆ! ਸਾਰੇ ਸਿੰਘ ਸ਼ਿਕਾਇਤ ਕਰਦੇ ਹਨ ਕਿ ਤੁਸੀਂ ਵੈਰੀਆਂ ਨੂੰ ਪਾਣੀ ਪਿਆ ਕੇ ਮੁੜ ਜੀਵਿਤ ਕਰ ਦਿੰਦੇ ਹੋ।" ਭਾਈ ਘਨ੍ਹਈਆ ਜੀ ਸ਼੍ਰੀ ਗੁਰੂ ਗੋਬਿੰਦ ਸਿੰਘ ਜੀ ਦੇ ਚਰਨਾਂ ਤੇ ਡਿੱਗ ਪਿਆ ਤੇ ਆਖਿਆ, "ਸੱਚੇ ਪਾਤਸ਼ਾਹ ! ਮੈਂ ਕਿਸੇ ਵੈਰੀ ਨੂੰ ਪਾਣੀ ਨਹੀਂ ਪਿਆਇਆ।" ਗੁਰੂ ਜੀ ਨੇ ਕਿਹਾ, "ਹੋਰ ਕਿਸ ਨੂੰ ਪਾਣੀ ਪਿਆਉਂਦਾ ਸੈਂ।" ਕੀ ਤੁਸੀਂ ਤੁਰਕ, ਪਹਾੜੀਏ, ਸਿੱਖ ਨੂੰ ਪਾਣੀ ਨਹੀਂ ਪਿਆਇਆ। ਭਾਈ ਘਨ੍ਹਈਆ ਜੀ ਦਾ ਜਵਾਬ ਨਾਂਹ ਵਿੱਚ ਸੀ। ਜਵਾਬ ਸੁਣ-ਸੁਣ ਕੇ ਸੰਗਤਾਂ ਹੈਰਾਨ ਹੋ ਰਹੀਆਂ ਸਨ। ਗੁਰੂ ਜੀ ਕਹਿਣ ਲੱਗੇ, "ਜੇ ਤੁਸੀਂ ਤੁਰਕ, ਪਹਾੜੀਏ, ਸਿੱਖ ਨੂੰ ਪਾਣੀ ਨਹੀਂ ਪਿਆਇਆ ਤਾਂ ਫਿਰ ਕਿਸ ਨੂੰ ਪਿਆਉਂਦਾ ਸੈਂ।" ਭਾਈ ਘਨ੍ਹਈਆ ਕਹਿਣ ਲੱਗਾ, "ਮੈਨੂੰ ਤਾਂ ਹਰ ਇੱਕ ਵਿੱਚ ਆਪ ਦਾ ਹੀ ਰੂਪ ਨਜ਼ਰ ਆਉਂਦਾ ਹੈ। ਮੈਥੋਂ ਤਾਂ ਤੁਸੀਂ ਆਪ ਪਾਣੀ ਮੰਗਦੇ ਹੋ। ਮੈਨੂੰ ਤੁਹਾਡੇ ਬਗ਼ੈਰ ਕੋਈ ਨਜ਼ਰ ਨਹੀਂ ਆਉਂਦਾ ਹੈ। ਮੈਂ ਤਾਂ ਆਪ ਜੀ ਨੂੰ ਹੀ ਪਾਣੀ ਪਿਆਉਂਦਾ ਹਾਂ।

**ਤੈਨੂੰ ਪਿਆ ਪਿਲਾਵਾਂ ਪਾਣੀ ਸਿਰ ਮੇਰੇ ਦੇ ਸਾਈਂ।**
**ਤੁਰਕ ਅਤੁਰਕ ਨ ਦਿਸਦਾ ਮੈਨੂੰ ਤੂੰ ਸਾਰੇ ਦਿਸ ਆਈ।**

ਭਾਈ ਘਨ੍ਹਈਆ ਜੀ ਦੇ ਬਚਨ ਸੁਣ ਕੇ ਸ਼੍ਰੀ ਗੁਰੂ ਗੋਬਿੰਦ ਸਿੰਘ ਜੀ ਬੜੇ ਪ੍ਰਸੰਨ ਹੋਏ। ਗੁਰੂ ਸਾਹਿਬ ਆਪਣੇ ਆਸਣ ਤੋਂ ਉੱਠੇ ਤੇ ਭਾਈ ਘਨ੍ਹਈਆ ਨੂੰ ਗਲ (ਛਾਤੀ) ਨਾਲ ਲਾ ਲਿਆ, ਭਾਈ ਜੀ ਦਾ ਮੱਥਾ ਚੁੰਮਿਆ ਤੇ ਪ੍ਰਸੰਨ ਹੋ ਕੇ ਬੋਲੇ, ਤੇਰੀ ਕਮਾਈ ਧੰਨ ਹੈ, ਤੁਸੀਂ ਸਿੱਖੀ ਨੂੰ ਸਮਝਿਆ ਹੈ। ਭਾਈ ਘਨ੍ਹਈਆ ਜੀ ਨੂੰ ਮਲ੍ਹਮ-ਪੱਟੀ ਦਾ ਡੱਬਾ ਫੜਾ ਕੇ ਕਿਹਾ ਕਿ ਜਿੱਥੇ ਤੁਸੀਂ ਪਿਆਸਿਆਂ ਨੂੰ ਜਲ ਛਕਾ ਕੇ ਉਹਨਾਂ ਦੀ ਪਿਆਸ ਦੂਰ ਕਰਦੇ ਹੋ, ਹੁਣ ਉਹਨਾਂ ਦੇ ਜ਼ਖ਼ਮਾਂ ਤੇ ਮਲ੍ਹਮ-ਪੱਟੀ ਕਰਕੇ ਉਹਨਾਂ ਦਾ ਦਰਦ ਵੀ ਦੂਰ ਕਰਿਆ ਕਰੋ।

**ਹੱਸੇ ਤੇ ਗਲ ਲਾਇਆ ਪਿਆਰਾ ਡਬੀ ਹੱਥ ਫੜਾਈ।**
**ਪਾਣੀ ਨਾਲ ਮਲ੍ਹਮ ਵੀ ਰਖੀਂ ਲੋੜ ਪਈ ਤੇ ਲਾਈਂ।**

**(ਸ਼੍ਰੀ ਸੰਤ ਰਤਨ ਮਾਲ੍ਹਾ)**

ਗੁਰੂ ਗੋਬਿੰਦ ਸਿੰਘ ਜੀ, ਭਾਈ ਘਨ੍ਹਈਆ ਜੀ ਦੀ ਘਾਲ-ਕਮਾਈ ਤੇ ਪ੍ਰਸੰਨ ਹੋ ਕੇ ਆਪਣਾ ਦਸਤੀ ਰੁਮਾਲ ਬਖ਼ਿਸ਼ਸ਼ ਕਰਕੇ ਕਿਹਾ ਕਿ ਇਸ ਨਾਲ ਜ਼ਖ਼ਮੀਆਂ ਦਾ ਮੂੰਹ ਵੀ ਸਾਫ਼ ਕਰ ਦਿਆ ਕਰਨਾ। ਭਾਈ ਘਨ੍ਹਈਆ ਜੀ ਨੂੰ ਸਾਰੇ ਸਾਧੂ ਜਾਣਨ ਲੱਗ ਪਏ। ਉਹ ਜਿੱਥੋਂ ਲੰਘਦੇ, ਲੋਕ ਨਮਸਕਾਰ ਕਰਦੇ। ਸ਼੍ਰੀ ਸੰਤ ਰਤਨ ਮਾਲ੍ਹਾ ਵਿੱਚ ਇਸ ਤਰ੍ਹਾਂ ਲਿਖਿਆ ਹੈ। "ਭਾਈ ਘਨ੍ਹਈਆ ਸਿੰਘਾਂ ਤੇ ਤੁਰਕਾਂ ਬੀਚ ਵੀ ਵਿਚਰਦੇ। ਕੋਈ ਇਸ ਕੋ ਅਟਕਾਵੈ ਨਾਹੀ। ਨਿਸੰਗ ਹੀ



ਫਿਰੇ। ਇਕ ਸਮਾਨ ਸਭੀ ਕੋ ਜਾਨ ਕੇ ਸੇਵਾ ਬੜੇ ਪ੍ਰੇਮ ਸੇ ਕਰਹਿ। ਅਰ ਸਾਧੂ ਜਾਣ ਕੇ ਸਭੀ ਨਮਸਕਾਰ ਕਰੈ, ਕੋਈ ਇਸ ਕੋ ਦੁਖਾਵੈ ਨਾਹੀ।"

ਭਾਈ ਘਨ੍ਹਈਆ ਜੀ ਤੋਂ ਉਤਸ਼ਾਹਤ ਹੋ ਕੇ ਕਈ ਹੋਰ ਸਿੱਖ ਵੀ ਮੈਦਾਨੇ ਜੰਗ ਵਿੱਚ ਜਲ ਦੀ ਸੇਵਾ ਤੇ ਮਲ੍ਹਮ-ਪੱਟੀ ਦੀ ਸੇਵਾ ਕਰਦੇ। ਭਾਈ ਘਨ੍ਹਈਆ ਜੀ ਵੱਲੋਂ ਜੰਗੇ ਮੈਦਾਨ ਵਿੱਚ ਕੀਤੀ ਸੇਵਾ ਦਾ ਸੰਕਲਪ ਹੀ ਰੈੱਡਕਰਾਸ ਦੀ ਰੂਹ ਬਣਿਆ। ਭਾਈ ਘਨ੍ਹਈਆ ਜੀ ਤੋਂ ਪ੍ਰਚਲਿਤ 'ਸੇਵਾਪੰਥੀ' ਸੰਪਰਦਾਇ ਹੋਂਦ ਵਿੱਚ ਆਈ, ਜਿਸ ਦੇ ਪੰਜਾਬ, ਹਰਿਆਣਾ, ਹਿਮਾਚਲ, ਦਿੱਲੀ ਵਿੱਚ 42 ਗੁਰਦੁਆਰੇ/ਡੇਰੇ/ਟਿਕਾਣੇ ਹਨ। ਭਾਈ ਘਨ੍ਹਈਆ ਜੀ ਦੀ ਜਨਮ ਤਾਰੀਖ਼ ਦਾ ਪਤਾ ਨਾ ਹੋਣ ਕਰਕੇ ਰੈੱਡਕਰਾਸ ਦੇ ਸੰਕਲਪ ਨੂੰ ਜਨੇਵਾ ਸ਼ਹਿਰ ਦੇ ਹੈਨਰੀ ਡਿਊਨਾਂ ਦੇ ਜਨਮ-ਦਿਨ 8 ਮਈ ਨਾਲ ਜੋੜਿਆ ਗਿਆ ਹੈ।


ਹੈਨਰੀ ਡਿਊਨਾਂ

**ਹੈਨਰੀ ਡਿਊਨਾਂ:-** ਹੈਨਰੀ ਡਿਊਨਾਂ ਦਾ ਜਨਮ 8 ਮਈ 1828 ਈ: ਨੂੰ ਸਵਿਟਜ਼ਰਲੈਂਡ ਦੇਸ਼ ਦੀ ਰਾਜਧਾਨੀ ਜਨੇਵਾ ਵਿੱਚ ਇੱਕ ਉਚ ਘਰਾਣੇ ਵਿੱਚ ਹੋਇਆ। ਬਚਪਨ ਵਿੱਚ ਜਿੰਨੀ ਵਿੱਦਿਆ ਪ੍ਰਾਪਤ ਹੋ ਸਕਦੀ ਸੀ, ਪ੍ਰਾਪਤ ਕੀਤੀ। ਡਿਊਨਾਂ ਦਾ ਪਿਤਾ ਜ਼ੀਨ ਜੈਕ ਡਿਊਨਾਂ ਇੱਕ ਸਫਲ ਵਪਾਰੀ ਸੀ। 1853 ਤੋਂ 1858 ਤੱਕ ਉਸ ਨੇ ਇੱਕ ਕੰਪਨੀ ਵਿੱਚ ਨੌਕਰੀ ਕੀਤੀ, ਉਪਰੰਤ ਨੌਕਰੀ ਛੱਡ ਕੇ 31 ਸਾਲ ਦੀ ਉਮਰ ਵਿੱਚ ਆਟਾ ਪੀਸਣ ਦੇ ਕਾਰਖਾਨੇ ਲਾਉਣ ਲਈ ਆਪਣੇ ਮਿੱਤਰਾਂ ਕੋਲੋਂ ਭਾਰੀ ਰਕਮਾਂ ਲੈ ਕੇ ਇੱਕ ਸੁਸਾਇਟੀ ਬਣਾਈ। ਆਟਾ ਪੀਸਣ ਦੇ ਕਾਰਖਾਨੇ ਉਸ ਨੇ ਫਰਾਂਸ ਦੇਸ਼ ਦੇ ਅਧੀਨ ਇਲਾਕੇ ਅਲਜੀਰੀਆ ਵਿੱਚ ਲਾਉਣੇ ਸਨ ਕਿਉਂਕਿ ਉਸ ਇਲਾਕੇ ਵਿੱਚ ਪਾਣੀ ਦੀਆਂ ਆਬਸ਼ਾਰਾਂ ਡਿੱਗਦੀਆਂ ਸਨ। ਉਹਨਾਂ ਆਬਸ਼ਾਰਾਂ ਵਿੱਚੋਂ ਡਿੱਗਣ ਵਾਲੇ ਪਾਣੀ ਦੀ ਸ਼ਕਤੀ ਨਾਲ ਕਾਰਖਾਨੇ ਚੱਲਣੇ ਸਨ। ਇਸ ਕੰਮ ਲਈ ਡਿਊਨਾਂ ਨੂੰ ਫਰਾਂਸ ਦੇ ਬਾਦਸ਼ਾਹ ਕੋਲੋਂ ਆਗਿਆ ਲੈਣ ਦੀ ਲੋੜ ਸੀ।

24 ਜੂਨ 1859 ਈ: ਨੂੰ ਇਟਲੀ ਤੇ ਆਸਟਰੀਆ ਦੋ ਦੇਸ਼ਾਂ ਵਿੱਚ ਸਲਫ਼ਰੀਨੋ ਨਾਂ ਵਾਲੀ ਥਾਂ ਤੇ ਜੰਗ ਹੋ ਰਹੀ ਸੀ। ਜਿਸ ਵਿੱਚ ਇੱਕ ਪਾਸੇ ਇਟਲੀ ਤੇ ਫਰਾਂਸ ਅਤੇ ਦੂਜੇ ਪਾਸੇ ਆਸਟਰੀਆ ਤੇ ਪਰਸ਼ੀਆ ਦੀਆਂ ਫੌਜਾਂ ਸਨ। ਹੈਨਰੀ ਡਿਊਨਾਂ 23 ਜੂਨ ਦੀ ਰਾਤ ਨੂੰ ਯੁੱਧ ਦੇ ਮੈਦਾਨ ਦੇ ਨੇੜੇ ਠਹਿਰਿਆ ਹੋਇਆ ਸੀ, ਪਰ ਉਸ ਨੂੰ ਬਾਦਸ਼ਾਹ ਨਾਲ ਮੁਲਾਕਾਤ ਕਰਨ ਲਈ 15 ਘੰਟੇ ਉਡੀਕ ਕਰਨੀ ਪਈ। ਜੰਗ ਦੇ ਮੈਦਾਨ ਵਿੱਚ ਦੋਵਾਂ ਪਾਸਿਆਂ ਤੋਂ ਹਜ਼ਾਰਾਂ ਸਿਪਾਹੀ ਜ਼ਖ਼ਮੀ ਹੋ ਗਏ ਸਨ, ਜੋ ਚੱਲ ਫਿਰ ਨਹੀਂ ਸਨ ਸਕਦੇ। ਮੈਦਾਨ ਵਿੱਚ ਹੀ ਪਏ ਤੜਪ ਰਹੇ ਸਨ। ਉਹਨਾਂ ਨੂੰ ਦੇਖ ਕੇ ਹੈਨਰੀ ਡਿਊਨਾਂ ਦਾ ਦਿਲ ਤੜਪ ਉੱਠਿਆ। ਉਸ ਨੇ ਨਾਲ ਦੇ ਪਿੰਡ ਦੇ ਲੋਕਾਂ ਦੀ ਸਹਾਇਤਾ ਨਾਲ ਫੱਟੜ ਸੈਨਿਕਾਂ ਨੂੰ ਨੇੜੇ ਦੇ ਹਸਪਤਾਲਾਂ, ਸਕੂਲਾਂ ਅਤੇ ਗਿਰਜਾ ਘਰਾਂ ਵਿੱਚ ਰੱਖ ਕੇ ਉਹਨਾਂ ਦੀ ਕਾਫ਼ੀ ਸਮਾਂ ਸੇਵਾ-ਸੰਭਾਲ ਕੀਤੀ। ਹੈਨਰੀ ਡਿਊਨਾਂ ਨੇ ਆਪਣੇ ਸਹਿਯੋਗੀਆਂ ਤੋਂ ਇਹ ਪ੍ਰਣ ਲਿਆ ਸੀ ਕਿ ਉਹ ਫੱਟੜਾਂ ਦੀ ਸੇਵਾ-ਸੰਭਾਲ ਕਰਦੇ ਸਮੇਂ ਕੌਮਾਂ ਦਾ ਭਿੰਨ-ਭੇਦ ਨਹੀਂ ਕਰਨਗੇ।

ਹੈਨਰੀ ਡਿਊਨਾਂ ਨੇ ਜ਼ਖ਼ਮੀਆਂ ਦੀ ਸੇਵਾ-ਸੰਭਾਲ ਕਰਦਿਆਂ ਇਹ ਸੋਚਿਆ ਕਿ ਸਾਰੀ ਦੁਨੀਆਂ ਵਿੱਚ ਇੱਕ ਅਜਿਹੀ ਸਮਾਜਿਕ ਜਥੇਬੰਦੀ ਬਣੇ ਜਿਸ ਦੀਆਂ ਦੁਨੀਆਂ ਦੇ ਹਰ ਸ਼ਹਿਰ ਵਿੱਚ ਥਾਂ-ਥਾਂ ਸ਼ਾਖਾਵਾਂ ਹੋਣ ਤੇ ਉਸ ਜਥੇਬੰਦੀ ਦੇ ਮੈਂਬਰ ਇਸ ਕਾਰਜ ਨੂੰ ਮਨੁੱਖੀ ਹਮਦਰਦੀ ਦੇ ਨਾਂ ਤੇ ਕਰਨ। 31 ਸਾਲ ਦੀ ਉਮਰ ਵਿੱਚ ਡਿਊਨਾਂ ਨੇ ਜ਼ਖ਼ਮੀ ਸਿਪਾਹੀਆਂ ਦੀ ਹਾਲਤ ਦੇ ਸੁਧਾਰ ਲਈ ਆਪਣਾ ਜੀਵਨ ਅਰਪਣ ਕਰ ਦਿੱਤਾ। ਉਸ ਦੇ ਪਿੱਛੋਂ ਉਹ ਆਪਣੇ ਘਰ ਵੱਲ ਨਹੀਂ ਮੁੜਿਆ। ਉਹ ਸਰਬ-ਸਾਂਝੀ ਰੈੱਡਕਰਾਸ ਦੀ ਸਥਾਪਨਾ ਦੇ ਕੰਮ ਵਿੱਚ ਜੁੱਟ ਗਿਆ। ਉਸ ਨੇ ਇੱਕ ਪੁਸਤਕ 'ਸਲਫਰੀਨੋ ਦੀ ਯਾਦ' ਵੀ ਲਿਖੀ। ਹੈਨਰੀ ਡਿਊਨਾਂ ਦੀ ਪੁਸਤਕ ਨੂੰ ਪੜ੍ਹ ਕੇ ਸਵਿਟਜ਼ਰਲੈਂਡ ਦੇ ਲੋਕ ਉਸ ਨਾਲ ਆ ਜੁੜੇ। 1863 ਵਿੱਚ ਰੈੱਡਕਰਾਸ ਲਹਿਰ ਦਾ ਜਨਮ ਹੋਇਆ। 1867 ਵਿੱਚ ਡਿਊਨਾਂ ਨੇ ਰੈੱਡਕਰਾਸ ਦੀ ਕੌਮਾਂਤਰੀ ਕਮੇਟੀ ਦੇ ਸਕੱਤਰ ਵਜੋਂ ਅਸਤੀਫਾ ਦੇ ਦਿੱਤਾ, ਜੋ ਪ੍ਰਵਾਨ ਕਰ ਲਿਆ ਗਿਆ। 1901 ਵਿੱਚ ਹੈਨਰੀ ਡਿਊਨਾਂ ਨੂੰ ਨਾਰਵੇ ਦੀ ਸਰਕਾਰ ਦੁਆਰਾ ਪਹਿਲਾ 'ਨੋਬਲ ਪੁਰਸਕਾਰ' ਦਿੱਤਾ ਗਿਆ, ਪਰ ਉਸ ਨੇ ਇਨਾਮ ਦੀ ਸਾਰੀ ਰਾਸ਼ੀ ਤੇ ਸੁਗਾਤਾਂ ਦੀ ਰਕਮ ਦੁਖੀਆਂ ਤੇ ਜ਼ਖ਼ਮੀਆਂ ਦੀ ਸੇਵਾ ਲਈ ਖ਼ਰਚਣ ਦੀ ਵਸੀਅਤ ਕਰਾ ਦਿੱਤੀ।

49 ਸਾਲ ਉਹ ਦੁਨੀਆਂ ਦੇ ਸਾਰੇ ਦੇਸ਼ਾਂ ਵਿੱਚ ਆਪਣੇ ਖ਼ਿਆਲ ਦੇ ਪ੍ਰਚਾਰ ਲਈ ਫਿਰਦਾ ਰਿਹਾ। 80 ਸਾਲ ਦੀ ਉਮਰ ਵਿੱਚ ਸੰਨ 1908 ਈ: ਨੂੰ ਜਦ ਹੈਨਰੀ ਡਿਊਨਾਂ ਆਪਣੇ ਜਨਮ ਦੇ ਸ਼ਹਿਰ ਜਨੇਵਾ ਪਹੁੰਚਿਆ ਤਾਂ ਉਸ ਨੇ ਪੁਰਾਣੇ ਘਸੇ ਹੋਏ ਮਾਮੂਲੀ ਕੱਪੜੇ ਪਹਿਨੇ ਹੋਏ ਸਨ। ਉਸ ਦੇ ਚਿਹਰੇ 'ਤੇ ਭਰਵੀ ਲੰਮੀ ਦਾਹੜੀ ਆਈ ਹੋਈ ਸੀ। 30 ਅਕਤੂਬਰ 1910 ਈ: ਨੂੰ 82 ਸਾਲ ਦੀ ਉਮਰ ਵਿੱਚ ਹੈਨਰੀ ਡਿਊਨਾਂ ਦਾ ਹੇਡਨ ਹਸਪਤਾਲ ਵਿੱਚ ਦਿਹਾਂਤ ਹੋ ਗਿਆ।

ਅੱਜ-ਕੱਲ੍ਹ ਜੰਗ ਯੁੱਧ ਦੇ ਸਮੇਂ ਹੁਣ ਰਣ-ਖੇਤਰ ਵਿੱਚ ਵੱਖ-ਵੱਖ ਸੁਸਾਇਟੀਆਂ ਜ਼ਖ਼ਮੀ ਲੋਕਾਂ ਦੀ ਮਲ੍ਹਮ-ਪੱਟੀ ਕਰਦੀਆਂ ਹਨ ਤੇ ਹੋਰ ਡਾਕਟਰੀ ਸਹਾਇਤਾ ਦਿੰਦੀਆਂ ਹਨ। ਜਿਨ੍ਹਾਂ ਨੂੰ ਰੈੱਡਕਰਾਸ ਦਾ ਨਾਂਅ ਦਿੱਤਾ ਜਾਂਦਾ ਹੈ ਕਿਉਂਕਿ ਲਾਲ ਰੰਗ ਵਿੱਚ ਜਮ੍ਹਾਂ (+) ਦੇ ਨਿਸ਼ਾਨ ਨੂੰ ਅਪਣਾ ਕੇ ਦੇਸ਼ ਨੇ ਇਸ ਨੂੰ ਅੰਤਰਰਾਸ਼ਟਰੀ ਪੱਧਰ ਦੀ ਮਾਨਤਾ ਦਿੱਤੀ ਹੋਈ ਹੈ। ਕੁਝ ਲੇਖਕਾਂ, ਵਿਦਵਾਨਾਂ ਦਾ ਕਹਿਣਾ ਹੈ ਕਿ ਰੈੱਡਕਰਾਸ ਦਾ ਬਾਨੀ ਹੈਨਰੀ ਡਿਊਨਾਂ ਹੈ ਜਦ ਕਿ ਸੇਵਾ ਦੇ ਪੁੰਜ ਭਾਈ ਘਨ੍ਹਈਆ ਜੀ ਨੇ 155 ਸਾਲ ਪਹਿਲਾਂ (1704) ਵਿੱਚ ਹੀ ਰੈੱਡਕਰਾਸ ਦਾ ਨੀਂਹ-ਪੱਥਰ ਰੱਖ ਦਿੱਤਾ ਸੀ। ਰੈੱਡਕਰਾਸ ਦਾ ਅਸਲੀ ਬਾਨੀ ਭਾਈ ਘਨ੍ਹਈਆ ਹੀ ਹੈ। ਉਹਨਾਂ ਨੇ 18ਵੀਂ ਸਦੀ ਦੇ ਸ਼ੁਰੂ ਵਿੱਚ ਇਹ ਸੇਵਾ ਕਰ ਵਿਖਾਈ ਜਿਸ ਦੀ ਲੋੜ ਸੰਸਾਰ ਦੇ ਕਈ ਦੇਸ਼ਾਂ ਨੇ ਮਿਲ ਕੇ 19 ਵੀਂ ਸਦੀ ਦੇ ਅੱਧ ਵਿੱਚ ਮਹਿਸੂਸ ਕੀਤੀ। ਪ੍ਰੋ: ਪ੍ਰਕਾਸ਼ ਸਿੰਘ ਅਨੁਸਾਰ ਸੰਸਾਰ ਦੇ ਇਤਿਹਾਸ ਵਿੱਚ ਸ਼ਾਇਦ ਕੁਝ ਅਜਿਹੇ ਵਿਅਕਤੀ ਲੱਭ ਪੈਣ ਜਿਨ੍ਹਾਂ ਨੇ ਜੰਗ ਦੇ ਸਮੇਂ ਫੱਟੜਾਂ, ਰੋਗੀਆਂ ਤੇ ਲੋੜਵੰਦਾਂ ਦੀ ਤਨੋਂ ਮਨੋਂ ਸੇਵਾ ਕੀਤੀ ਹੋਵੇ ਜਿਵੇਂ ਕਿ ਫਲੋਰੈਂਸ ਨਾਈਟਿੰਗੇਲ (1820-1910) ਜੋ ਕ੍ਰਿਸ਼ਚੀਅਨ ਹਸਪਤਾਲ ਦੀ ਨਰਸ ਸੀ ਪਰ ਭਾਈ ਘਨ੍ਹਈਆ ਜੀ ਵਰਗੀ ਸਮਦ੍ਰਿਸ਼ਟੀ ਨਾਲ ਨਿਰਪੱਖ, ਨਿਸ਼ਕਪਟ ਤੇ ਨਿਰਛਲ ਸੇਵਾ ਕਿਸੇ ਨੇ ਨਹੀਂ ਕੀਤੀ। ਭਾਈ ਘਨ੍ਹਈਆ ਜੀ ਨੇ ਇਹ ਬੇਮਿਸਾਲ ਸੇਵਾ ਉਦੋਂ ਕਰ ਵਿਖਾਈ ਜਦੋਂ ਸੰਸਾਰ ਵਿੱਚ ਇਸ ਪੱਖੋਂ ਅਜੇ ਜਾਗ੍ਰਿਤੀ ਨਹੀਂ ਸੀ ਆਈ। ਅੱਜ ਜੰਗੀ ਸ਼ਹੀਦਾਂ, ਕੈਦੀਆਂ, ਜ਼ਖ਼ਮੀਆਂ, ਕੁਦਰਤੀ ਤੇ ਗੈਰ ਕੁਦਰਤੀ ਆਫ਼ਤਾਂ ਦੀ ਮਾਰ ਹੇਠ ਆਏ ਲੋਕਾਂ ਦੀ ਸੇਵਾ ਸੰਭਾਲ ਰੈੱਡਕਰਾਸ ਹੀ ਕਰਦੀ ਹੈ।

ਸੋ ਅੱਜ ਲੋੜ ਹੈ ਸਮੁੱਚੇ ਸੰਸਾਰ ਵਿੱਚ ਭਾਈ ਘਨ੍ਹਈਆ ਰਾਮ ਤੇ ਹੈਨਰੀ ਡਿਊਨਾਂ ਦੇ ਪਦ-ਚਿੰਨ੍ਹਾਂ ਤੇ ਚੱਲਦੇ ਹੋਏ ਭਾਈ ਘਨ੍ਹਈਆ ਸੇਵਾ ਸੁਸਾਇਟੀਆਂ, ਭਾਈ ਘਨ੍ਹਈਆ ਸੇਵਾ ਮਿਸ਼ਨ, ਰੈੱਡਕਰਾਸ ਸੰਸਥਾਵਾਂ ਤੇ ਹੋਰ ਸਮਾਜ-ਸੇਵੀ ਸੰਸਥਾਵਾਂ ਨੂੰ ਬਿਨਾਂ ਕਿਸੇ ਭੇਦ-ਭਾਵ ਦੇ ਮਰੀਜ਼ਾਂ ਤੇ ਲੋੜਵੰਦਾਂ ਦੀ ਸੇਵਾ ਕਰਨ ਦੀ।

**-ਕਰਨੈਲ ਸਿੰਘ ਐੱਮ.ਏ. ਲੁਧਿਆਣਾ**
**#1138/63-ਏ, ਗੁਰੂ ਤੇਗ਼ ਬਹਾਦਰ ਨਗਰ,**
**ਗਲੀ ਨੰਬਰ-1, ਚੰਡੀਗੜ੍ਹ ਰੋਡ,**
**ਜਮਾਲਪੁਰ, ਲੁਧਿਆਣਾ।**

## ਅਕਾਲ ਯੂਨੀਵਰਸਿਟੀ ਵਿਖੇ "ਟਿਕਾਊ ਭਵਿੱਖ ਲਈ ਅਗਲੀ ਪੀੜ੍ਹੀ ਦੇ ਪਦਾਰਥਾਂ" ਵਿਸ਼ੇ 'ਤੇ

# ਅੰਤਰਰਾਸ਼ਟਰੀ ਕਾਨਫਰੰਸ ਸਫਲਤਾਪੂਰਵਕ ਸੰਪੰਨ

**ਤਲਵੰਡੀ ਸਾਬੋ, 7 ਮਈ (ਗੁਰਜੰਟ ਸਿੰਘ ਨਥੇਹਾ)-** ਅਕਾਲ ਯੂਨੀਵਰਸਿਟੀ ਦੇ ਫਿਜ਼ਿਕਸ ਵਿਭਾਗ ਵੱਲੋਂ "ਨੈਕਸਟ-ਜਨਰੇਸ਼ਨ ਮਟੀਰੀਅਲਜ਼ ਫਾਰ ਸਸਟੇਨੇਬਲ ਫਿਊਚਰ-2026 ਵਿਸ਼ੇ 'ਤੇ ਤਿੰਨ ਰੋਜ਼ਾ ਅੰਤਰਰਾਸ਼ਟਰੀ ਕਾਨਫਰੰਸ ਦਾ ਸਫਲ ਆਯੋਜਨ ਕੀਤਾ ਗਿਆ। ਇਸ ਕਾਨਫਰੰਸ ਦਾ ਮੁੱਖ ਉਦੇਸ਼ ਵਿਗਿਆਨੀਆਂ, ਖੋਜਕਰਤਾਵਾਂ, ਉਦਯੋਗਿਕ ਮਾਹਿਰਾਂ ਅਤੇ ਨੌਜਵਾਨ ਵਿਦਵਾਨਾਂ ਨੂੰ ਇੱਕ ਸਾਂਝਾ ਮੰਚ ਮੁਹੱਈਆ

ਆਵਾਜ਼ਿ ਕੌਮ AWAZE QAUM International Newspaper & WEB TV

ਕਰਵਾਉਣਾ ਸੀ, ਤਾਂ ਜੋ ਮਟੀਰੀਅਲ ਸਾਇੰਸ ਵਿੱਚ ਹੋ ਰਹੀਆਂ ਨਵੀਆਂ ਖੋਜਾਂ ਅਤੇ ਟਿਕਾਊ ਭਵਿੱਖ ਵਿੱਚ ਉਨ੍ਹਾਂ ਦੀ ਭੂਮਿਕਾ ਬਾਰੇ ਵਿਚਾਰ-ਵਟਾਂਦਰਾ ਕੀਤਾ ਜਾ ਸਕੇ। ਕਾਨਫਰੰਸ ਨੂੰ ਦੇਸ਼-ਵਿਦੇਸ਼ ਤੋਂ ਭਰਵਾਂ ਹੁੰਗਾਰਾ ਮਿਲਿਆ। ਇਸ ਵਿੱਚ 11 ਦੇਸ਼ਾਂ ਅਤੇ ਭਾਰਤ ਦੇ 20 ਰਾਜਾਂ ਅਤੇ ਕੇਂਦਰ ਸ਼ਾਸਤ ਪ੍ਰਦੇਸ਼ਾਂ ਦੀਆਂ 250 ਤੋਂ ਵੱਧ ਸੰਸਥਾਵਾਂ ਨਾਲ ਸੰਬੰਧਿਤ 300 ਤੋਂ ਵੱਧ ਭਾਗੀਦਾਰਾਂ ਨੇ ਹਿੱਸਾ ਲਿਆ। ਕਾਨਫਰੰਸ ਹਾਈਬ੍ਰਿਡ ਮੋਡ ਰਾਹੀਂ ਕਰਵਾਈ ਗਈ, ਜਿਸ ਵਿੱਚ ਆਨਲਾਈਨ ਅਤੇ ਆਫਲਾਈਨ ਦੋਵੇਂ ਤਰੀਕਿਆਂ ਨਾਲ ਸ਼ਮੂਲੀਅਤ ਹੋਈ। ਕਾਨਫਰੰਸ ਦੌਰਾਨ ਊਰਜਾ ਪਦਾਰਥ, ਇਲੈਕਟ੍ਰਾਨਿਕ, ਫੋਟੋਨਿਕ ਅਤੇ ਮੈਗਨੈਟਿਕ ਮਟੀਰੀਅਲ, ਨੈਨੋ-ਮਟੀਰੀਅਲ ਅਤੇ ਆਰਟੀਫੀਸ਼ੀਅਲ ਇੰਟੈਲੀਜੈਂਸ ਆਧਾਰਿਤ ਮਟੀਰੀਅਲ ਸਾਇੰਸ ਵਰਗੇ ਵਿਸ਼ਿਆਂ 'ਤੇ ਚਰਚਾ ਕੀਤੀ ਗਈ। ਕਾਨਫਰੰਸ ਦਾ ਉਦਘਾਟਨ




ਯੂਨੀਵਰਸਿਟੀ ਦੇ ਮਾਣਯੋਗ ਵਾਈਸ-ਚਾਂਸਲਰ ਪ੍ਰੋ. ਗੁਰਮੇਲ ਸਿੰਘ ਵੱਲੋਂ ਕੀਤਾ ਗਿਆ। ਆਪਣੇ ਸੰਬੋਧਨ ਵਿੱਚ ਉਨ੍ਹਾਂ ਨੇ ਫਿਜ਼ਿਕਸ ਵਿਭਾਗ ਦੇ ਇਸ ਉਪਰਾਲੇ ਦੀ ਸ਼ਲਾਘਾ ਕਰਦਿਆਂ ਖੋਜ, ਨਵੀਨਤਾ ਅਤੇ ਅੰਤਰ-ਅਨੁਸ਼ਾਸਨੀ ਸਹਿਯੋਗ ਦੀ ਮਹੱਤਤਾ 'ਤੇ ਜ਼ੋਰ ਦਿੱਤਾ। ਕਾਨਫਰੰਸ ਦੌਰਾਨ ਕਈ ਪ੍ਰਸਿੱਧ ਵਿਗਿਆਨੀਆਂ ਅਤੇ ਵਿਦਵਾਨਾਂ ਨੇ ਆਪਣੇ ਵਿਚਾਰ ਸਾਂਝੇ ਕੀਤੇ। ਇਨ੍ਹਾਂ ਵਿੱਚ ਪ੍ਰੋ. ਐਸ. ਕੇ. ਤ੍ਰਿਪਾਠੀ, ਪ੍ਰੋ. ਆਰ. ਕੇ. ਕੋਟਨਾਲਾ, ਪ੍ਰੋ. ਰਵਿੰਦਰ ਪਾਂਡੇ, ਪ੍ਰੋ. ਪੀ. ਕੇ. ਅਹਲੂਵਾਲੀਆ, ਪ੍ਰੋ. ਅਨਿਰਬਾਨ



ਚੱਕਰਵਰਤੀ, ਪ੍ਰੋ. ਰੰਜਨ ਕੁਮਾਰ ਅਤੇ ਪ੍ਰੋ. ਆਰ. ਕੇ. ਮੌਦਗਿਲ ਦੇ ਨਾਮ ਸ਼ਾਮਲ ਹਨ। ਉਨ੍ਹਾਂ ਵੱਲੋਂ ਵੱਖ-ਵੱਖ ਵਿਸ਼ਿਆਂ 'ਤੇ ਵਿਸ਼ੇਸ਼ ਲੈਕਚਰ ਦਿੱਤੇ ਗਏ। ਇਸ ਤੋਂ ਇਲਾਵਾ ਕਰੀਬ 40 ਹੋਰ ਨਾਮਵਰ ਸੰਸਥਾਵਾਂ ਦੇ ਮਾਹਿਰਾਂ ਨੇ ਇਨਵਾਈਟਿਡ ਟਾਕਸ ਰਾਹੀਂ ਨੌਜਵਾਨ ਖੋਜਾਰਥੀਆਂ ਨੂੰ ਮਾਰਗਦਰਸ਼ਨ ਪ੍ਰਦਾਨ ਕੀਤਾ। ਇਸ ਅੰਤਰਰਾਸ਼ਟਰੀ ਕਾਨਫਰੰਸ ਨੂੰ ਅਨੁਸੰਧਾਨ ਨੈਸ਼ਨਲ ਰਿਸਰਚ ਫਾਊਂਡੇਸ਼ਨ, ਸੀਐੱਸਆਈਆਰ ਅਤੇ ਬੋਰਡ ਆਫ ਰਿਸਰਚ ਇਨ ਨਿਊਕਲੀਅਰ ਸਾਇੰਸਜ਼ ਵੱਲੋਂ ਵਿੱਤੀ ਸਹਾਇਤਾ ਪ੍ਰਾਪਤ ਹੋਈ। ਪ੍ਰਬੰਧਕੀ




ਕਮੇਟੀ ਨੇ ਮਾਣਯੋਗ ਵਾਈਸ-ਚਾਂਸਲਰ, ਸਹਿਯੋਗੀ ਸੰਸਥਾਵਾਂ, ਤਕਨੀਕੀ ਟੀਮ ਅਤੇ ਵਲੰਟੀਅਰਾਂ ਦਾ ਧੰਨਵਾਦ ਪ੍ਰਗਟਾਇਆ। ਕਾਨਫਰੰਸ ਦੀ ਸਮਾਪਤੀ ਇਸ ਆਸ ਨਾਲ ਹੋਈ ਕਿ ਇੱਥੇ ਸ਼ੁਰੂ ਹੋਏ ਵਿਗਿਆਨਕ ਸਹਿਯੋਗ ਅਤੇ ਵਿਚਾਰ-ਵਟਾਂਦਰੇ ਭਵਿੱਖ ਵਿੱਚ ਟਿਕਾਊ ਤਕਨੀਕਾਂ ਦੇ ਵਿਕਾਸ ਲਈ ਮਹੱਤਵਪੂਰਨ ਯੋਗਦਾਨ ਸਾਬਤ ਹੋਣਗੇ।


ਮਹਾਨ ਸਿੱਖ ਜਰਨੈਲ
ਬਾਬਾ ਬੰਦਾ ਸਿੰਘ ਬਹਾਦੁਰ ਜੀ
ਦੇ ਸਰਹੰਦ ਫਤਹਿ ਦਿਵਸ ਨੂੰ ਸਮਰਪਿਤ
ਜਪੁਜੀ ਸਾਹਿਬ ਕੰਠ ਮੁਕਾਬਲੇ
ਮਿਤੀ: 10 ਮਈ 2026 (ਐਤਵਾਰ)
ਸਮਾਂ: ਸਵੇਰੇ 9 ਵਜੇ
ਸਥਾਨ: ਗੁਰਦੁਆਰਾ ਸ਼ਹੀਦ ਬਾਬਾ ਦੀਪ ਸਿੰਘ ਜੀ ਪਿੰਡ ਸੌਂਕੜਾ ਕਰਨਾਲ
ਇਨਾਮ ਵੰਡ ਸਮਾਰੋਹ
ਪੰਥ ਪ੍ਰਸਿੱਧ ਸਿੱਖ ਪ੍ਰਚਾਰਕ
ਜਥੇਦਾਰ ਬਾਬਾ ਬਲਜੀਤ ਸਿੰਘ ਦਾਦੂਵਾਲ ਜੀ
ਚੇਅਰਮੈਨ, ਧਰਮ ਪ੍ਰਚਾਰ
ਹਰਿਆਣਾ ਸਿੱਖ ਗੁਰਦੁਆਰਾ ਪ੍ਰਬੰਧਕ ਕਮੇਟੀ
ਸਤਿਕਾਰਯੋਗ ਅਹੁਦੇਦਾਰ ਅਤੇ ਮੈਂਬਰ ਸਾਹਿਬਾਨਾਂ ਸਮੇਤ
ਵਿਸੇਸ਼ ਤੌਰ 'ਤੇ ਪੁੱਜ ਰਹੇ ਹਨ
ਸਰਬੱਤ ਸਿੱਖ ਸੰਗਤਾਂ ਨੂੰ ਬੇਨਤੀ ਹੈ ਕਿ
ਸਮੇਂ ਸਿਰ ਪੁੱਜ ਕੇ ਨਾਮ ਬਾਣੀ ਦਾ ਲਾਹਾ ਪ੍ਰਾਪਤ ਕਰੋ ਜੀ
ਸਰਦਾਰ ਭੁਪਿੰਦਰ ਸਿੰਘ ਲਾਡੀ ਸੌਂਕੜਾ
ਪ੍ਰਧਾਨ ਸਰਪੰਚ ਯੂਨੀਅਨ ਨੀਲੋਖੇੜੀ
ਜਥੇਦਾਰ ਬਲਜੀਤ ਸਿੰਘ ਦਾਦੂਵਾਲ
ਚੇਅਰਮੈਨ ਧਰਮ ਪ੍ਰਚਾਰ
ਹਰਿਆਣਾ ਸਿੱਖ ਗੁਰਦੁਆਰਾ ਪ੍ਰਬੰਧਕ ਕਮੇਟੀ
ਬੇਨਤੀ ਕਰਤਾ -
ਸਰਦਾਰ ਭੁਪਿੰਦਰ ਸਿੰਘ ਸੌਂਕੜਾ ਲਾਡੀ ਪ੍ਰਧਾਨ ਸਰਪੰਚ ਯੂਨੀਅਨ ਨੀਲੋਖੇੜੀ
ਮੈਂਬਰ ਪ੍ਰਤੀਨਿਧ ਬੀਬੀ ਕਪੂਰ ਕੌਰ ਸੌਂਕੜਾ ਹਰਿਆਣਾ ਸਿੱਖ ਗੁਰਦੁਆਰਾ ਪ੍ਰਬੰਧਕ ਕਮੇਟੀ ਅਤੇ ਸਾਥੀ ਨਗਰ ਨਿਵਾਸੀ
ਸੰਪਰਕ ਨੰਬਰ: 8814855000 | 9416335342 | 9896885015 | 9896857513


ਅੰਮ੍ਰਿਤ ਛਕੋ
ਸ੍ਰੀ ਅਕਾਲ ਸਹਾਇ
ਸਿੰਘ ਸਜੋ
ਮਹਾਨ ਸਿੱਖ ਜਰਨੈਲ ਬਾਬਾ ਬੰਦਾ ਸਿੰਘ ਬਹਾਦਰ ਜੀ ਦੇ
ਸਰਹੰਦ ਫਤਹਿ ਦਿਵਸ ਨੂੰ ਸਮਰਪਿਤ
ਜਪੁਜੀ ਸਾਹਿਬ ਕੰਠ ਮੁਕਾਬਲੇ
ਮਿਤੀ 10 ਮਈ 2026 ਦਿਨ ਐਤਵਾਰ ਸਵੇਰੇ 9 ਵਜੇ
ਸਥਾਨ - ਗੁਰਦੁਆਰਾ ਸ਼ਹੀਦ ਬਾਬਾ ਦੀਪ ਸਿੰਘ ਜੀ ,ਪਿੰਡ ਸ਼ੌਂਕੜਾ ਕਰਨਾਲ
ਇਨਾਮ ਵੰਡ ਸਮਾਰੋਹ
ਪ੍ਰਸਿੱਧ ਸਿੱਖ ਪ੍ਰਚਾਰਕ ਜਥੇਦਾਰ ਬਾਬਾ ਬਲਜੀਤ ਸਿੰਘ ਦਾਦੂਵਾਲ ਜੀ
ਚੇਅਰਮੈਨ ਧਰਮ ਪ੍ਰਚਾਰ ਹਰਿਆਣਾ ਸਿੱਖ ਗੁਰਦੁਆਰਾ ਪ੍ਰਬੰਧਕ ਕਮੇਟੀ ਸਤਿਕਾਰਯੋਗ
ਆਹੁਦੇਦਾਰ ਅਤੇ ਮੈਂਬਰ ਸਾਹਿਬਾਨਾਂ ਸਮੇਤ ਵਿਸ਼ੇਸ਼ ਤੌਰ ਤੇ ਪੁੱਜ ਰਹੇ ਹਨ।
ਸਰਬੱਤ ਸਿੱਖ ਸੰਗਤਾਂ ਸਮੇਂ ਸਿਰ ਪੁੱਜ ਕੇ ਨਾਮ ਬਾਣੀ ਦਾ ਲਾਹਾ ਪ੍ਰਾਪਤ ਕਰੋ ਜੀ।
ਬੇਨਤੀ ਕਰਤਾ - ਸਰਦਾਰ ਭੁਪਿੰਦਰ ਸਿੰਘ ਸੌਂਕੜਾ
ਲਾਡੀ ਪ੍ਰਧਾਨ ਸਰਪੰਚ ਯੂਨੀਅਨ ਨੀਲੋਖੇੜੀ ਮੈਂਬਰ ਪ੍ਰਤੀਨਿਧ
ਬੀਬੀ ਕਪੂਰ ਕੌਰ ਸੌਂਕੜਾ ਹਰਿਆਣਾ ਸਿੱਖ ਗੁਰਦੁਆਰਾ ਪ੍ਰਬੰਧਕ ਕਮੇਟੀ
ਅਤੇ ਸਾਥੀ ਨਗਰ ਨਿਵਾਸੀ
ਮੋਬਾ : 8814855000, 9416335342, 9896885015, 9896857513
ਆਵਾਜ਼ਿ ਕੌਮ AWAZE QAUM
International Newspaper & WEB TV

### ਦਿੱਲੀ ਵਿੱਚ ਬੰਦੀ ਸਿੰਘਾਂ ਦੀ ਰਿਹਾਈ ਲਈ ਪ੍ਰਦਰਸ਼ਨਕਾਰੀਆਂ ਵਲੋਂ ਮਾਰਚ

# ਪਰਮਜੀਤ ਸਿੰਘ ਸਰਨਾ ਨੇ ਪ੍ਰਦਰਸ਼ਨਕਾਰੀਆਂ ਦੀ ਗ੍ਰਿਫਤਾਰੀ ਦੀ ਕੀਤੀ ਨਿੰਦਾ











**ਨਵੀਂ ਦਿੱਲੀ, 7 ਮਈ (ਮਨਪ੍ਰੀਤ ਸਿੰਘ ਖਾਲਸਾ):-** ਬੰਦੀ ਸਿੰਘਾਂ ਦੀ ਰਿਹਾਈ ਦੀ ਮੰਗ ਨੂੰ ਲੈ ਕੇ ਦਿੱਲੀ ਪਹੁੰਚੇ 100 ਤੋਂ ਵੱਧ ਸਿੱਖ ਪ੍ਰਦਰਸ਼ਨਕਾਰੀਆਂ ਨੂੰ ਦਿੱਲੀ ਪੁਲਿਸ ਵੱਲੋਂ ਹਿਰਾਸਤ ਵਿੱਚ ਲੈ ਲਿਆ ਗਿਆ। ਪੰਜਾਬ, ਹਰਿਆਣਾ ਅਤੇ ਸਿਰਸਾ ਤੋਂ ਸਿੱਖ ਸੰਗਤਾਂ ਦਿੱਲੀ ਵਿਖੇ ਇਕੱਠੀਆਂ ਹੋਈਆਂ ਸਨ। ਸਾਰੇ ਪ੍ਰਦਰਸ਼ਨਕਾਰੀ ਪਹਿਲਾਂ ਗੁਰਦੁਆਰਾ ਸ੍ਰੀ ਬੰਗਲਾ ਸਾਹਿਬ ਵਿਖੇ ਇਕੱਠੇ ਹੋਏ। ਉਥੋਂ ਉਨ੍ਹਾਂ ਨੇ ਕਾਲੇ ਕੱਪੜੇ ਅਤੇ ਜੈਕਟਾਂ ਪਹਿਨ ਕੇ, ਹੱਥਾਂ ਵਿੱਚ ਪ੍ਰਤੀਕਾਤਮਕ ਹਥਕੜੀਆਂ ਪਾ ਕੇ ਸੰਸਦ ਵੱਲ ਸ਼ਾਂਤਮਈ ਪੈਦਲ ਮਾਰਚ ਕਰਨ ਦਾ ਫੈਸਲਾ ਕੀਤਾ। ਜਿਵੇਂ ਹੀ ਪ੍ਰਦਰਸ਼ਨਕਾਰੀ ਗੁਰਦੁਆਰਾ ਸਾਹਿਬ ਤੋਂ ਬਾਹਰ ਸੜਕ 'ਤੇ ਮਾਰਚ ਕਰਦੇ ਹੋਏ ਨਿਕਲੇ ਤਾਂ ਦਿੱਲੀ ਪੁਲਿਸ ਮੌਕੇ 'ਤੇ ਪਹੁੰਚ ਗਈ ਅਤੇ 100 ਤੋਂ ਵੱਧ ਸਿੱਖ ਪ੍ਰਦਰਸ਼ਨਕਾਰੀਆਂ ਨੂੰ ਹਿਰਾਸਤ ਵਿੱਚ ਲੈ ਕੇ ਚਾਰ ਵੈਨਾਂ ਵਿੱਚ ਬਿਠਾ ਕੇ ਲੈ ਗਈ। ਇਸ ਦੌਰਾਨ ਪ੍ਰਦਰਸ਼ਨਕਾਰੀਆਂ ਵੱਲੋਂ "ਬੰਦੀ ਸਿੰਘ ਰਿਹਾ ਕਰੋ" ਅਤੇ "ਅੱਜ ਵੀ ਅਸੀਂ ਬੇੜੀਆਂ ਵਿੱਚ ਹਾਂ" ਵਰਗੇ ਨਾਅਰੇ ਲਗਾਏ ਗਏ। ਉਨ੍ਹਾਂ ਨੇ ਕੇਂਦਰ ਸਰਕਾਰ ਖ਼ਿਲਾਫ਼ ਵੀ ਰੋਸ ਪ੍ਰਗਟਾਇਆ। ਇਸ ਪੈਦਲ ਮਾਰਚ ਵਿੱਚ ਭਾਈ ਗੁਰਦੀਪ ਸਿੰਘ ਬਠਿੰਡਾ, ਭਾਈ ਕਰਨੈਲ ਸਿੰਘ ਪੰਜੋਲੀ ਐਸਜੀਪੀਸੀ ਮੈਂਬਰ, ਭਾਈ ਅਮਰਜੀਤ ਸਿੰਘ ਬਡਗੁਜਰਾਂ, ਭਾਈ ਅਮਰੀਕ ਸਿੰਘ ਰੋਮੀ, ਕਿਸਾਨ ਆਗੂ ਲਖਵਿੰਦਰ ਸਿੰਘ, ਅੰਗਰੇਜ਼ ਸਿੰਘ ਕੋਟਲੀ, ਦਲਜੀਤ ਸਿੰਘ ਰੰਗਾ, ਸਰਦੂਲ ਸਿੰਘ ਭੱਟੀ ਅਤੇ ਤਿਰਲੋਕ ਸਿੰਘ ਖੈਰਾ ਸਮੇਤ ਵਡੀ ਗਿਣਤੀ ਵਿਚ ਪ੍ਰਦਰਸ਼ਨਕਾਰੀ ਸ਼ਾਮਲ ਸਨ । ਇਸ ਮੌਕੇ ਪ੍ਰਦਰਸ਼ਨਕਾਰੀਆਂ ਨੇ ਕਿਹਾ ਕਿ ਉਹ ਸਾਰੇ ਸ਼ਾਂਤਮਈ ਢੰਗ ਨਾਲ ਸੰਸਦ ਵੱਲ ਮਾਰਚ ਕਰ ਰਹੇ ਸਨ, ਪਰ ਪੁਲਿਸ ਨੇ ਧੱਕੇਸ਼ਾਹੀ ਕਰਦੇ ਹੋਏ ਉਨ੍ਹਾਂ ਨੂੰ ਰਾਹ ਵਿੱਚ ਹੀ ਹਿਰਾਸਤ ਵਿੱਚ ਲੈ ਲਿਆ। ਉਨ੍ਹਾਂ ਕਿਹਾ ਕਿ ਬੰਦੀ ਸਿੰਘ ਆਪਣੀਆਂ ਸਜ਼ਾਵਾਂ ਪੂਰੀਆਂ ਕਰ ਚੁੱਕੇ ਹਨ ਅਤੇ ਕਈਆਂ ਨੂੰ 35 ਸਾਲ ਤੋਂ ਵੱਧ ਸਮਾਂ ਜੇਲ੍ਹਾਂ ਵਿੱਚ ਹੋ ਗਿਆ ਹੈ, ਫਿਰ ਵੀ ਸਰਕਾਰ ਉਨ੍ਹਾਂ ਨੂੰ ਰਿਹਾ ਨਹੀਂ ਕਰ ਰਹੀ ਹੈ। ਪ੍ਰਦਰਸ਼ਨਕਾਰੀਆਂ ਨੇ ਮੰਗ ਕੀਤੀ ਕਿ ਸਾਰੇ ਬੰਦੀ ਸਿੰਘਾਂ ਨੂੰ ਤੁਰੰਤ ਰਿਹਾ ਕੀਤਾ ਜਾਵੇ। ਇਸ ਬਾਰੇ ਸ਼੍ਰੋਮਣੀ ਅਕਾਲੀ ਦਲ ਦਿੱਲੀ ਇਕਾਈ ਦੇ ਪ੍ਰਧਾਨ ਸਰਦਾਰ ਪਰਮਜੀਤ ਸਿੰਘ ਸਰਨਾ ਨੇ ਪ੍ਰਦਰਸ਼ਨਕਾਰੀਆਂ ਦੀ ਗ੍ਰਿਫਤਾਰੀ ਦੀ ਨਿੰਦਾ ਕਰਦਿਆਂ ਕਿਹਾ ਕਿ ਅਸੀਂ ਸਰਕਾਰ ਤੋਂ ਪੁੱਛਣਾ ਚਾਹੁੰਦਾ ਹਾਂ ਕਿ ਹੁਣ ਸਿੱਖ ਆਪਣੇ ਹੱਕਾਂ ਲਈ ਤੇ ਆਪਣੇ ਬੰਦੀ ਸਿੰਘਾਂ ਲਈ ਰੋਸ ਮੁਜ਼ਾਹਰੇ ਵੀ ਨਹੀਂ ਕਰ ਸਕਦੇ ? ਕੀ ਇਹ ਸੰਵਿਧਾਨ ਦੇ ਬੁਨਿਆਦੀ ਅਧਿਕਾਰਾਂ ਦੀ ਉਲੰਘਣਾ ਨਹੀਂ ? ਸਰਕਾਰ ਵੱਲੋਂ ਕੀਤੀ ਇਸ ਧੱਕੇਸ਼ਾਹੀ ਦੀ ਜਿੰਨੀ ਨਿੰਦਾ ਕੀਤੀ ਜਾਵੇ ਉਹ ਘੱਟ ਹੈ।

ਆਵਾਜ਼ਿ ਕੌਮ AWAZE QAUM
International Newspaper & WEB TV

### ਸਿੱਖਾਂ ਦੇ ਧਾਰਮਿਕ ਮਸਲਿਆਂ ਵਿੱਚ

# ਸਰਕਾਰੀ ਦਖਲ ਸਿੱਖ ਕਦੇ ਵੀ ਬਰਦਾਸ਼ਤ ਨਹੀਂ ਕਰਨਗੇ : ਸਰਨਾ

**ਨਵੀਂ ਦਿੱਲੀ 7 ਮਈ (ਮਨਪ੍ਰੀਤ ਸਿੰਘ ਖਾਲਸਾ):-** ਸਿੱਖ ਕੌਮ ਦੀਆਂ ਭਾਵਨਾਵਾਂ ਨੂੰ ਨਜ਼ਰਅੰਦਾਜ਼ ਕਰਦੇ ਹੋਏ ਸਰਕਾਰ ਵੱਲੋਂ ਜਬਰੀ ਥੋਪੇ ਗਏ ਨਵੇਂ ਕਾਨੂੰਨ ਦੇ ਸ਼ੁਕਰਾਨੇ ਦੇ ਨਾਮ ਆਪਣੇ ਸਿਆਸੀ ਹਿੱਤਾਂ ਲਈ ਅੱਜ ਪੰਜਾਬ ਦੇ ਮੁੱਖ ਮੰਤਰੀ ਦੁਆਰਾ ਸ੍ਰੀ ਆਨੰਦਪੁਰ ਸਾਹਿਬ ਤੋਂ ਆਰੰਭ ਕੀਤੀ ਯਾਤਰਾ ਦੀ ਆਰੰਭਤਾ ਮੌਕੇ ਜਿਸ ਤਰ੍ਹਾਂ ਸੰਗਤ

## ਭਾਈ ਬਲਦੇਵ ਸਿੰਘ ਵਡਾਲਾ ਵਲੋਂ ਮਰਿਆਦਾ ਦੇ ਉਲਟ ਪਤਿਤ ਭਗਵੰਤ ਮਾਨ ਦੀ ਅਰਦਾਸ ਕਰਣਾ ਮਰਿਆਦਾ ਦੀ ਉਲੰਘਣਾ

ਨੇ ਨਕਾਰਿਆ ਹੈ । ਉਸਤੋਂ ਮੁੱਖ ਮੰਤਰੀ ਨੂੰ ਸਮਝ ਲੈਣਾ ਚਾਹੀਦਾ ਹੈ ਕਿ ਸਿੱਖ ਕੌਮ ਇਸ ਨਵੇਂ ਕਾਨੂੰਨ ਨੂੰ ਕਦੇ ਚਿੱਤ ਵੀ ਪ੍ਰਵਾਨ ਨਹੀਂ ਕਰੇਗੀ । ਸ਼੍ਰੋਮਣੀ ਅਕਾਲੀ ਦਲ ਦੀ ਦਿੱਲੀ ਇਕਾਈ ਦੇ ਪ੍ਰਧਾਨ ਸ. ਪਰਮਜੀਤ ਸਿੰਘ ਸਰਨਾ ਨੇ ਕਿਹਾ ਇਹ ਕਨੂੰਨ ਕੌਮ ਦੀਆਂ ਭਾਵਨਾਵਾਂ ਦੇ ਉਲਟ ਜਾਕੇ ਬਣਾਇਆ ਗਿਆ ਹੈ । ਇਹ ਕਿਸੇ ਵੀ ਸਰਕਾਰ ਨੂੰ ਹੱਕ ਨਹੀਂ ਕਿ ਉਹ ਗੁਰੂ ਸਾਹਿਬ ਤੇ ਸਿੱਖ ਦੇ ਵਿਚਕਾਰ ਆਏ । ਇਸਦੇ ਨਾਲ ਹੀ ਅੱਜ ਯਾਤਰਾ ਆਰੰਭ ਕਰਨ ਵੇਲੇ ਸਿੱਖ ਰਹਿਤ ਮਰਿਆਦਾ ਦੇ ਉਲਟ ਜਾ ਕੇ ਬਲਦੇਵ ਸਿੰਘ ਵਡਾਲਾ ਵੱਲੋਂ ਭਗਵੰਤ ਮਾਨ ਜੋ ਕਿ ਇੱਕ ਪਤਿਤ ਸਿੱਖ ਹੈ । ਉਸਦੀ ਅਰਦਾਸ ਤਖਤ ਸ੍ਰੀ ਕੇਸਗੜ੍ਹ ਸਾਹਿਬ ਵਿਖੇ ਕੀਤੀ ਗਈ ਹੈ ਉਹ ਬੇਹੱਦ ਸ਼ਰਮਨਾਕ ਗੱਲ ਹੈ ਕਿ ਜੋ ਇਨਸਾਨ ਸ੍ਰੀ ਦਰਬਾਰ ਸਾਹਿਬ ਦਾ ਹਜ਼ੂਰੀ ਰਾਗੀ ਰਿਹਾ ਹੋਵੇ ਤੇ ਉਹ ਨਿੱਜੀ ਲਾਲਚ ਤੇ ਲਾਲਸਾਵਾਂ ਕਾਰਨ ਇੱਕ ਪਤਿਤ ਦੀ ਅਰਦਾਸ ਤਖ਼ਤ ਸਾਹਿਬ ਤੇ ਕਰੇ ਜਦਕਿ ਸਿੱਖ ਰਹਿਤ ਮਰਿਆਦਾ ਇਹ ਸਪੱਸ਼ਟ ਕਰਦੀ ਹੈ ਕਿ ਕਿਸੇ


ਪਰਮਜੀਤ ਸਿੰਘ ਸਰਨਾ    ਭਾਈ ਬਲਦੇਵ ਸਿੰਘ ਵਡਾਲਾ    ਭਗਵੰਤ ਮਾਨ

ਵੀ ਪਤਿਤ ਦੀ ਅਰਦਾਸ ਤਖਤ ਸਾਹਿਬ ਤੇ ਨਹੀਂ ਹੋ ਸਕਦੀ । ਭਾਈ ਬਲਦੇਵ ਸਿੰਘ ਵਡਾਲਾ ਨੂੰ ਚਾਹੀਦਾ ਹੈ ਕਿ ਆਪਣੀ ਨਿੱਜੀ ਲਾਲਸਾ ਕਾਰਨ ਉਸਨੇ ਜੋ ਇਹ ਗਲਤੀ ਕੀਤੀ ਹੈ । ਇਸਦੇ ਸੰਗਤ ਕੋਲੋ ਵੀ ਮਾਫ਼ੀ ਮੰਗੇ ਅਤੇ ਸ੍ਰੀ ਅਕਾਲ ਤਖ਼ਤ ਸਾਹਿਤ ਤੋਂ ਵੀ ਉਸਨੂੰ ਆਪਣੀ ਇਸ ਗਲਤੀ ਲਈ ਮਾਫ਼ੀ ਮੰਗਣੀ ਚਾਹੀਦੀ ਹੈ । ਪੰਜਾਬ ਦੇ ਮੁੱਖ ਮੰਤਰੀ ਨੇ ਆਪਣੀ ਸਿਆਸਤ ਕਰਨੀ ਹੈ ਜੀ ਸਦਕੇ ਕਰੇ । ਪਰ ਇੱਕ ਗੱਲ ਸਮਝ ਲਵੇ ਕਿ ਸਿੱਖਾਂ ਦੇ ਧਾਰਮਿਕ ਮਸਲਿਆਂ ਵਿੱਚ ਦਖਲ ਸਿੱਖ ਕਦੇ ਚਿੱਤ ਵੀ ਬਰਦਾਸ਼ਤ ਨਹੀਂ ਕਰਨਗੇ।

# ਸੰਸਾਰ ਦਾ ਢਿੱਡ ਭਰਨ ਵਾਲੀ ਸਿੱਖ ਕੌਮ ਪਰ ਹਰਿਆਣਾ ਕਮੇਟੀ ਦਾ ਪ੍ਰਧਾਨ ਕਹੇ ਕਿ ਮੇਰੇ ਕੋਲ ਸਬਜ਼ੀ ਯੋਗੇ ਪੈਸੇ ਨਹੀਂ

### ☛ ਸਿੱਖ ਸੰਸਥਾ ਦੀ ਯੋਗ ਅਗਵਾਈ ਦੇ ਲਾਇਕ ਨਹੀਂ ਹੈ ਝੀਂਡਾ ☛ ਹਾਲਾਂਕਿ ਜਿਨਾਂ ਨੇ ਪ੍ਰਧਾਨ ਬਣਾਇਆ ਉਹਨਾਂ ਨੂੰ ਵੀ ਨਾਲ ਲੈ ਕੇ ਚੱਲਣ ਦੇ ਵਿੱਚ ਨਾ ਕਾਮਯਾਬ ਹੋਇਆ ਝੀਂਡਾ ☛ ਨੈਤਿਕਤਾ ਦੇ ਆਧਾਰ ਤੇ ਖੁਦ ਦੇ ਦੇਣਾ ਚਾਹੀਦਾ ਅਸਤੀਫਾ

**ਚੰਡੀਗੜ੍ਹ, 7 ਮਈ (ਆਵਾਜਿ ਕੌਮ ਬਿਊਰੋ)**-ਸੰਸਾਰ ਦੇ ਕੋਨੇ ਕੋਨੇ ਵਿੱਚ ਬਿਨਾਂ ਕਿਸੇ ਭੇਦ ਭਾਵ ਦੇ ਦੁਨੀਆ ਦਾ ਢਿੱਡ ਭਰਨ ਵਾਲੀ ਸਿੱਖ ਕੌਮ ਆਪਣੀ ਬਹਾਦਰੀ ਲੰਗਰਾਂ ਪੁੰਨ ਦਾਨ ਸੇਵਾ ਦੇ ਤੌਰ ਤੇ ਜਾਣੀ ਜਾਂਦੀ ਹੈ । ਪਰ ਦੂਜੇ ਪਾਸੇ ਹਰਿਆਣਾ ਸਿੱਖ ਗੁਰਦੁਆਰਾ ਮੈਨੇਜਮੈਂਟ ਕਮੇਟੀ ਦਾ ਪ੍ਰਧਾਨ ਜਗਦੀਸ਼ ਸਿੰਘ ਝੀਂਡਾ ਕਿਸੇ ਪ੍ਰੋਗਰਾਮ ਦੇ ਵਿੱਚ ਸੰਬੋਧਨ ਕਰਦਿਆਂ ਬੋਲੇ ਕੇ ਮੇਰੇ ਕੋਲ ਲੰਗਰ ਦੀ ਸਬਜ਼ੀ ਲਿਆਉਣ ਜੋਗੇ ਪੈਸੇ ਨਹੀ ਹਨ । ਜਿਸ ਬਿਆਨ ਦੀ ਨਿਖੇਧੀ ਸੰਸਾਰ ਦੇ ਕੋਨੇ ਕੋਨੇ ਵਿੱਚ ਬੈਠੇ ਸਿੱਖ ਸਮਾਜ ਵੱਲੋਂ ਕੀਤੀ ਜਾ ਰਹੀ ਹੈ ਕਿਉਂਕਿ ਇਹ ਬਿਆਨ ਸਿੱਖ ਸਿਧਾਂਤਾਂ ਦੇ ਉਲਟ ਅਤੇ ਸਿੱਖ ਸਿਧਾਂਤਾ ਨੂੰ ਢਾਹ ਲਾਉਣ ਵਾਲਾ ਹੈ । ਸਿੱਖ ਗਲਿਆਰਿਆ ਵਿੱਚ ਚਰਚੇ ਇਸ ਗੱਲ ਦੇ ਵੀ ਹੋ ਰਹੇ ਹਨ ਕਿ ਝੀਂਡਾ ਹਰਿਆਣਾ ਸਿੱਖ ਗੁਰਦੁਆਰਾ ਮੈਨੇਜਮੈਂਟ ਕਮੇਟੀ ਦੀ ਯੋਗ ਅਗਵਾਈ ਦੇ ਲਾਇਕ ਨਹੀਂ ਹੈ । ਕਿਉਂਕਿ ਪ੍ਰਧਾਨਗੀ ਦੇ ਇੱਕ ਸਾਲ ਦਾ ਸਮਾਂ ਪੂਰਾ ਹੋਣ ਦੇ ਕਰੀਬ ਹੋ ਚੱਲਿਆ ਪਰ ਹਲੇ ਤੱਕ ਝੀਂਡਾ ਬਜਟ ਪਾਸ ਨਹੀਂ ਕਰਵਾ ਸਕਿਆ । ਜਿਨਾਂ ਮੈਂਬਰਾਂ ਨੇ ਝੀਂਡਾ ਨੂੰ ਪ੍ਰਧਾਨ ਬਣਾਉਣ ਲਈ ਸਹਿਯੋਗ ਦਿੱਤਾ ਸੀ ਉਹਨਾਂ ਨੂੰ ਵੀ ਨਾਲ ਲੈ ਕੇ ਚੱਲਣ ਦੇ ਵਿੱਚ ਨਾ ਕਾਮਯਾਬ ਹੋਇਆ ਹੈ । ਪਰਿਵਾਰ ਦੇ ਮੁਖੀ ਦਾ ਫਰਜ਼ ਹੁੰਦਾ ਹੈ ਕਿ ਪੂਰੇ ਪਰਿਵਾਰ ਨੂੰ ਇੱਕ ਜੁਟ ਰੱਖੇ ਅਤੇ ਨਾਲ ਲੈ ਕੇ ਚੱਲੇ । ਪਰ ਇਸ ਤਰ੍ਹਾਂ ਦੀ ਕੋਈ ਕਾਬਲੀਅਤ ਪ੍ਰਧਾਨ ਝੀਂਡਾ ਦੇ ਵਿੱਚ ਸੰਗਤਾਂ ਨੂੰ ਨਜ਼ਰ ਨਹੀਂ ਆਈ। ਜਦੋਂ ਕਿਸੇ ਵੀ ਸਟੇਜ ਤੋਂ ਗੱਲ ਕਰਦਾ ਹੈ ਤਾਂ ਸਿਰਫ ਜਥੇਦਾਰ ਬਲਜੀਤ ਸਿੰਘ ਦਾਦੂਵਾਲ ਜੀ ਨੂੰ ਬੇਦਲੀਲਾ ਭੰਡਦਾ ਨਜ਼ਰ ਆਉਂਦਾ ਹੈ ਜਦ ਕਿ ਕੋਈ ਵੀ ਇਲਜ਼ਾਮ ਲਗਾ ਕੇ ਅੱਜ ਤੱਕ ਸਾਬਤ ਨਹੀਂ ਕਰ ਸਕਿਆ । ਝੀਂਡਾ ਦੀਆਂ ਬੇਤੁਕੀਆਂ ਗੱਲਾਂ ਤੋਂ ਲੱਗਦਾ ਹੈ ਕੇ ਉਹ ਬਾਦਲਾਂ ਦੀ ਸਾਜ਼ਿਸ਼ ਦਾ ਸ਼ਿਕਾਰ ਹੋ ਗਿਆ ਹੈ ਤੇ ਇਸ ਗੱਲ ਦਾ ਉਸਨੂੰ ਅਹਿਸਾਸ ਨਹੀਂ ਹੋ ਰਿਹਾ ਅੰਦਰਖਾਤੇ ਇਸ ਗੱਲ ਦੀਆਂ ਚਰਚਾਵਾਂ ਵੀ ਤੇਜ਼ ਹੋ ਗਈਆਂ ਹਨ ਕਿ ਜੇਕਰ ਪ੍ਰਧਾਨ ਝੀਂਡਾ ਨੇ ਹਰੇਕ ਕਾਰਜ ਤੋਂ ਹਥ ਹੀ ਖੜੇ ਕਰਨੇ ਹਨ ਤਾਂ ਉਹਨਾਂ ਨੂੰ ਆਪਣੇ ਅਹੁਦੇ ਤੋਂ ਅਸਤੀਫਾ ਦੇ ਦੇਣਾ ਚਾਹੀਦਾ ਹੈ ਤਾਂ ਕੇ ਹਰਿਆਣਾ ਕਮੇਟੀ ਅਤੇ ਹਰਿਆਣਾ ਦੇ ਸਿੱਖਾਂ ਦਾ ਕੁੱਝ ਭਲਾ ਹੋ ਸਕੇ।

ਆਵਾਜ਼ਿ ਕੌਮ AWAZE QAUM
International Newspaper & WEB TV

# ਅੰਤਰਰਾਸ਼ਟਰੀ ਜਰਨਲ ਵਿੱਚ ਡਾ. ਪੀਯੂਸ਼ ਵਰਮਾ ਤੇ ਸਾਥੀਆਂ ਦਾ ਖੋਜ ਪੱਤਰ ਪ੍ਰਕਾਸ਼ਿਤ

ਤਲਵੰਡੀ ਸਾਬੋ, 7 ਮਈ ਗੁਰਜੰਟ ਸਿੰਘ ਨਥੇਹਾ)- ਗੁਰੂ ਕਾਸ਼ੀ ਯੂਨੀਵਰਸਿਟੀ ਦੇ ਪ੍ਰੋ. ਵਾਈਸ ਚਾਂਸਲਰ ਡਾ.ਪੀਯੂਸ਼ ਵਰਮਾ ਨੇ ਸ਼ੂਲਿਨੀ ਯੂਨੀਵਰਸਿਟੀ ਸੋਲਨ ਅਤੇ ਯੂਨੀਵਰਸਿਟੀ ਆਫ਼ ਪੈਟਰੋਲੀਅਮ ਦੇਹਰਾਦੂਨ ਦੇ ਸਹਿਯੋਗ ਨਾਲ ਪ੍ਰਸਿੱਧ ਅੰਤਰ-ਰਾਸ਼ਟਰੀ ਜਰਨਲ ਆਫ਼ ਰੀਨਿਊਏਬਲ ਐਂਡ ਸਸਟੇਨੇਬਲ ਐਨਰਜੀ ਰੀਵਿਊਜ਼ ਵਿੱਚ ਖੋਜ ਪੱਤਰ ਪ੍ਰਕਾਸ਼ਿਤ ਕਰਵਾਇਆ ਹੈ। ਡਾ. ਵਰਮਾ ਨੇ ਦੱਸਿਆ ਕਿ ਖੋਜ ਪੱਤਰ ਊਰਜਾ ਅਤੇ ਜਲਵਾਯੂ ਗਠਜੋੜ ਦੀਆਂ ਚੁਣੌਤੀਆਂ ਅਤੇ ਭਵਿੱਖ ਦੀਆਂ ਨਵੀਆਂ ਸੰਭਾਵਨਾਵਾਂ ਦੀ ਪੜਚੋਲ ਕਰਦਾ ਹੋਇਆ, ਮੌਜੂਦਾ ਊਰਜਾ ਅਭਿਆਸ ਦੁਆਰਾ ਪੈਦਾ ਹੋਣ ਵਾਲੇ ਜੋਖਮਾਂ ਅਤੇ ਟਿਕਾਊ



ਆਵਾਜ਼ਿ ਕੌਮ AWAZE QAUM
International Newspaper & WEB TV

ਪਰਿਵਰਤਨ ਦੇ ਮੌਕਿਆਂ ਨੂੰ ਉਜਾਗਰ ਕਰਦਾ ਹੈ ਉਹਨਾਂ ਦੱਸਿਆ ਕਿ ਖੋਜ ਪੱਤਰ ਅਨੁਸਾਰ ਊਰਜਾ ਖੇਤਰ ਵਿੱਚ ਗ੍ਰੀਨਹਾਊਸ ਗੈਸਾਂ ਦਾ ਨਿਕਾਸ ਲਗਭਗ 73% ਹੈ। ਜੋ ਮੁੱਖ ਤੌਰ 'ਤੇ ਜੈਵਿਕ ਬਾਲਣ ਤੇ ਨਿਰਭਰਤਾ ਕਾਰਨ ਹੈ। ਉਹਨਾਂ ਚੇਤਾਵਨੀ ਦਿੰਦਿਆਂ ਦੱਸਿਆ ਕਿ ਵਧਦੇ ਤਾਪਮਾਨ ਨਾਲ ਊਰਜਾ ਖਪਤ ਵਿੱਚ ਮਹੱਤਵਪੂਰਨ ਤਬਦੀਲੀ ਆਉਣ ਦੀ ਸੰਭਾਵਨਾ ਹੈ। ਉਹਨਾਂ ਨਵਿਆਉਣਯੋਗ ਊਰਜਾ ਖੇਤਰ ਵਿੱਚ ਨਵੀਆਂ ਸੰਭਾਵਨਾਵਾਂ ਦਾ ਜ਼ਿਕਰ ਕਰਦੇ ਹੋਏ ਦੱਸਿਆ ਕਿ ਬ੍ਰਾਜ਼ੀਲ ਵਿੱਚ 47.7% ਊਰਜਾ ਨਵਿਆਉਣਯੋਗ ਸਾਧਨਾਂ ਰਾਹੀਂ ਪੈਦਾ ਕੀਤੀ ਜਾਂਦੀ ਹੈ। ਇਸ ਬਾਰੇ ਉਹਨਾਂ ਕਿਹਾ ਕਿ ਆਰਟੀਫੀਸ਼ੀਅਲ ਇੰਟੈਲੀਜੈਂਸ ਅਤੇ ਮਸ਼ੀਨ ਲਰਨਿੰਗ ਵਰਗੀਆਂ ਉਭਰ ਰਹੀਆਂ ਵਿਧੀਆਂ ਦੀਆਂ ਅਪਾਰ ਸੰਭਾਵਨਾਵਾਂ ਹਨ। ਉਹਨਾਂ ਅਨੁਸਾਰ ਭਵਿੱਖ ਵਿੱਚ ਊਰਜਾ ਮੰਗ ਪੂਰੀ ਕਰਨ ਲਈ ਨਵਿਆਉਣਯੋਗ ਊਰਜਾ ਪ੍ਰਣਾਲੀ ਅਨੁਕੂਲ ਹੋ ਸਕਦੀ ਹੈ। ਇਸ ਲਈ ਅੰਤਰ-ਰਾਸ਼ਟਰੀ ਸਹਿਯੋਗ ਵਧਾਉਣ ਦੀ ਲੋੜ ਹੈ ਤਾਂਕਿ ਟਿਕਾਊ ਵਿਕਾਸ ਅਤੇ ਲੰਮੇਂ ਸਮੇਂ ਦੀ ਊਰਜਾ ਸੁਰੱਖਿਆ ਨੂੰ ਯਕੀਨੀ ਬਣਾਇਆ ਜਾ ਸਕੇ।

# ਹਰਮੀਤ ਸਿੰਘ ਕਾਲਕਾ ਵੱਲੋਂ ਜਾਤੀ-ਸੂਚਕ ਸ਼ਬਦਾਵਲੀ ਦੀ ਵਰਤੋਂ ਦੀ ਨਿੰਦਾ, ਮੁਆਫ਼ੀ ਮੰਗਣ ਦੀ ਮੰਗ: ਇੰਦਰਜੀਤ ਸਿੰਘ ਵਿਕਾਸਪੁਰੀ

**ਨਵੀਂ ਦਿੱਲੀ, 7 ਮਈ (ਮਨਪ੍ਰੀਤ ਸਿੰਘ ਖਾਲਸਾ):-** ਦਿੱਲੀ ਸਿੱਖ ਗੁਰਦੁਆਰਾ ਪ੍ਰਬੰਧਕ ਕਮੇਟੀ ਦੇ ਪ੍ਰਧਾਨ ਹਰਮੀਤ ਸਿੰਘ ਕਾਲਕਾ ਵੱਲੋਂ ਹਾਲ ਹੀ ਵਿੱਚ ਦਿੱਤੇ ਇੱਕ ਬਿਆਨ ਨੂੰ ਲੈ ਕੇ ਟਾਂਗ ਕਸ਼ਤਰੀਆਂ ਬਰਾਦਰੀ ਵਿੱਚ ਰੋਸ ਪਾਇਆ ਜਾ ਰਿਹਾ ਹੈ। ਬਰਾਦਰੀ ਦੇ ਆਗੂ ਇੰਦਰਜੀਤ ਸਿੰਘ ਵਿਕਾਸਪੁਰੀ ਨੇ ਕਿਹਾ ਕਿ ਬਿਆਨ ਵਿੱਚ ਵਰਤੀ ਗਈ ਸ਼ਬਦਾਵਲੀ ਨਾਲ ਇੱਕ ਖ਼ਾਸ ਜਾਤੀ ਨੂੰ ਨੀਵਾਂ ਦਿਖਾਉਣ ਦੀ ਕੋਸ਼ਿਸ਼ ਮਹਿਸੂਸ ਹੁੰਦੀ ਹੈ, ਜੋ ਕਿ ਨਿੰਦਣਯੋਗ ਹੈ। ਉਨ੍ਹਾਂ ਕਿਹਾ ਕਿ ਟਾਂਗ ਕਸ਼ਤਰੀਆਂ ਬਰਾਦਰੀ ਦਾ ਇਤਿਹਾਸ



ਬਹੁਤ ਮਾਣਯੋਗ ਰਿਹਾ ਹੈ ਅਤੇ ਇਸ ਬਿਰਾਦਰੀ ਨਾਲ ਕਈ ਮਹਾਨ ਹਸਤੀਆਂ ਜੁੜੀਆਂ ਹਨ। ਸ਼੍ਰੋਮਣੀ ਭਗਤ ਨਾਮਦੇਵ ਜੀ ਦੀ ਬਾਣੀ ਸ੍ਰੀ ਗੁਰੂ ਗ੍ਰੰਥ ਸਾਹਿਬ ਵਿੱਚ ਦਰਜ ਹੈ, ਜਦਕਿ ਪੰਜ ਪਿਆਰਿਆਂ ਵਿੱਚੋਂ ਭਾਈ ਮੋਹਕਮ ਸਿੰਘ ਜੀ ਵੀ ਇਸੇ ਬਰਾਦਰੀ ਨਾਲ ਸੰਬੰਧਿਤ ਸਨ। ਇਸ ਤੋਂ ਇਲਾਵਾ ਮਹਾਨ ਕਵੀ ਭਾਈ ਸੰਤੋਖ ਸਿੰਘ ਜੀ, ਜਿਨ੍ਹਾਂ ਨੇ ਸੂਰਜ ਪ੍ਰਕਾਸ਼ ਵਰਗੇ ਇਤਿਹਾਸਕ ਗ੍ਰੰਥ ਲਿਖੇ, ਵੀ ਇਸ ਬਰਾਦਰੀ ਦੀ ਸ਼ਾਨ ਹਨ। ਇੰਦਰਜੀਤ ਸਿੰਘ ਵਿਕਾਸਪੁਰੀ ਨੇ ਕਿਹਾ ਕਿ ਐਸੇ ਮਹਾਨ ਵਿਰਸੇ ਵਾਲੇ ਸਮਾਜ ਪ੍ਰਤੀ ਜਾਤੀ-ਸੂਚਕ ਟਿੱਪਣੀਆਂ ਕਰਨਾ ਕਿਸੇ ਵੀ ਜਨਤਕ ਅਹੁਦੇ ਵਾਲੇ ਵਿਅਕਤੀ ਨੂੰ ਸ਼ੋਭਾ ਨਹੀਂ ਦਿੰਦਾ। ਉਨ੍ਹਾਂ ਹਰਮੀਤ ਸਿੰਘ ਕਾਲਕਾ ਤੋਂ ਮੰਗ ਕੀਤੀ ਕਿ ਉਹ ਆਪਣੇ ਬਿਆਨ ਲਈ ਟਾਂਗ ਕਸ਼ਤਰੀਆਂ ਬਰਾਦਰੀ ਤੋਂ ਜਨਤਕ ਤੌਰ 'ਤੇ ਮੁਆਫ਼ੀ ਮੰਗਣ। ਉਨ੍ਹਾਂ ਇਹ ਵੀ ਕਿਹਾ ਕਿ ਬਰਾਦਰੀ ਦਾ ਕਿਸੇ ਵੀ ਰਾਜਨੀਤਿਕ ਧੜੇ ਨਾਲ ਕੋਈ ਲੈਣਾ-ਦੇਣਾ ਨਹੀਂ ਹੈ। ਮਨਜੀਤ ਸਿੰਘ ਜੀਕੇ ਅਤੇ ਹਰਮੀਤ ਸਿੰਘ ਕਾਲਕਾ ਇਕੱਦੂੱਜੇ ਉਪਰ ਜੋ ਮਰਜੀ ਲਾਂਛਣ ਲਗਾਂਦੇ ਰਹਿਣ ਪਰ ਜੇ ਕਿਸੇ ਦੀ ਜਾਤੀ ਜਾਂ ਪੇਸ਼ੇ ਨੂੰ ਨਿਸ਼ਾਨਾ ਬਣਾ ਕੇ ਕਿਸੇ ਵਲੋਂ ਵੀ ਕੋਈ ਟਿੱਪਣੀ ਕੀਤੀ ਜਾਵੇਗੀ ਤਾਂ ਉਸਦਾ ਪੁਰਜ਼ੋਰ ਵਿਰੋਧ ਕੀਤਾ ਜਾਵੇਗਾ।


ੴ
ਲੜੀਵਾਰ
ਗੁਰਬਾਣੀ
ਕਥਾ ਵਿਚਾਰ
ਗੁਰਦੁਆਰਾ
ਸੀਸਗੰਜ ਸਾਹਿਬ
9 ਮਈ 2026
ਸ਼ਨੀਵਾਰ ਨੂੰ
ਸਵੇਰੇ 7:30 ਤੋਂ 8:30
ਵੱਜੇ ਤੱਕ
Live on PTC ਸਿਮਰਨ
ਗੁਰਦੁਆਰਾ
ਬੰਗਲਾ ਸਾਹਿਬ
10 ਮਈ 2026
ਐਤਵਾਰ ਨੂੰ
ਸਵੇਰੇ 7:30 ਤੋਂ 8:30
ਵੱਜੇ ਤੱਕ
Live on CHARDIKLA TIME TV
ਸੰਗਤਾਂ ਨਾਲ ਵਿਚਾਰਾਂ ਦੀ ਸਾਂਝ ਪਾਉਣਗੇ
ਪੰਥ ਪ੍ਰਸਿੱਧ ਸਿੱਖ ਪ੍ਰਚਾਰਕ
ਜਥੇਦਾਰ ਬਲਜੀਤ ਸਿੰਘ ਦਾਦੂਵਾਲ
ਚੇਅਰਮੈਨ ਧਰਮ ਪ੍ਰਚਾਰ HSGMC
ਸੰਪਰਕ ਨੰ. 9356060960, 9814015740

### ਪੰਜਾਬ ਸਰਕਾਰ ਵੱਲੋਂ ਬੇਅਦਬੀਆਂ ਸੰਬੰਧੀ ਐਕਟ ਦੀ ਸ਼ਬਦਾਵਲੀ ਸਿੱਧੇ ਤੌਰ 'ਤੇ

# ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਦੀ ਬੇਅਦਬੀ ਕਰਨ ਵਾਲੀ- ਗਿਆਨੀ ਅਮਰਜੀਤ ਸਿੰਘ



**ਨਵੀਂ ਦਿੱਲੀ, 7 ਮਈ (ਮਨਪ੍ਰੀਤ ਸਿੰਘ ਖਾਲਸਾ):-** ਸੱਚਖੰਡ ਸ੍ਰੀ ਹਰਿਮੰਦਰ ਸਾਹਿਬ ਦੇ ਹੈੱਡ ਗ੍ਰੰਥੀ ਸਿੰਘ ਸਾਹਿਬ ਗਿਆਨੀ ਅਮਰਜੀਤ ਸਿੰਘ ਨੇ ਕਿਹਾ ਕਿ ਪੰਜਾਬ ਸਰਕਾਰ ਵੱਲੋਂ ਬਣਾਏ ਗਏ "ਜਾਗਤ ਜੋਤ ਸ੍ਰੀ ਗੁਰੂ ਗ੍ਰੰਥ ਸਾਹਿਬ ਸਤਿਕਾਰ (ਸੋਧ) ਐਕਟ 2026" ਦੀ ਸ਼ਬਦਾਵਲੀ ਸਿੱਧੇ ਤੌਰ 'ਤੇ ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਦੀ ਬੇਅਦਬੀ ਕਰਨ ਵਾਲੀ ਹੈ। ਇਹ ਪ੍ਰਗਟਾਵਾ ਗਿਆਨੀ ਅਮਰਜੀਤ ਸਿੰਘ ਨੇ ਸ਼੍ਰੋਮਣੀ ਕਮੇਟੀ ਪ੍ਰਧਾਨ ਐਡਵੋਕੇਟ ਹਰਜਿੰਦਰ ਸਿੰਘ ਦੀ ਅਗਵਾਈ ਹੇਠ ਸ਼੍ਰੋਮਣੀ ਕਮੇਟੀ ਦਫ਼ਤਰ ਸਥਿਤ ਤੇਜਾ ਸਿੰਘ ਸਮੁੰਦਰੀ ਹਾਲ ਵਿਖੇ ਪ੍ਰਚਾਰਕ, ਵੱਖ-ਵੱਖ ਗੁਰਦੁਆਰਾ ਸਾਹਿਬਾਨ ਦੇ ਗ੍ਰੰਥੀ ਸਿੰਘ, ਪ੍ਰਬੰਧਕ ਕਮੇਟੀਆਂ ਅਤੇ ਅਖੰਡਪਾਠੀ ਸਭਾਵਾਂ ਦੀ ਵਿਸ਼ੇਸ਼ ਇਕੱਤਰਤਾ ਨੂੰ ਸੰਬੋਧਨ ਕਰਦਿਆਂ ਕੀਤਾ। ਉਨ੍ਹਾਂ ਕੌਮ ਨੂੰ ਸਰਕਾਰ ਦੀ ਇਸ ਸ਼ਰਾਰਤ ਭਰੀ ਕਾਰਵਾਈ ਤੋਂ ਸੁਚੇਤ ਹੋਣ ਲਈ ਆਖਦਿਆਂ ਕਿਹਾ ਕਿ ਸ੍ਰੀ ਗੁਰੂ ਗ੍ਰੰਥ ਸਾਹਿਬ ਸਬੰਧੀ ਪਾਸ ਕੀਤੇ ਗਏ ਐਕਟ ਵਿਚ ਸ੍ਰੀ ਗੁਰੂ ਗ੍ਰੰਥ ਸਾਹਿਬ ਲਈ ਸਟੋਰ ਸ਼ਬਦ ਵਰਤਣਾ ਪੰਥਕ ਭਾਵਨਾਵਾਂ ਦੇ ਵਿਰੁੱਧ ਹੈ। ਉਨ੍ਹਾਂ ਕਿਹਾ ਕਿ ਸਿੱਖ ਪ੍ਰੰਪਰਾ ਅਤੇ ਮਰਯਾਦਾ ਅਨੁਸਾਰ ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਨੂੰ ਬਿਰਾਜਮਾਨ ਕਰਨ ਲਈ ਸੁਖਆਸਣ ਅਤੇ ਸੱਚਖੰਡ ਅਸਥਾਨ ਸ਼ਬਦਾਂ ਦੀ ਵਰਤੋਂ ਕੀਤੀ ਜਾਂਦੀ ਹੈ। ਸ੍ਰੀ ਗੁਰੂ ਗ੍ਰੰਥ ਸਾਹਿਬ ਜਾਗਤ ਜੋਤ ਗੁਰੂ ਹਨ, ਜਿਸ ਨੂੰ ਸਟੋਰ ਕੀਤੇ ਜਾਣ ਦੀ ਸ਼ਬਦਾਵਲੀ ਕਿਸੇ ਵੀ ਤਰ੍ਹਾਂ ਪ੍ਰਵਾਨ ਨਹੀਂ ਕੀਤੀ ਜਾ ਸਕਦੀ। ਉਨ੍ਹਾਂ ਕਿਹਾ ਕਿ ਸਰਕਾਰ ਦਾ ਇਹ ਐਕਟ ਨੌਜੁਆਨਾਂ ਨੂੰ ਧਾਰਮਿਕ ਜ਼ੁੰਮੇਵਾਰੀਆਂ ਤੋਂ ਦੂਰ ਰੱਖਣ ਦਾ ਕਾਰਨ ਬਣੇਗਾ, ਜੋ ਕੌਮ ਦੇ ਕਦੇ ਵੀ ਹਿੱਤ ਨਹੀਂ ਹੈ। ਉਨ੍ਹਾਂ ਕਿਹਾ ਕਿ ਸਿੱਖ ਕੌਮ ਦੇ ਕੁਝ ਹਿੱਸੇ ਨੂੰ ਭਾਵੁਕ ਹੋ ਕੇ ਇਸ ਐਕਟ ਦੀ ਹਰ ਮੱਧ ਦੀ ਪ੍ਰੋੜਤਾ ਨਹੀਂ ਕਰਨੀ ਚਾਹੀਦੀ। ਇਸ ਇਕੱਤਰਤਾ ਦੌਰਾਨ ਸੰਬੋਧਨ ਕਰਦਿਆਂ ਐਡਵੋਕੇਟ ਹਰਜਿੰਦਰ ਸਿੰਘ ਧਾਮੀ ਨੇ ਕਿਹਾ ਕਿ ਪੰਜਾਬ ਸਰਕਾਰ ਵੱਲੋਂ ਪਾਸ ਕੀਤਾ ਗਿਆ ਇਹ ਕਾਨੂੰਨ ਜਿਥੇ ਸਿੱਖ ਸੰਸਥਾਵਾਂ ਵਿਚ ਸਿੱਧੀ ਦਖ਼ਲਅੰਦਾਜ਼ੀ ਹੈ, ਉਥੇ ਸਿੱਖ ਸੰਗਤਾਂ ਅੰਦਰ ਵੀ ਵੱਡੇ ਸ਼ੰਕੇ ਪੈਦਾ ਕਰ ਰਿਹਾ ਹੈ। ਉਨ੍ਹਾਂ ਕਿਹਾ ਕਿ ਸਰਕਾਰ ਦੀ ਨੀਅਤ ਤਾਂ ਇਸ ਗੱਲ ਤੋਂ ਹੀ ਸਪੱਸ਼ਟ ਹੈ ਕਿ ਪੰਜਾਬੀ ਬੋਲਦੇ ਸੂਬੇ ਅੰਦਰ ਹੀ ਇਸ ਦਾ ਤਰਜ਼ਮਾ ਪੰਜਾਬੀ ਵਿਚ ਮੌਜੂਦ ਨਹੀਂ ਹੈ। ਵੱਖ-ਵੱਖ ਬੁਲਾਰਿਆਂ ਦੇ ਵਿਚਾਰ ਜਾਣਨ ਮਗਰੋਂ ਸ਼੍ਰੋਮਣੀ ਕਮੇਟੀ ਪ੍ਰਧਾਨ ਨੇ ਆਖਿਆ ਕਿ ਪੰਜਾਬ ਸਰਕਾਰ ਵੱਲੋਂ ਬਣਾਇਆ ਗਿਆ "ਜਾਗਤ ਜੋਤ ਸ੍ਰੀ ਗੁਰੂ ਗ੍ਰੰਥ ਸਾਹਿਬ ਸਤਿਕਾਰ (ਸੋਧ) ਐਕਟ 2026" ਬੇਅਦਬੀ ਦੇ ਦੋਸ਼ੀਆਂ ਨੂੰ ਸਜ਼ਾਵਾਂ ਦੇਣ ਦੀ ਥਾਂ ਗੁਰੂ ਗ੍ਰੰਥ ਅਤੇ ਗੁਰੂ ਪੰਥ ਨੂੰ ਹੀ ਚੁਣੌਤੀ ਦੇਣ ਵਾਲੀ ਸਿਆਸੀ ਸਾਜ਼ਿਸ਼ ਹੈ। ਖ਼ਾਲਸਾ ਪੰਥ ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਦੀ ਬੇਅਦਬੀ ਕਰਨ ਵਾਲੇ ਦੋਸ਼ੀਆਂ ਨੂੰ ਸਖ਼ਤ ਸਜ਼ਾਵਾਂ ਦੇ ਹੱਕ ਵਿਚ ਹੈ ਅਤੇ ਅਜਿਹੇ ਕਿਸੇ ਵੀ ਕਾਨੂੰਨ ਦਾ ਵਿਰੋਧ ਨਹੀਂ ਕਰਦਾ, ਜੋ ਬੇਅਦਬੀ ਕਰਨ ਵਾਲਿਆਂ ਨੂੰ ਕਰੜੀਆਂ ਸਜ਼ਾਵਾਂ ਦਿੰਦਾ ਹੋਵੇ, ਲੇਕਿਨ ਇਹ ਹਰਗਿਜ਼ ਪ੍ਰਵਾਨ ਨਹੀਂ ਹੈ ਕਿ ਸਰਕਾਰ ਸਿੱਖ ਸੰਸਥਾਵਾਂ, ਗੁਰਦੁਆਰਾ ਕਮੇਟੀਆਂ ਅਤੇ ਪੰਥ ਦੇ ਮਾਮਲਿਆਂ ਵਿਚ ਸਰਕਾਰੀ ਦਖ਼ਲਅੰਦਾਜ਼ੀ ਦਾ ਰਾਹ ਪੱਧਰਾ ਕਰੇ। ਉਨ੍ਹਾਂ ਕਿਹਾ ਕਿ ਅੱਜ ਦੇ ਇਕੱਠ ਨੇ ਸਰਕਾਰ ਦੀ ਇਸ ਸਿਆਸੀ ਚਾਲ ਦਾ ਵਿਰੋਧ ਕਰਦਿਆਂ ਜਥੇਦਾਰ ਸ੍ਰੀ ਅਕਾਲ ਤਖ਼ਤ ਸਾਹਿਬ ਨੂੰ ਇਸ ਬਾਰੇ ਗੰਭੀਰ ਵਿਚਾਰ ਕਰਕੇ ਆਦੇਸ਼ ਦੇਣ ਦੀ ਅਪੀਲ ਕੀਤੀ ਹੈ, ਜੋ ਵੀ ਫੈਸਲਾ ਸ੍ਰੀ ਅਕਾਲ ਤਖ਼ਤ ਸਾਹਿਬ ਤੋਂ ਕੀਤਾ ਜਾਵੇਗਾ ਸਮੁੱਚੇ ਖ਼ਾਲਸਾ ਪੰਥ ਨੂੰ ਪ੍ਰਵਾਨ ਹੋਵੇਗਾ।

**ਐਕਟ ਗੁਰੂ ਗ੍ਰੰਥ ਅਤੇ ਗੁਰੂ ਪੰਥ ਨੂੰ ਚੁਣੌਤੀ ਦੇਣ ਵਾਲੀ ਸਿਆਸੀ ਸਾਜ਼ਿਸ਼-ਐਡਵੋਕੇਟ ਧਾਮੀ**

ਉਨ੍ਹਾਂ ਕਿਹਾ ਕਿ ਇਸ ਐਕਟ ਵਿਚ ਬਹੁਤ ਸਾਰੇ ਸ਼ਬਦ ਸਿੱਖ ਭਾਵਨਾਵਾਂ ਦੇ ਵਿਰੁੱਧ ਹਨ ਅਤੇ ਸਿੱਖ ਭਾਵਨਾਵਾਂ ਦੇ ਮੱਦੇਨਜ਼ਰ ਸਰਕਾਰ ਨੂੰ ਇਸ ਕਾਨੂੰਨ ਬਾਰੇ ਮੁੜ ਪੜਚੋਲ ਕਰਨੀ ਚਾਹੀਦੀ ਹੈ। ਸ੍ਰੀ ਅਕਾਲ ਤਖ਼ਤ ਸਾਹਿਬ ਦੀ ਸਰਪ੍ਰਸਤੀ ਹੇਠ ਸਿੱਖ ਸੰਸਥਾਵਾਂ ਨਾਲ ਵਿਚਾਰ ਕਰਕੇ ਜ਼ਰੂਰੀ ਸੋਧਾਂ ਕਰਨੀਆਂ ਚਾਹੀਦੀਆਂ ਹਨ। ਇਸ ਮੌਕੇ ਸ਼੍ਰੋਮਣੀ ਕਮੇਟੀ ਮੈਂਬਰ ਭਾਈ ਰਾਜਿੰਦਰ ਸਿੰਘ ਮਹਿਤਾ, ਗੁਰਦੁਆਰਾ ਬੀੜ ਬਾਬਾ ਬੁੱਢਾ ਸਾਹਿਬ ਦੇ ਮੁੱਖ ਗ੍ਰੰਥੀ ਗਿਆਨੀ ਨਿਸ਼ਾਨ ਸਿੰਘ, ਪ੍ਰਚਾਰਕ ਭਾਈ ਸੁਖਵਿੰਦਰ ਸਿੰਘ ਰਾਠੌਰ, ਮੈਨੇਜਰ ਸ. ਗੁਰਦੀਪ ਸਿੰਘ ਕੰਗ, ਗ੍ਰੰਥੀ ਸਭਾਵਾਂ ਵੱਲੋਂ ਭਾਈ ਜਸਮੇਰ ਸਿੰਘ ਛਾਜਲਾ ਨੇ ਵੀ ਸੰਬੋਧਨ ਕੀਤਾ। ਸਟੇਜ ਦੀ ਸੇਵਾ ਹੈੱਡ ਪ੍ਰਚਾਰਕ ਭਾਈ ਸਰਬਜੀਤ ਸਿੰਘ ਢੋਟੀਆਂ ਵੱਲੋਂ ਨਿਭਾਈ ਗਈ। ਇਸ ਮੌਕੇ ਸ਼੍ਰੋਮਣੀ ਕਮੇਟੀ ਦੇ ਮੈਂਬਰ ਭਾਈ ਰਾਜਿੰਦਰ ਸਿੰਘ ਮਹਿਤਾ, ਸ. ਸੁਰਜੀਤ ਸਿੰਘ ਭਿੱਟੇਵੱਡ, ਭਾਈ ਗੁਰਬਖ਼ਸ਼ ਸਿੰਘ ਖ਼ਾਲਸਾ, ਭਾਈ ਅਜੈਬ ਸਿੰਘ ਅਭਿਆਸੀ, ਸ. ਗੁਰਮੀਤ ਸਿੰਘ ਬੂਹ, ਓਐਸਡੀ ਸ. ਸਤਬੀਰ ਸਿੰਘ, ਸਕੱਤਰ ਸ. ਬਲਵਿੰਦਰ ਸਿੰਘ ਕਾਹਲਵਾਂ, ਸ. ਗੁਰਿੰਦਰ ਸਿੰਘ ਮਥਰੇਵਾਲ, ਵਧੀਕ ਸਕੱਤਰ ਸ. ਜਸਵਿੰਦਰ ਸਿੰਘ ਜੱਸੀ, ਮੀਤ ਸਕੱਤਰ ਸ. ਹਰਭਜਨ ਸਿੰਘ ਵਕਤਾ, ਸ. ਸੁਖਬੀਰ ਸਿੰਘ, ਸ੍ਰੀ ਦਰਬਾਰ ਸਾਹਿਬ ਦੇ ਮੈਨੇਜਰ ਸ. ਮੇਜਰ ਸਿੰਘ, ਤਖ਼ਤ ਸ੍ਰੀ ਕੇਸਗੜ੍ਹ ਸਾਹਿਬ ਦੇ ਮੁੱਖ ਗ੍ਰੰਥੀ ਗਿਆਨੀ ਜੋਗਿੰਦਰ ਸਿੰਘ, ਤਖ਼ਤ ਸ੍ਰੀ ਦਮਦਮਾ ਸਾਹਿਬ ਦੇ ਮੁੱਖ ਗ੍ਰੰਥੀ ਗਿਆਨੀ ਜਗਤਾਰ ਸਿੰਘ, ਕਥਾਵਾਚਕ ਗਿਆਨੀ ਚਰਨਜੀਤ ਸਿੰਘ, ਭਾਈ ਹਰਮਿੱਤਰ ਸਿੰਘ, ਸੁਪ੍ਰਿੰਟੈਂਡੈਂਟ ਸ. ਨਿਸ਼ਾਨ ਸਿੰਘ, ਇੰਚਾਰਜ ਸ. ਗੁਰਪ੍ਰੀਤ ਸਿੰਘ ਰੋਡੇ, ਸ. ਗੁਰਪ੍ਰਤਾਪ ਸਿੰਘ, ਮੈਨੇਜਰ ਸ. ਮਲਕੀਤ ਸਿੰਘ, ਸ. ਨਰਿੰਦਰਜੀਤ ਸਿੰਘ ਭਵਾਨੀਗੜ੍ਹ, ਸ. ਗੁਰਦੀਪ ਸਿੰਘ ਕੰਗ, ਸ. ਗੁਰਪ੍ਰੀਤ ਸਿੰਘ ਤੇ ਵੱਖ-ਵੱਖ ਗੁਰਦੁਆਰਾ ਸਾਹਿਬਾਨ ਦੇ ਮੈਨੇਜਰ, ਪ੍ਰਚਾਰਕ, ਢਾਡੀ ਤੇ ਕਵੀਸ਼ਰ ਵੀ ਮੌਜੂਦ ਸਨ।

### ਸਹੀਦ ਊਧਮ ਸਿੰਘ ਸਕਿਲ ਡਿਵੈਲਪਮੈਂਟ ਤੇ ਇੰਟਰਪਿਨਉਰ ਆਫਿਸ਼ੀਅਲ ਵੈਬਸਾਈਟ ਚਾਲੂ ਹੋਣ ਤੇ ਹੋਈ ਵੀਚਾਰ ਚਰਚਾ

# 31 ਅਗਸਤ 2026 ਨੂੰ ਸ਼ਹੀਦ ਊਧਮ ਸਿੰਘ ਦੇ ਸ਼ਹੀਦੀ ਦਿਹਾੜੇ ਤੇ ਯੂਨੀਵਰਸਿਟੀ ਦਾਖਲਾ ਚਾਲੂ ਕਰੇਗੀ-ਸੰਦੀਪ ਸਿੰਘ ਕੌੜਾ



**ਜੰਡਿਆਲਾ ਗੁਰੂ, 7 ਮਈ ( ਕੁਲਵੰਤ ਸਿੰਘ ਵਿਰਦੀ )**-ਅੱਜ ਕੰਬੋਜ ਫਾਊਂਡੇਸ਼ਨ ਜ਼ਿਲਾ ਅੰਮ੍ਰਿਤਸਰ ਦੇ ਅਹੁਦੇਦਾਰਾਂ ਦੀ ਮੀਟਿੰਗ ਹੋਈ ਜਿਸ ਵਿੱਚ ਕਪੂਰਥਲਾ ਵਿੱਚ ਸ਼ਹੀਦ ਉਧਮ ਸਿੰਘ ਦੇ ਨਾਮ ਤੇ ਬਣ ਰਹੀ ਯੂਨੀਵਰਸਿਟੀ ਡੀ ਆਫੀਸ਼ੀਅਲ ਵੈੱਬਸਾਈਟ ਦੀ ਸ਼ੁਰੂਆਤ ਯੂਨੀਵਰਸਿਟੀ ਦੇ ਚਾਂਸਲਰ ਸੰਦੀਪ ਸਿੰਘ ਕੌੜਾ ਨੇ ਆਪਣੇ ਕਰਕਮਲਾ ਨਾਲ ਕੀਤੀ। ਡਾ. ਕੌੜਾ ਨੇ ਦੱਸਿਆ ਕਿ ਯੂਨੀਵਰਸਿਟੀ ਦੀਆਂ ਤਿਆਰੀਆਂ ਆਖਰੀ ਪੜਾਅ ਵਿੱਚ ਹਨ ਤੇ 31 ਅਗਸਤ 2026 ਨੂੰ ਸ਼ਹੀਦ ਊਧਮ ਸਿੰਘ ਦੇ ਸ਼ਹੀਦੀ ਦਿਹਾੜੇ ਤੇ ਯੂਨੀਵਰਸਿਟੀ ਦਾਖਲਾ ਚਾਲੂ ਕਰੇਗੀ ਜਿਸ ਵਿੱਚ ਬੱਚਿਆਂ ਨੂੰ ਹੁਨਰ ਦੀ ਪੜ੍ਹਾਈ ਕਰਵਾਈ ਜਾਵੇਗੀ ਤੇ ਰੁਜ਼ਗਾਰ ਦੀ ਗਰੰਟੀ ਦਿੱਤੀ ਜਾਵੇਗੀ। ਬੱਚਿਆ ਤੋ ਫੀਸ ਵੀ ਯੂਨੀਵਰਸਿਟੀ ਨਹੀਂ ਲਵੇਗੀ ਤੇ ਹੋਰ ਸੋਮਿਆਂ ਤੋਂ ਫੀਸ ਦਾ ਪ੍ਰਬੰਧ ਕੀਤਾ ਜਾਵੇਗਾ। ਇਹ ਫੈਸਲਾ ਹੋਇਆ ਕਿ 12 ਮਈ ਨੂੰ ਕੰਬੋਜ ਫਾਊਂਡੇਸ਼ਨ ਦੇ ਸਾਰੇ ਮੈਂਬਰ ਦਰਬਾਰ ਸਾਹਿਬ ਗੁਰੂ ਦਾ ਸ਼ੁਕਰਾਨਾ ਕਰਨ ਲਈ ਪਹੁੰਚਣਗੇ ਤੇ ਜੰਡਿਆਲਾ ਗੁਰੂ ਸੇਂਟ ਸੋਲਜ਼ਰ ਇਲੀਟ ਕਾਨਵੈਂਟ ਸਕੂਲ ਵਿੱਚ ਉਹਨਾਂ ਦਾ ਸ਼ਾਨਦਾਰ ਸਵਾਗਤ ਕੀਤਾ ਜਾਵੇਗਾ। ਸ੍ਰੀ ਗੁਰੂ ਰਾਮਦਾਸ ਜੀ ਤੋਂ ਆਸ਼ੀਰਵਾਦ ਲੈਣ ਉਪਰੰਤ ਜਲਿਆਂਵਾਲੇ ਬਾਗ ਵਿੱਚ ਸ਼ਹੀਦ ਉਧਮ ਸਿੰਘ ਨੂੰ ਸ਼ਰਧਾਜਲੀ ਭੇਂਟ ਕੀਤੀ ਜਾਵੇਗੀ। ਇਸ ਸਾਰੇ ਪ੍ਰੋਗਰਾਮ ਨੂੰ ਸੰਚਾਰੂ ਢੰਗ ਨਾਲ ਚਲਾਉਣ ਲਈ ਕੰਬੋਜ ਫਾਊਂਡੇਸ਼ਨ ਦੇ ਵਰਕਰ ਦੀਆਂ ਡਿਊਟੀਆਂ ਲਗਾ ਦਿੱਤੀਆਂ ਗਈਆਂ ਹਨ ਜੋ ਵੱਡੇ ਪੱਧਰ ਤੇ ਯੂਨੀਵਰਸਿਟੀ ਬਣਾਉਣ ਵਾਲੇ ਇਹਨਾਂ ਮਹਾਨ ਸ਼ਖਸ਼ੀਅਤਾਂ ਨੂੰ ਸਨਮਾਨਿਤ ਕਰਨਗੇ। ਇਸ ਮੀਟਿੰਗ ਵਿੱਚ ਡਾ. ਮੰਗਲ ਸਿੰਘ ਕ੍ਰਿਸ਼ਨਪੁਰੀ, ਸ. ਸੁਰਿੰਦਰ ਸਿੰਘ ਚੰਦੀ, ਸ. ਅਮਰ ਸਿੰਘ, ਸ. ਇੰਦਰਜੀਤ ਸਿੰਘ ਜੱਜ, ਸ੍ਰ: ਅਰਸ਼ਦੀਪ ਸਿੰਘ ਹਾਡਾ, ਸ. ਕਿਰਪਾਲ ਸਿੰਘ ਰਾਮਦਵਾਲੀ, ਸ. ਮਨਦੀਪ ਸਿੰਘ ਢੋਟ Ex MC, ਸ, ਜਸਦੀਪ ਸਿੰਘ ਜੱਗਾ ਚੌਹਾਨ ਸ਼ਾਮਿਲ ਹੋਏ।

# ਹਰਿਆਣਾ ਦੀ ਸਿਰਮੌਰ ਸੰਸਥਾ ਦੀ ਅਗਵਾਈ ਕਰਦੇ ਆਗੂ ਨੂੰ ਇਹੋ ਜਿਹੇ ਬਿਆਨ ਸੋਭਾ ਨਹੀਂ ਦਿੰਦੇ -ਸੁਖਬੀਰ ਸਿੰਘ ਬਲਬੇੜਾ ਬੁਲਾਰਾ ਅਕਾਲੀ ਦਲ ਵਾਰਿਸ ਪੰਜਾਬ

**☛ ਦੁਨੀਆਂ ਦੇ ਕੋਨੇ ਕੋਨੇ ਚ ਸੰਸਾਰ ਭਰ ਦੇ ਸਿੱਖਾ ਦੇ ਦਿਲ ਨੂੰ ਪਹੁੰਚੀ ਭਾਰੀ ਠੇਸ ☛ ਸਿੱਖ ਕੌਮ ਦੇ ਹਰਿਆਣੇ ਕਮੇਟੀ ਦਾ ਪ੍ਰਧਾਨ ਕਹੇ ਕਿ ਮੇਰੇ ਕੋਲ ਲੰਗਰ ਦੀ ਦਾਲ ਯੋਗੇ ਪੈਸੇ ਨਹੀ ☛ ਹਾਲਾਂਕਿ ਸੰਗਤਾਂ ਵੱਲੋਂ ਚੁਣੇ ਗਏ ਕਮੇਟੀ ਮੈਂਬਰ ਨੂੰ ਨਾਲ ਲੈ ਕੇ ਚੱਲਣ ਵਿੱਚ ਵੀ ਅਸਫ਼ਲ ਰਹੇ ਪ੍ਰਧਾਨ ਝੀਂਡਾ**

**ਚੰਡੀਗੜ੍ਹ, 7 ਮਈ (ਆਵਾਜ਼ਿ ਕੌਮ ਬਿਊਰੋ)**-ਅੱਜ ਪ੍ਰੈਸ ਨੋਟ ਜਾਰੀ ਕਰਦਿਆਂ ਸੁਖਬੀਰ ਸਿੰਘ ਬਲਬੇੜਾ ਨੇ ਆਖਿਆ ਕਿ ਸੰਸਾਰ ਦੇ ਕੋਨੇ ਕੋਨੇ ਵਿੱਚ ਬਿਨਾਂ ਕਿਸੇ ਭੇਦ ਭਾਵ ਦੇ ਦੁਨੀਆ ਦਾ ਢਿੱਡ ਭਰਨ ਵਾਲੀ ਸਿੱਖ ਕੌਮ ਆਪਣੇ ਸਿਧਾਂਤਾ ਦੇ ਤੌਰ ਤੇ ਜਾਣੀ ਜਾਂਦੀ ਹੈ । ਪਰ ਦੂਜੇ ਪਾਸੇ ਹਰਿਆਣਾ ਸਿੱਖ ਗੁਰਦੁਆਰਾ ਮੈਨੇਜਮੈਂਟ ਕਮੇਟੀ ਦੇ ਪ੍ਰਧਾਨ ਜਗਦੀਸ਼ ਸਿੰਘ ਝੰਡਾ ਕਿਸੇ ਪ੍ਰੋਗਰਾਮ ਦੇ ਵਿੱਚ ਸੰਬੋਧਨ ਕਰਦਿਆਂ ਬੋਲੇ ਕੇ ਮੇਰੇ ਕੋਲ ਲੰਗਰਾਂ ਦੀ ਦਾਲਾ ਲਿਆਉਣ ਜੋਗੇ ਪੈਸੇ ਨਹੀ ਹਨ । ਜਿਸ ਬਿਆਨ ਦੀ ਨਿਖੇਦੀ ਸੰਸਾਰ ਦੇ ਕੋਨੇ ਕੋਨੇ ਵਿੱਚ ਬੈਠੇ ਸਿੱਖ ਸਮਾਜ ਵੱਲੋਂ ਕੀਤੀ ਜਾ ਰਹੀ ਹੈ ਕਿਉਂਕਿ ਇਹ ਬਿਆਨ ਸਿੱਖ ਸਿਧਾਂਤਾਂ ਦੇ ਉਲਟ ਅਤੇ ਸਿੱਖ ਸਿਧਾਂਤਾ ਨੂੰ ਢਾਹ ਲਾਉਣ ਦੇਣ ਵਾਲਾ ਹੈ । ਸਿੱਖ ਗਲਿਆਰਿਆ ਵਿੱਚ ਚਰਚੇ ਇਸ ਗੱਲ ਦੇ ਵੀ ਹੋ ਰਹੇ ਹਨ ਕਿ ਝੀਂਡਾ ਹਰਿਆਣਾ ਸਿੱਖ ਗੁਰਦੁਆਰਾ ਮੈਨੇਜਮੈਂਟ ਕਮੇਟੀ ਦੀ ਯੋਗ ਅਗਵਾਈ ਨਹੀਂ ਕਰ ਪਾ ਰਹੇ ਤੇ ਨਿੱਜੀ ਹਿੱਤਾਂ ਨੂੰ ਬਰਕਰਾਰ ਰੱਖਣ ਲਈ ਸਰਕਾਰ ਦੀ ਪੁਸ਼ਤ ਪਨਾਹੀ ਜ਼ਿਆਦਾ ਕਰ ਰਹੇ ਹਨ । ਕਿਉਂਕਿ ਪ੍ਰਧਾਨਗੀ ਦੇ ਢਾਈ ਸਾਲ ਦਾ ਸਮਾਂ ਪੂਰਾ ਹੋਣ ਦੇ ਕਰੀਬ ਹੋ ਚੱਲਿਆ ਪਰ ਹਲੇ ਤੱਕ ਝੀਂਡਾ ਬਜਟ ਪਾਸ ਨਹੀਂ ਕਰਵਾ ਸਕੇ । ਕਿਉਂਕਿ ਜਿਨਾਂ ਮੈਂਬਰਾਂ ਨੇ ਪ੍ਰਧਾਨ ਝੀਂਡਾ ਨੂੰ ਪ੍ਰਧਾਨ ਬਣਾਉਣ ਲਈ ਸਹਿਯੋਗ ਦਿੱਤਾ ਸੀ ਉਹਨਾਂ ਨੂੰ ਵੀ ਨਾਲ ਲੈ ਕੇ ਚੱਲਣ ਦੇ ਵਿੱਚ ਨਾ ਕਾਮਯਾਬ ਰਹੇ। ਪਰਿਵਾਰ ਦੇ ਮੁਖੀ ਦਾ ਫਰਜ਼ ਹੁੰਦਾ ਹੈ ਕਿ ਪੂਰੇ ਪਰਿਵਾਰ ਨੂੰ ਇੱਕ ਜੁਟ ਰੱਖੇ ਅਤੇ ਨਾਲ ਲੈ ਕੇ ਚੱਲੇ । ਪਰ ਸੰਗਤਾਂ ਵਿੱਚ ਨਿਰਾਸ਼ਾ ਨਜ਼ਰ ਆ ਰਹੀ ਹੈ ਕਿ ਜੋ ਸਿੱਖ ਸੰਗਤ ਨੂੰ ਹਰਿਆਣਾ ਕਮੇਟੀ ਤੋਂ ਉਮੀਦਾ ਸੀ ਉਹ ਪੁਰੀਆ ਨਹੀਂ ਹੋ ਪਾ ਰਹੀਆ । ਜਦੋਂ ਕਿਸੇ ਵੀ ਸਟੇਜ ਤੋਂ ਗੱਲ ਕਰਦੇ ਨੇ ਤਾਂ ਸਿਰਫ ਸੰਗਤਾਂ ਵੱਲੋਂ ਚੁਣੇ ਕਮੇਟੀ ਮੈਂਬਰਾਂ ਨੂੰ ਭੰਡ ਦੇ ਨਜ਼ਰ ਆਉਂਦੇ ਹਨ । ਸੰਗਤਾਂ ਵਿੱਚ ਇਸ ਗੱਲ ਦੀਆਂ ਚਰਚਾਵਾਂ ਕਿ ਜੇਕਰ ਪ੍ਰਧਾਨ ਝੀਂਡਾ ਤੇ ਕਮੇਟੀ ਦੀ ਯੋਗ ਅਗਵਾਈ ਨਹੀਂ ਹੁੰਦੀ ਤਾਂ ਆਪ ਹੀ ਤਿਆਗ ਦੀ ਭਾਵਨਾ ਰੱਖਦੇ ਹੋਏ ਪਿੱਛੇ ਹਟ ਜਾਣਾ ਚਾਹੀਦਾ ।



# ਸੰਸਥਾ ਦੀ ਯੋਗ ਅਗਵਾਈ ਦੇ ਲਾਇਕ ਨਹੀਂ ਝੀਂਡਾ : ਮਾਨ ਸਿੰਘ ਅਕਾਲੀ

**☛ ਦੁਨੀਆਂ ਦੇ ਕੋਨੇ ਕੋਨੇ 'ਚ ਸੰਸਾਰ ਦਾ ਢਿੱਡ ਭਰਨ ਵਾਲੀ ਸਿੱਖ ਕੌਮ ਦਾ ਹਰਿਆਣੇ ਵਾਲਾ ਪ੍ਰਧਾਨ ਕਹੇ ਕਿ ਮੇਰੇ ਕੋਲ ਦਾਲ ਯੋਗੇ ਪੈਸੇ ਨਹੀ ☛ ਹਾਲਾਂਕਿ ਜਿਨਾਂ ਨੇ ਪ੍ਰਧਾਨ ਬਣਾਇਆ ਉਹਨਾਂ ਨੂੰ ਵੀ ਨਾਲ ਲੈ ਕੇ ਚੱਲਣ ਦੇ ਵਿੱਚ ਨਾ ਕਾਮਯਾਬ ਹੋਏ ਝੀਂਡਾ ☛ ਖੁਦ ਨੈਤਿਕਤਾ ਦੇ ਆਧਾਰ ਤੇ ਦੇ ਦੇਣਾ ਚਾਹੀਦਾ ਅਸਤੀਫਾ**

**ਚੰਡੀਗੜ੍ਹ, 7 ਮਈ (ਆਵਾਜ਼ਿ ਕੌਮ ਬਿਊਰੋ)**-ਅੱਜ ਪ੍ਰੈਸ ਨੋਟ ਜਾਰੀ ਕਰਦਿਆਂ ਮਾਨ ਸਿੰਘ ਅਕਾਲੀ ਨੇ ਆਖਿਆ ਕਿ ਸੰਸਾਰ ਦੇ ਕੋਨੇ ਕੋਨੇ ਵਿੱਚ ਬਿਨਾਂ ਕਿਸੇ ਭੇਦ ਭਾਵ ਦੇ ਦੁਨੀਆ ਦਾ ਢਿੱਡ ਭਰਨ ਵਾਲੀ ਸਿੱਖ ਕੌਮ ਆਪਣੇ ਸਿਧਾਂਤਾ ਦੇ ਤੌਰ ਤੇ ਜਾਣੀ ਜਾਂਦੀ ਹੈ । ਪਰ ਦੂਜੇ ਪਾਸੇ ਹਰਿਆਣਾ ਸਿੱਖ ਗੁਰਦੁਆਰਾ ਮੈਨੇਜਮੈਂਟ ਕਮੇਟੀ ਦੇ ਪ੍ਰਧਾਨ ਜਗਦੀਸ਼ ਸਿੰਘ ਝੰਡਾ ਕਿਸੇ ਪ੍ਰੋਗਰਾਮ ਦੇ ਵਿੱਚ ਸੰਬੋਧਨ ਕਰਦਿਆਂ ਬੋਲੇ ਕੇ ਮੇਰੇ ਕੋਲ ਲੰਗਰਾਂ ਦੀ ਦਾਲਾ ਲਿਆਉਣ ਜੋਗੇ ਪੈਸੇ ਨਹੀ ਹਨ । ਜਿਸ ਬਿਆਨ ਦੀ ਨਿਖੇਦੀ ਸੰਸਾਰ ਦੇ ਕੋਨੇ ਕੋਨੇ ਵਿੱਚ ਬੈਠੇ ਸਿੱਖ ਸਮਾਜ ਵੱਲੋਂ ਕੀਤੀ ਜਾ ਰਹੀ ਹੈ ਕਿਉਂਕਿ ਇਹ ਬਿਆਨ ਸਿੱਖ ਸਿਧਾਂਤਾਂ ਦੇ ਉਲਟ ਅਤੇ ਸਿੱਖ ਸਿਧਾਂਤਾ ਨੂੰ ਢਾਹ ਲਾਉਣ ਦੇਣ ਵਾਲਾ ਹੈ । ਸਿੱਖ ਗਲਿਆਰਿਆ ਵਿੱਚ ਚਰਚੇ ਇਸ ਗੱਲ ਦੇ ਵੀ ਹੋ ਰਹੇ ਹਨ ਕਿ ਝੀਂਡਾ ਹਰਿਆਣਾ ਸਿੱਖ ਗੁਰਦੁਆਰਾ ਮੈਨੇਜਮੈਂਟ ਕਮੇਟੀ ਦੀ ਯੋਗ ਅਗਵਾਈ ਦੇ ਲਾਇਕ ਨਹੀਂ । ਕਿਉਂਕਿ ਪ੍ਰਧਾਨਗੀ ਦੇ ਢਾਈ ਸਾਲ ਦਾ ਸਮਾਂ ਪੂਰਾ ਹੋਣ ਦੇ ਕਰੀਬ ਹੋ ਚੱਲਿਆ ਪਰ ਹਲੇ ਤੱਕ ਝੀਂਡਾ ਬਜਟ ਪਾਸ ਨਹੀਂ ਕਰਵਾ ਸਕੇ । ਕਿਉਂਕਿ ਜਿਨਾਂ ਮੈਂਬਰਾਂ ਨੇ ਪ੍ਰਧਾਨ ਝੀਂਡਾ ਨੂੰ ਪ੍ਰਧਾਨ ਬਣਾਉਣ ਲਈ ਸਹਿਯੋਗ ਦਿੱਤਾ ਸੀ ਉਹਨਾਂ ਨੂੰ ਵੀ ਨਾਲ ਲੈ ਕੇ ਚੱਲਣ ਦੇ ਵਿੱਚ ਨਾ ਕਾਮਯਾਬ ਹੋਏ । ਪਰਿਵਾਰ ਦੇ ਮੁਖੀ ਦਾ ਫਰਜ਼ ਹੁੰਦਾ ਹੈ ਕਿ ਪੂਰੇ ਪਰਿਵਾਰ ਨੂੰ ਇੱਕ ਜੁਟ ਰੱਖੇ ਅਤੇ ਨਾਲ ਲੈ ਕੇ ਚੱਲੇ । ਪਰ ਇਸ ਤਰ੍ਹਾਂ ਦੀ ਕੋਈ ਕਾਬਲੀਅਤ ਪ੍ਰਧਾਨ ਝਿੰਡਾ ਦੇ ਵਿੱਚ ਸੰਗਤਾਂ ਨੂੰ ਨਜ਼ਰ ਨਹੀਂ ਆ ਰਹੀ । ਜਦੋਂ ਕਿਸੇ ਵੀ ਸਟੇਜ ਤੋਂ ਗੱਲ ਕਰਦੇ ਨੇ ਤਾਂ ਸਿਰਫ ਜਥੇਦਾਰ ਬਲਜੀਤ ਸਿੰਘ ਦਾਦੂਵਾਲ ਨੂੰ ਭੰਡ ਦੇ ਨਜ਼ਰ ਆਉਂਦੇ ਹਨ ਜਦ ਕਿ ਕੋਈ ਵੀ ਇਲਜ਼ਾਮ ਲਗਾ ਕੇ ਬਾਅਦ ਚ ਸਾਬਤ ਕਰਨ ਦੇ ਵਿੱਚ ਨਾ ਕਾਮਯਾਬ ਰਹਿੰਦੇ ਹਨ । ਅੰਦਰ ਖਾਤੇ ਇਸ ਗੱਲ ਦੀਆਂ ਚਰਚਾਵਾਂ ਵੀ ਤੇਜ਼ ਹੋ ਗਈਆਂ ਹਨ ਕਿ ਜੇਕਰ ਪ੍ਰਧਾਨ ਝੀਂਡਾ ਨੇ ਹਰੇਕ ਕਾਰਜ ਤੋਂ ਹਥ ਹੀ ਖੜੇ ਕਰਨੇ ਹਨ ਤਾਂ ਉਹਨਾਂ ਨੂੰ ਆਪਣੇ ਅਹੁਦੇ ਤੋਂ ਅਸਤੀਫਾ ਦੇ ਦੇਣਾ ਚਾਹੀਦਾ ਹੈ।



# ਪੰਜਾਬ ਸਟੇਟ ਪੈਨਸ਼ਨਰਜ਼ ਕਨਫੈਡਰੇਸ਼ਨ ਨੇ ਸਰਕਾਰ ਦੀ ਕੀਤੀ ਨਿਖੇਧੀ

**ਹੁਸ਼ਿਆਰਪੁਰ, 6 ਮਈ (ਆਵਾਜ਼ਿ ਕੌਮ ਬਿਊਰੋ)**-ਪੰਜਾਬ ਸਟੇਟ ਪੈਨਸ਼ਨਰਜ਼ ਕਨਫੈਡਰੇਸ਼ਨ ਦੇ ਜਨਰਲ ਸਕੱਤਰ ਕੁਲਵਰਨ ਸਿੰਘ ਅਤੇ ਵਧੀਕ ਜਨਰਲ ਸਕੱਤਰ ਬਲਵੀਰ ਸਿੰਘ ਸੈਣੀ ਨੇ ਪ੍ਰੈਸ ਨੂੰ ਸਾਂਝਾ ਬਿਆਨ ਜਾਰੀ ਕਰਦਿਆਂ ਕਿਹਾ ਕਿ ਪੈਨਸ਼ਨਾਂ ਜ਼ਾਰੀ ਕਰਨ 'ਚ ਦੇਰੀ ਲਈ ਪੰਜਾਬ ਸਰਕਾਰ ਦੀ ਨਿਖੇਧੀ ਕੀਤੀ ਹੈ। ਆਗੂਆਂ ਨੇ ਪੰਜਾਬ ਸਰਕਾਰ ਤੇ ਦੋਸ਼ ਲਾਉਦਿਆ ਕਿਹਾ ਕਿ ਪੰਜਾਬ ਦੇ ਪੈਨਸ਼ਨਰਾਂ ਨੂੰ ਅਪ੍ਰੈਲ ਮਹੀਨੇ ਦੀ ਪੈਨਸ਼ਨ ਪਹਿਲੀ ਮਈ ਨੂੰ ਮਿਲਣ ਯੋਗ ਸੀ, ਪਰ ਅਜੇ ਤੱਕ ਪੈਨਸ਼ਨਰਾਂ ਨੂੰ ਪੈਨਸ਼ਨ ਨਹੀਂ ਮਿਲੀ, ਜਿਸ ਕਾਰਨ ਬਜ਼ੁਰਗ ਅਵਸਥਾ 'ਚ ਉਨ੍ਹਾਂ ਦੀਆਂ ਸਮਸਿਆਵਾਂ ਹੋਰ ਵਧ ਗਈਆਂ ਹਨ। ਸੈਣੀ ਨੇ ਕਿਹਾ ਸਰਕਾਰ ਨੇ ਡੀਏ ਜਾਂ ਹੋਰ ਮੰਗਾਂ ਤਾਂ ਕੀ ਮੰਨਣੀਆਂ ਸਨ ਉਲਟੀ ਅਪ੍ਰੈਲ ਮਹੀਨੇ ਦੀ ਪੈਨਸ਼ਨ ਵੀ ਹੁਣ ਤੱਕ ਨਹੀਂ ਦਿੱਤੀ। ਜਿਸ ਕਰਕੇ ਸਰਕਾਰ ਪ੍ਰਤੀ ਪੈਨਸ਼ਨਰਾਂ ਵਿੱਚ ਰੋਹ ਹੋਰ ਵੱਧ ਗਿਆ ਹੈ। ਉਨ੍ਹਾਂ ਪੰਜਾਬ ਸਰਕਾਰ ਤੋਂ ਮੰਗ ਕੀਤੀ ਕਿ ਪੈਨਸ਼ਨਰਾਂ ਨੂੰ ਪੈਨਸ਼ਨਾਂ ਜ਼ਲਦ ਜ਼ਾਰੀ ਕੀਤੀਆਂ ਜਾਣ।

ਆਵਾਜ਼ਿ ਕੌਮ AWAZE QAUM International Newspaper & WEB TV
ਸਿੱਖ ਕੌਮ ਅਤੇ ਪੰਜਾਬੀਅਤ ਦਾ ਪਹਿਰੇਦਾਰ
ਆਵਾਜ਼ਿ ਕੌਮ
ਵਿੱਚ ਵਿਸ਼ਵ ਪੱਧਰ 'ਤੇ ਇਸ਼ਤਿਹਾਰ ਦੇਣ ਲਈ ਸੰਪਰਕ ਕਰੋ :
+447458381111 +447976210161 +919729091243

ਸ਼ੁਕਰਾਨਾ ਯਾਤਰਾ ਮੌਕੇ ਭਾਈ ਅੰਮ੍ਰਿਤਪਾਲ ਸਿੰਘ ਖਾਲਸਾ ਦੀ ਮਾਤਾ ਨੇ ਮੁੱਖ ਮੰਤਰੀ ਨੂੰ ਕੀਤੇ ਤਿੱਖੇ ਸਵਾਲ ਐਨ ਐਸ ਏ ਟੁੱਟਣ ਤੇ

# ਅੰਮ੍ਰਿਤਪਾਲ ਸਿੰਘ ਖਾਲਸਾ ਨੂੰ ਕਿਉਂ ਨਹੀ ਲਿਆਂਦਾ ਜਾ ਰਿਹਾ ਪੰਜਾਬ





**ਜੰਡਿਆਲਾ ਗੁਰੂ 7 ਮਈ ( ਕੁਲਵੰਤ ਸਿੰਘ ਵਿਰਦੀ )**-ਲੰਮੇ ਸਮੇਂ ਤੋਂ ਪੰਜਾਬ ਦੇ ਲੋਕਾਂ ਦੀ ਮੰਗ ਸੀ ਕਿ ਬੇਅਦਬੀ ਪ੍ਰਤੀ ਕਾਨੂੰਨ ਬਣਾਇਆ ਜਾਵੇ ਤਾਂ ਜੋ ਪੰਜਾਬ ਵਿੱਚ ਬੇਅਦਬੀ ਦੀਆਂ ਘਟਨਾਵਾਂ ਨੂੰ ਰੋਕਿਆ ਜਾ ਸਕੇ , ਅਤੇ ਪੰਜਾਬ ਦੇ ਲੋਕਾਂ ਦੀ ਇਸ ਮੰਗ ਨੂੰ ਲੈ ਕੇ ਪੰਜਾਬ ਸਰਕਾਰ ਵਲੋਂ ਬੇਅਦਬੀ ਪ੍ਰਤੀ ਕਾਨੂੰਨ ਬਣਾ ਦਿੱਤਾ ਗਿਆ, ਅਤੇ ਬੇਅਦਬੀ ਕਾਨੂੰਨ ਬਣਾਉਣ ਤੇ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਵੱਲੋਂ ਸ਼ੁਕਰਾਨੇ ਵਜੋਂ ਤੀਰਥ ਯਾਤਰਾ ਕੱਢੀ ਜਾ ਰਹੀ ਹੈ ਜਿਸ ਵਿੱਚ ਵੱਖ-ਵੱਖ ਅਸਥਾਨਾਂ ਦੇ ਦਰਸ਼ਨ ਕੀਤੇ ਜਾ ਰਹੇ ਹਨ।, ਇਸ ਮੌਕੇ ਤੇ ਤੀਰਥ ਯਾਤਰਾ ਦੇ ਦੌਰਾਨ ਭਗਵੰਤ ਮਾਨ ਦਾ ਕਾਫਲਾ ਜਦ ਰਈਆ ਪਹੁੰਚਿਆ ਤਾਂ ਲੋਕ ਸਭਾ ਹਲਕਾ ਖਡੂਰ ਸਾਹਿਬ ਦੇ ਐਮ ਪੀ ਭਾਈ ਅੰਮ੍ਰਿਤਪਾਲ ਸਿੰਘ ਖਾਲਸਾ ਦੀ ਮਾਤਾ ਬੀਬੀ ਬਲਵਿੰਦਰ ਕੌਰ ਵੱਲੋਂ ਸੀਐਮ ਭਗਵੰਤ ਮਾਨ ਨੂੰ ਤਿੱਖੇ ਸਵਾਲਾਂ ਨਾਲ ਘੇਰਿਆ, ਇਸ ਕਾਫਲੇ ਦੌਰਾਨ ਮਾਤਾ ਜੀ ਨੇ ਭਾਈ ਅੰਮ੍ਰਿਤਪਾਲ ਸਿੰਘ ਖਾਲਸਾ ਤੇ ਐਨ ਐਸ ਏ ਟੁੱਟਣ ਤੋਂ ਬਾਅਦ ਵੀ ਪੰਜਾਬ ਕਿਉਂ ਨਹੀਂ ਲਿਆਂਦਾ ਜਾ ਰਿਹਾ ਇਸ ਬਾਰੇ ਸੀਐਮ ਮਾਨ ਨੂੰ ਤਿੱਖੇ ਸਵਾਲ ਕੀਤੇ, ਅਤੇ ਉਸ ਤੋਂ ਬਾਅਦ ਬੰਦੀ ਸਿੰਘਾਂ ਦੀ ਰਿਹਾਈ ਬਾਰੇ ਅਤੇ ਹੋਰ ਵੀ ਪੰਜਾਬ ਦੇ ਮੁਦਿਆਂ ਬਾਰੇ ਜਦੋਂ ਸਵਾਲ ਜਵਾਬ ਕੀਤੇ ਤਾ ਇਨਾ ਸਭ ਮੁਦਿਆਂ ਦੇ, ਜਵਾਬ ਦੇਣ ਤੋਂ ਸੀ ਐਮ ਭਗਵੰਤ ਸਿੰਘ ਮਾਨ, ਮੁਨਕਰ ਹੋਏ ਦਿਖਾਈ ਦਿੱਤੇ, ਕਾਫਲੇ ਨੂੰ ਰਵਾਨਾ ਕਰਦੇ ਤੁਰਦੇ ਬਣੇ। ਇਸ ਮੌਕੇ ਤੇ ਬੀਬੀ ਬਲਵਿੰਦਰ ਕੌਰ ਜੀ ਨਾਲ ਧੱਕਾ ਮੁੱਕੀ ਵੀ ਹੋਈ।ਅਤੇ ਉਹਨਾਂ ਦੀ ਐਨਕ ਵੀ ਟੁੱਟ ਗਈ, ਇਸ ਮੌਕੇ ਤੇ ਅਕਾਲੀ ਦਲ ਵਾਰਿਸ ਪੰਜਾਬ ਦੇ ਜਥੇਬੰਦੀ ਦੇ ਨੁਮੰਦਿਆਂ ਵੱਲੋਂ ਖੁੱਲ ਕੇ ਪੰਜਾਬ ਸਰਕਾਰ ਵਿਰੁੱਧ ਮੁਰਦਾਬਾਦ ਦੇ ਨਾਅਰੇ ਲਗਾਏ ਗਏ ।ਜਦੋ, ਇਸ ਪੂਰੇ ਘਟਨਾਕ੍ਰਮ ਸੰਬੰਧੀ ਭਾਈ ਅੰਮ੍ਰਿਤਪਾਲ ਸਿੰਘ ਜੀ ਦੇ ਪਿਤਾ ਬਾਪੂ ਤਰਸੇਮ ਸਿੰਘ ਨਾਲ ਗੱਲ ਕੀਤੀ ਗਈ ਤਾਂ ਉਹਨਾਂ ਨੇ ਜਾਣਕਾਰੀ ਦਿੰਦੇ ਦੱਸਿਆ, ਭਗਵੰਤ ਮਾਨ ਜੋ ਕਿ ਲੋਕਾਂ ਦਾ ਚੁਣਿਆ ਹੋਇਆ ਮੁੱਖ ਮੰਤਰੀ ਹੈ ਉਸ ਨੂੰ ਹਰ ਕਿਸੇ ਦੇ ਸਵਾਲਾਂ ਦੇ ਜਵਾਬ ਦੇਣੇ ਬਣਦੇ ਸਨ, ਅਤੇ ਅਸੀਂ ਆਪਣੇ ਹੱਕਾਂ ਵਾਸਤੇ ਲੜ੍ਹ ਰਹੇ ਹਾਂ ਅਸੀਂ ਆਪਣੇ ਪੰਜਾਬ ਦੇ ਲੋਕਾਂ ਦੀ ਗੱਲ ਕਰ ਰਹੇ ਹਾਂ ਜਦ ਉਹਨਾਂ ਨੂੰ ਬੰਦੀ ਸਿੰਘਾਂ ਦੀ ਰਿਹਾਈ ਬਾਰੇ ਪੁੱਛਿਆ ਗਿਆ ,ਭਾਈ ਅੰਮ੍ਰਿਤਪਾਲ ਸਿੰਘ ਦੀ ਐਨਐਸਏ ਟੁੱਟਣ ਤੋਂ ਬਾਅਦ ਵੀ ਡਿਬਰੂਗੜ੍ਹ ਜੇਲ ਵਿੱਚ ਰੱਖਣਾਂ ਵੀ ਸਰਕਾਰਾਂ ਦੀ ਗਿਣੀ ਮਿਥੀ ਸਾਜ਼ਿਸ਼ ਹੈ। ਅੱਗੇ ਉਹਨਾਂ ਕਿਹਾ ਜਦੋ ਭਾਈ ਅੰਮ੍ਰਿਤਪਾਲ ਸਿੰਘ ਨੂੰ ਪੰਜਾਬ ਲਿਆਉਣ ਦੀ ਗੱਲ ਕੀਤੀ ਕਿ ਉਹਨਾਂ ਨੂੰ ਪੰਜਾਬ ਕਿਉਂ ਨਹੀਂ ਲਿਆਂਦਾ ਜਾ ਰਿਹਾ ਤਾਂ ਭਗਵੰਤ ਸਿੰਘ ਮਾਨ ਉਹਨਾਂ ਦੇ ਇਹਨਾਂ ਸਭ ਸੁਵਾਲਾ ਦੇ ਜਵਾਬ ਦੇਣੇ ਬਣਦੇ ਸਨ। ਜੋ ਕਿ ਨਹੀ ਦੇ ਸਕੇ ਅਤੇ ਆਪਣੇ ਕਾਫਲੇ ਸਮੇਤ ਤੁਰਦੇ ਬਣੇ।

ਆਵਾਜ਼ਿ ਕੌਮ AWAZE QAUM International Newspaper & WEB TV

ਜੰਡਿਆਲਾ ਗੁਰੂ ਵਿਖੇ ਪਹੁੰਚਣ 'ਤੇ

# ਮੁੱਖ ਮੰਤਰੀ ਪੰਜਾਬ ਸ੍ਰ ਭਗਵੰਤ ਸਿੰਘ ਮਾਨ ਦਾ ਭਰਵਾਂ ਸਵਾਗਤ ਕੀਤਾ ਗਿਆ

**ਜੰਡਿਆਲਾ ਗੁਰੂ, 7 ਮਈ ( ਕੁਲਵੰਤ ਸਿੰਘ ਵਿਰਦੀ )**-ਪੰਜਾਬ ਦੇ ਮੁੱਖ ਮੰਤਰੀ ਸ੍ਰ ਭਗਵੰਤ ਸਿੰਘ ਮਾਨ ਵੱਲੋਂ ਬਣਾਏ ਗਏ ਬੇਅਦਬੀ ਸੰਬੰਧੀ ਕਾਨੂੰਨ ਨੂੰ ਪੂਰੀ ਤਰ੍ਹਾਂ ਲਾਗੂ ਕਰਨ ਤੋਂ ਬਾਅਦ ਚਾਰ ਰੋਜ਼ਾ ਸ਼ੁਕਰਾਨਾ ਯਾਤਰਾ ਆਰੰਭ ਕੀਤੀ ਗਈ ਜਿਸ ਵਿੱਚ ਅੱਜ ਦੂਸਰੇ ਦਿਨ ਇਹ ਯਾਤਰਾ ਵੱਖ-ਵੱਖ ਸਹਿਰਾਂ ਕਸਬਿਆਂ ਤੋਂ ਹੁੰਦੀ ਹੋਈ ਠਾਠਾਂ ਮਾਰਦੇ ਵੱਡੇ ਕਾਫਲੇ ਨਾਲ ਵਿਧਾਨ ਸਭਾ ਹਲਕਾ ਜੰਡਿਆਲਾ ਵਿਖੇ ਪਹੁੰਚੀ ਇਸ ਮੌਕੇ ਸ੍ਰ ਭਗਵੰਤ ਸਿੰਘ ਮਾਨ ਦਾ ਸਤਿਕਾਰ ਕਰਨ ਲਈ ਜੀ ਟੀ ਰੋਡ ਜੰਡਿਆਲਾ ਗੁਰੂ ਵਿਖੇ ਸਥਿਤ ਹਲਕਾ ਵਿਧਾਇਕ

## ਬੇਅਦਬੀ ਕਰਨ ਵਾਲੇ ਦੋਸੀਆਂ ਨੂੰ ਨਵੇਂ ਕਾਨੂੰਨ ਤਹਿਤ ਕਿਸੇ ਵੀ ਹਾਲਤ ਵਿੱਚ ਬਖਸਿਆ ਨਹੀਂ ਜਾਵੇਗਾ ਕੈਬਨਿਟ ਮੰਤਰੀ ਸ੍ਰ ਈ.ਟੀ.ਓ, ਚੇਅਰਮੈਨ ਸੋਢੀ

ਕੈਬਿਨਟ ਮੰਤਰੀ ਸ੍ਰ ਹਰਭਜਨ ਸਿੰਘ ਈ.ਟੀ.ਓ, ਬਲਾਕ ਜੰਡਿਆਲਾ ਗੁਰੂ ਦੇ ਚੇਅਰਮੈਨ ਅਮਰੀਕ ਸਿੰਘ ਸੋਢੀ ,ਸੁਨੀਲ ਕੁਮਾਰ ਪਾਸੀ ਪ੍ਰਧਾਨ ਆੜ੍ਹਤੀਆ ਐਸੋਸੀਏਸ਼ਨ ਜੰਡਿਆਲਾ ਗੁਰੂ ,ਬਲਾਕ ਕੁਆਂਡੀਨੇਟਰ ਮੈਡਮ ਸਰਬਜੀਤ ਕੌਰ, ਮੈਡਮ ਸੁਹਿੰਦਰ ਕੌਰ ,ਸੁਨੈਨਾ ਰੰਧਾਵਾ ਅਤੇ ਵੱਖ-ਵੱਖ ਪਿੰਡਾਂ ਸਹਿਰਾਂ ਤੋਂ ਵੱਡੀ ਗਿਣਤੀ ਵਿੱਚ ਲੋਕ ਤੇ ਮੋਹਤਬਰ ਪਹੁੰਚੇ ! ਇਸ ਮੌਕੇ ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਦੀ ਪਵਿੱਤਰਤਾ ਦੀ ਰਾਖੀ ਲਈ ਆਪਣੀ ਸਰਕਾਰ ਦੀ ਵਚਨਬੱਧਤਾ ਨੂੰ ਦੁਹਰਾਉਂਦੇ ਹੋਏ ਕੈਬਨਿਟ ਮੰਤਰੀ ਸ੍ਰ ਹਰਭਜਨ ਸਿੰਘ ਈ.ਟੀ.ਓ ਨੇ ਕਿਹਾ ਕਿ ਬੇਅਦਬੀ ਦੇ ਦੋਸ਼ੀ ਪਾਏ ਜਾਣ ਵਾਲੇ ਵਿਅਕਤੀ ਨੂੰ ਹੁਣ ਘੱਟੋ-ਘੱਟ 10 ਸਾਲ ਦੀ ਕੈਦ ਦੀ ਸਜ਼ਾ ਹੋਵੇਗੀ ਜੋ ਉਮਰ ਕੈਦ ਤੱਕ ਵਧ ਸਕਦੀ ਹੈ !ਅਤੇ ਨਾਲ ਹੀ 50 ਲੱਖ ਰੁਪਏ ਤੱਕ ਦਾ ਜੁਰਮਾਨਾ ਵੀ ਹੋ ਸਕਦਾ ਹੈ ।ਅੱਗੇ ਬਲਾਕ ਚੇਅਰਮੈਨ ਅਮਰੀਕ ਸਿੰਘ ਸੋਢੀ ਨੇ ਕਿਹਾ ਕਿ ਅੱਜ ਬੇਅਦਬੀ ਸਬੰਧੀ ਕਾਨੂੰਨ ਬਣਾਉਣ ਤੇ ਮੁੱਖ ਮੰਤਰੀ ਪੰਜਾਬ ਸ੍ਰ ਭਗਵੰਤ ਸਿੰਘ ਮਾਨ ਜੀ ਵੱਲੋਂ ਸ਼ੁਕਰਾਨਾ ਯਾਤਰਾ ਕੱਢੀ ਜਾ ਰਹੀ ਹੈ ਅਤੇ ਮੈਂ ਇਸ ਮੌਕੇ ਗੁਰੂ ਘਰਾਂ ਦੇ ਦੋਖੀਆਂ ਨੂੰ ਕਹਿਣਾ ਚਾਹੁੰਦਾ ਹਾਂ ਕਿ ਪੰਜਾਬ ਸਰਕਾਰ ਵੱਲੋਂ ਬਣਾਏ ਗਏ ਕਾਨੂੰਨ ਮੁਤਾਬਕ ਬੇਅਦਬੀ ਦੋਸੀਆਂ ਦੀ ਕਿਸੇ ਵੀ ਤਰ੍ਹਾਂ ਦੀ ਅਪੀਲ ਦਲੀਲ ਨਹੀਂ ਚੱਲੇਗੀ ਕਿਉਂਕਿ ਪਹਿਲਾਂ ਜੋ ਦੋਸੀ ਬੇਅਦਬੀ ਘਟਨਾਵਾਂ ਨੂੰ ਅੰਜਾਮ ਦਿੰਦੇ ਸਨ ਫੜੇ ਜਾਣ ਤੇ ਉਸ ਦੋਸੀ ਦੇ ਪ੍ਰੀਵਾਰ ਵੱਲੋਂ ਉਸ ਨੂੰ ਪਾਗਲ ਘੋਸ਼ਿਤ ਕਰ ਦਿੱਤਾ ਜਾਂਦਾ ਸੀ ਲੇਕਿਨ ਹੁਣ ਬੇਅਦਬੀ ਕਰਨ ਵਾਲੇ ਦੋਸੀ ਦੇ ਪ੍ਰੀਵਾਰ ਸਮੇਤ ਕਾਰਵਾਈ ਕੀਤੀ ਜਾਵੇਗੀ ਅਤੇ ਉਸ ਦੋਸੀ ਨੂੰ ਕਿਸੇ ਵੀ ਹਾਲਤ ਵਿੱਚ ਬਖਸਿਆ ਨਹੀਂ ਜਾਵੇਗਾ ! ਇਸ ਮੌਕੇ ਮੈਡਮ ਸਰਬਜੀਤ ਕੌਰ ਨੇ ਕਿਹਾ ਕਿ ਪੰਜਾਬ ਸਰਕਾਰ ਨੇ ਪੰਜਾਬ ਵਾਸੀਆਂ ਨਾਲ ਜੋ ਵਾਅਦੇ ਕੀਤੇ ਸਨ ਉਨਾਂ ਵਾਅਦਿਆਂ ਨੂੰ ਸਰਕਾਰ ਵੱਲੋਂ ਚਾਰ ਸਾਲਾਂ ਵਿੱਚ ਪੂਰੇ ਕਰ ਦਿੱਤਾ ਗਿਆ ਹੈ ਅਤੇ 2027 ਵਿੱਚ ਪੂਰੇ ਬਹੁਮਤ ਨਾਲ ਆਮ ਆਦਮੀ ਦੀ ਸਰਕਾਰ ਬਣੇਗੀ ! ਮੁੱਖ ਮੰਤਰੀ ਪੰਜਾਬ ਭਗਵੰਤ ਸਿੰਘ ਮਾਨ ਦਾ ਜੰਡਿਆਲਾ ਗੁਰੂ ਵਿਖੇ ਪਹੁੰਚਣ ਤੇ ਫੁੱਲਾਂ ਦੀ ਵਰਖਾ ਕਰਕੇ ਭਰਵਾਂ ਸਵਾਗਤ ਕੀਤਾ ਗਿਆ ! ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨੇ ਬੋਲਦਿਆਂ ਹੋਇਆ ਕਿਹਾ ਕਿ ਬੇਅਦਬੀ ਸੰਬੰਧੀ ਕਾਨੂੰਨ ਬਣਾਉਣ ਵਿੱਚ ਸਮੂਹ ਪੰਜਾਬ ਵਾਸੀਆਂ ਦਾ ਅਤੇ ਤੁਹਾਡਾ ਸਾਰਿਆਂ ਦਾ ਬਹੁਤ ਸਹਿਯੋਗ ਰਿਹਾ ਜੋ ਇਹ ਸਖਤ ਕਾਨੂੰਨ ਬਣਾਉਣ ਵਿੱਚ ਸਰਕਾਰ ਸਫਲ ਹੋਈ ਹੈ ਮੈਂ ਆਪ ਸਭ ਦਾ ਅੱਜ ਦੇ ਇਸ ਸ਼ਕਰਾਨਾ ਯਾਤਰਾ ਦੇ ਪ੍ਰੋਗਰਾਮ ਚ ਪਹੁੰਚਣ ਤੇ ਧੰਨਵਾਦ ਕਰਦਾ ਹਾਂ।



ਆਵਾਜ਼ਿ ਕੌਮ AWAZE QAUM International Newspaper & WEB TV

# ਅਮਨਦੀਪ ਹਸਪਤਾਲ ਤੇ ਉਜਾਲਾ ਸਿਗਨਸ ਦੇ ਸਹਿਯੋਗ ਨਾਲ ਫਿਰੋਜ਼ਪੁਰ ਵਿੱਚ ਲੱਗੇਗਾ ਮੁ.ਫਤ ਫਾਇਬ੍ਰੋ ਸਕੈਨ ਜਾਂਚ ਕੈਂਪ

ਫ਼ਿਰੋਜ਼ਪੁਰ, 07 ਮਈ (ਮਨੋਹਰ ਲਾਲ) :— ਅਮਨਦੀਪ ਹਸਪਤਾਲ ਵੱਲੋਂ ਉਜਾਲਾ ਸਿਗਨਸ ਹੈਲਥਕੇਅਰ ਸਰਵਿਸਿਜ਼ ਅਤੇ ਫਿਰੋਜ਼ਪੁਰ ਫਾਊਂਡੇਸ਼ਨ ਦੇ ਸਹਿਯੋਗ ਨਾਲ 9 ਮਈ 2026 ਦਿਨ ਸ਼ਨੀਵਾਰ ਨੂੰ ਮੁਫ਼ਤ ਫਾਇਬ੍ਰੋ ਸਕੈਨ ਜਾਂਚ ਕੈਂਪ ਲਗਾਇਆ ਜਾ ਰਿਹਾ ਹੈ। ਇਹ ਕੈਂਪ ਮੋਗਾ ਰੋਡ ਫਿਰੋਜ਼ਪੁਰ ਸਥਿਤ ਹਸਪਤਾਲ ਵਿੱਚ ਸਵੇਰੇ 10 ਵਜੇ ਤੋਂ ਦੁਪਹਿਰ 2 ਵਜੇ ਤੱਕ ਆਯੋਜਿਤ ਕੀਤਾ ਜਾਵੇਗਾ।ਇਸ ਸਬੰਧੀ ਜਾਣਕਾਰੀ ਦਿੰਦਿਆਂ ਪ੍ਰਬੰਧਕਾਂ ਨੇ ਦੱਸਿਆ ਕਿ ਕੈਂਪ ਦੌਰਾਨ ਗੈਸਟ੍ਰੋਐਂਟਰੋਲੋਜੀ ਅਤੇ ਹੈਪੈਟੋਲੋਜੀ ਵਿਭਾਗ ਦੇ ਸੀਨੀਅਰ ਵਿਸ਼ੇਸ਼ਿਗਆ ਡਾ: ਨਦੀਮ ਅਹਿਮਦ ਮਰੀਜ਼ਾਂ ਦੀ ਜਾਂਚ ਕਰਨਗੇ। ਉਹ ਲਿਵਰ ਅਤੇ ਪੇਟ ਨਾਲ ਸੰਬੰਧਿਤ ਬਿਮਾਰੀਆਂ ਤੋਂ ਪੀੜਤ ਮਰੀਜ਼ਾਂ ਨੂੰ ਮਾਹਿਰ ਸਲਾਹ ਅਤੇ ਜ਼ਰੂਰੀ ਸਿਹਤ ਜਾਣਕਾਰੀ ਪ੍ਰਦਾਨ ਕਰਨਗੇ।ਹਸਪਤਾਲ ਪ੍ਰਬੰਧਕਾਂ ਦੇ ਅਨੁਸਾਰ ਆਮ ਤੌਰ 'ਤੇ ਕਰੀਬ 4000 ਰੁਪਏ ਦੀ ਲਾਗਤ ਵਾਲਾ ਫਾਇਬ੍ਰੋ ਸਕੈਨ ਟੈਸਟ ਇਸ ਕੈਂਪ ਵਿੱਚ ਪੂਰੀ ਤਰ੍ਹਾਂ ਮੁਫ਼ਤ ਕੀਤਾ ਜਾਵੇਗਾ। ਇਹ ਜਾਂਚ ਆਧੁਨਿਕ ਏਆਈ ਆਧਾਰਿਤ ਈਕੋਸੈਂਸ ਮਿਨੀ ਪਲੱਸ 430 ਮਸ਼ੀਨ ਰਾਹੀਂ ਕੀਤੀ ਜਾਵੇਗੀ, ਜੋ ਬਿਨਾਂ ਕਿਸੇ ਸਰਜਰੀ ਜਾਂ ਚੀਰ—ਫਾੜ ਤੋਂ ਫੈਟੀ ਲਿਵਰ ਅਤੇ ਲਿਵਰ ਦੀ ਸਖ਼ਤੀ ਵਰਗੀਆਂ ਸਮੱਸਿਆਵਾਂ ਦਾ ਸ਼ੁਰੂਆਤੀ ਪੜਾਅ ਵਿੱਚ ਹੀ ਸਹੀ ਪਤਾ ਲਗਾਉਣ ਵਿੱਚ ਸਹਾਇਕ ਹੈ। ਕੈਂਪ ਦਾ ਉਦਘਾਟਨ ਫੈਸਿਲਟੀ ਡਾਇਰੈਕਟਰ ਅਭਿਸ਼ੇਕ ਅਰੋੜਾ ਅਤੇ ਫਿਰੋਜ਼ਪੁਰ ਫਾਊਂਡੇਸ਼ਨ ਦੇ ਪ੍ਰਧਾਨ ਸ਼ਿਲੰਦਰ ਲਾਹੌਰੀਆ ਵੱਲੋਂ ਸਾਂਝੇ ਤੌਰ 'ਤੇ ਕੀਤਾ ਜਾਵੇਗਾ। ਅਮਨਦੀਪ ਹਸਪਤਾਲ ਦੇ ਡਾਇਰੈਕਟਰ ਡਾ: ਅਮਨਦੀਪ ਨੇ ਕਿਹਾ ਕਿ ਬਦਲਦੀ ਜੀਵਨਸ਼ੈਲੀ ਅਤੇ ਖਾਣ—ਪੀਣ ਦੀਆਂ ਆਦਤਾਂ ਕਾਰਨ ਲਿਵਰ ਨਾਲ ਸੰਬੰਧਿਤ ਬਿਮਾਰੀਆਂ ਤੇਜ਼ੀ ਨਾਲ ਵੱਧ ਰਹੀਆਂ ਹਨ। ਉਨ੍ਹਾਂ ਕਿਹਾ ਕਿ ਲੋਕਾਂ ਨੂੰ ਸਮੇਂ ਸਿਰ ਜਾਂਚ ਅਤੇ ਮਾਹਿਰ ਡਾਕਟਰੀ ਸਲਾਹ ਉਪਲਬਧ ਕਰਵਾਉਣਾ ਬਹੁਤ ਜ਼ਰੂਰੀ ਹੈ ਤਾਂ ਜੋ ਗੰਭੀਰ ਬਿਮਾਰੀਆਂ ਤੋਂ ਬਚਾਅ ਕੀਤਾ ਜਾ ਸਕੇ। ਉਨ੍ਹਾਂ ਕਿਹਾ ਕਿ ਫਿਰੋਜ਼ਪੁਰ ਅਤੇ ਆਸ ਪਾਸ ਦੇ ਇਲਾਕਿਆਂ ਦੇ ਲੋਕ ਇਸ ਮੁਫ਼ਤ ਸਿਹਤ ਕੈਂਪ ਦਾ ਲਾਭ ਲੈ ਸਕਦੇ ਹਨ ਅਤੇ ਜਾਣਕਾਰੀ ਤੇ ਅਪਾਇੰਟਮੈਂਟ ਲਈ 8872501414 ਅਤੇ 01632501414 'ਤੇ ਸੰਪਰਕ ਕੀਤਾ ਜਾ ਸਕਦਾ ਹੈ।



ਆਵਾਜ਼ਿ ਕੌਮ AWAZE QAUM International Newspaper & WEB TV

# ਸਕੂਲੀ ਬੱਚਿਆਂ ਨੂੰ ਸੀਨੀਅਰ ਸਿਟੀਜਨ ਫੋਰਮ ਨੇ ਵੰਡੀਆਂ ਕਾਪੀਆਂ, ਪੈਨ





ਫ਼ਿਰੋਜ਼ਪੁਰ, 07 ਮਈ (ਮਨੋਹਰ ਲਾਲ) :— ਸੀਨੀਅਰ ਸਿਟੀਜਨ ਫੋਰਮ ਫ਼ਿਰੋਜ਼ਪੁਰ ਦੇ ਪ੍ਰਧਾਨ ਸ਼੍ਰੀ ਪਰਦੀਪ ਧਵਨ ਦੀ ਅਗਵਾਈ ਵਿੱਚ ਸਰਕਾਰੀ ਪ੍ਰਾਇਮਰੀ ਮਾਡਲ ਸਮਾਰਟ ਸਕੂਲ ਫਿਰੋਜਪੁਰ ਸ਼ਹਿਰ ਵਿਖ਼ੇ ਸਕੂਲੀ ਵਿਦਿਆਰਥੀਆਂ ਨੂੰ ਲੋੜੀਂਦੀਆਂ ਕਾਪੀਆਂ ਅਤੇ ਪੈਨ ਵੰਡੇ। ਇਸ ਸਮੇਂ ਸਕੂਲ ਦੇ ਸੈਂਟਰ ਹੈਡ ਟੀਚਰ ਸ਼੍ਰੀਮਤੀ ਜਸਵਿੰਦਰ ਕੌਰ, ਸ੍ਰੀਮਤੀ ਰਾਜਵਿੰਦਰ ਕੌਰ, ਸ਼੍ਰੀਮਤੀ ਸੁਨੀਤਾ ਕੁਮਾਰੀ, ਸ੍ਰੀਮਤੀ ਸ਼ੈਲੀ ਸ਼ਰਮਾ ਆਦਿ ਤੋਂ ਇਲਾਵਾ ਸੀਨੀਅਰ ਸਿਟੀਜਨ ਫੋਰਮ ਦੇ ਪ੍ਰਧਾਨ ਸ਼੍ਰੀ ਪਰਦੀਪ ਧਵਨ, ਐਸ.ਪੀ ਖੇੜਾ ਚੇਅਰਮੈਨ, ਦੀਵਾਨ ਚੰਦ ਸੁਖੀਜਾ, ਸਤੀਸ਼ ਪੂਰੀ ਸੀਨੀਅਰ ਮੀਤ ਪ੍ਰਧਾਨ, ਅਵਤਾਰ ਸਿੰਘ ਭੋਲਾ ਮੀਤ ਪ੍ਰਧਾਨ, ਮੁਹਿੰਦਰ ਸਿੰਘ ਧਾਲੀਵਾਲ ਜਨਰਲ ਸਕੱਤਰ, ਪਰਵੀਨ ਧਵਨ ਪ੍ਰੋਜੈਕਟ ਚੇਅਰਮੈਨ, ਗਤਿੰਦਰ ਕਮਲ, ਸੁਰਿੰਦਰ ਵਿੱਜ ਆਦਿ ਨੇ ਸੰਬੋਧਨ ਕਰਦਿਆਂ ਬੱਚਿਆਂ ਨੂੰ ਅਨੁਸ਼ਾਸ਼ਨ ਵਿੱਚ ਰਹਿਣ ਵਾਤਾਵਰਨ ਬਚਾਉਣ, ਪਾਣੀ ਦੀ ਸੰਜਮ ਨਾਲ਼ ਵਰਤੋਂ ਕਰਨੀ, ਅਧਿਆਪਕਾਂ ਦਾ ਸਨਮਾਨ ਕਰਨ ਅਤੇ ਪੜ੍ਹਾਈ ਵੱਲ ਵਿਸ਼ੇਸ ਧਿਆਨ ਦੇਣ ਤੇ ਜ਼ੋਰ ਦਿੱਤਾ। ਫ਼ੋਰਮ ਦੇ ਪ੍ਰਧਾਨ ਸ਼੍ਰੀ ਪਰਦੀਪ ਧਵਨ ਨੇ ਅਧਿਆਪਕਾਂ ਨੂੰ ਵਿਸ਼ਵਾਸ਼ ਦਵਾਇਆ ਕਿ ਜਦੋਂ ਵੀ ਸਕੂਲ ਦੇ ਵਿਦਿਆਰਥੀਆਂ ਨੂੰ ਲੋੜੀਂਦੀਆਂ ਸਹੂਲਤਾਂ ਦੀ ਲੋੜ ਪਵੇਗੀ, ਸੀਨੀਅਰ ਸਿਟੀਜਨ ਫੋਰਮ ਫ਼ਿਰੋਜ਼ਪੁਰ ਵੱਲੋਂ ਪੂਰੀ ਕੀਤੀ ਜਾਵੇਗੀ।

ਆਵਾਜ਼ਿ ਕੌਮ AWAZE QAUM International Newspaper & WEB TV

ਆਵਾਜ਼ਿ ਕੌਮ AWAZE QAUM International Newspaper & WEB TV
ਸਿੱਖ ਕੌਮ ਅਤੇ ਪੰਜਾਬੀਅਤ ਦਾ ਪਹਿਰੇਦਾਰ
ਆਵਾਜ਼ਿ ਕੌਮ
ਵਿੱਚ ਵਿਸ਼ਵ ਪੱਧਰ 'ਤੇ ਇਸ਼ਤਿਹਾਰ ਦੇਣ ਲਈ ਸੰਪਰਕ ਕਰੋ :
+447458381111 +447976210161 +919729091243

ਸ਼੍ਰੀ ਗੁਰੂ ਤੇਗ ਬਹਾਦਰ ਕਾਲਜ, ਸਠਿਆਲਾ ਵਿਖੇ

# ਉੱਘੇ ਸਮਾਜ ਸੇਵੀ ਸੁੱਖੀ ਬਾਠ ਵਿਦਿਆਰਥੀਆਂ ਨਾਲ ਰੂਬਰੂ




**ਚੌਕ ਮਹਿਤਾ,7 ਮਈ ( ਬਾਬਾ ਸੁਖਵੰਤ ਸਿੰਘ ਚੰਨਣਕੇ )**-ਗੁਰੂ ਨਾਨਕ ਦੇਵ ਯੂਨੀਵਰਸਿਟੀ, ਅੰਮ੍ਰਿਤਸਰ ਦੇ ਉਪ ਕੁਲਪਤੀ ਪ੍ਰੋ.(ਡਾ.) ਕਰਮਜੀਤ ਸਿੰਘ ਅਤੇ ਡੀਨ ਵਿਕਾਸ ਕੌਂਸਲ ਪ੍ਰੋ.(ਡਾ.) ਸਰੋਜ ਅਰੋੜਾ ਦੀ ਰਹਿਨੁਮਾਈ ਹੇਠ, ਕਾਲਜ ਇੰਚਾਰਜ ਡਾ. ਹਰਸਿਮਰਨ ਕੌਰ ਦੀ ਅਗਵਾਈ ਵਿੱਚ ਚੱਲ ਰਹੇ ਸ਼੍ਰੀ ਗੁਰੂ ਤੇਗ ਬਹਾਦਰ ਕਾਲਜ, ਸਠਿਆਲਾ ਵਿਖੇ ਉੱਘੇ ਸਮਾਜ ਸੇਵੀ ਅਤੇ ਪੰਜਾਬ ਭਵਨ ਦੀ ਸੰਸਥਾਪਕ ਸੁਖੀ ਬਾਠ ਵੱਲੋਂ ਵਿਦਿਆਰਥੀਆਂ ਨਾਲ ਰੂਬਰੂ ਹੋ ਕੇ ਆਪਣੇ ਵਿਚਾਰ ਸਾਂਝੇ ਕੀਤੇ ਗਏ। ਇਸ ਮੌਕੇ ਸੁੱਖੀ ਬਾਠ ਜੀ ਨੇ "ਪਰਵਾਸ ਵਿੱਚ ਪੰਜਾਬ, ਪੰਜਾਬੀ ਅਤੇ ਪੰਜਾਬੀਅਤ" ਵਿਸ਼ੇ ਉੱਤੇ ਵਿਦਿਆਰਥੀਆਂ ਨਾਲ ਵਿਚਾਰ-ਵਟਾਂਦਰਾ ਕਰਦਿਆਂ ਕਿਹਾ ਕਿ ਵਿਦੇਸ਼ਾਂ ਵਿੱਚ ਵੱਸਦੇ ਪੰਜਾਬੀ ਆਪਣੀ ਮਾਂ-ਬੋਲੀ, ਸੱਭਿਆਚਾਰ ਅਤੇ ਵਿਰਸੇ ਨੂੰ ਸੰਭਾਲਦੇ ਹੋਏ ਪੰਜਾਬੀਅਤ ਦੀ ਮਹਿਕ ਨੂੰ ਸੰਸਾਰ ਭਰ ਵਿੱਚ ਫੈਲਾ ਰਹੇ ਹਨ। ਉਨ੍ਹਾਂ ਵਿਦਿਆਰਥੀਆਂ ਨੂੰ ਆਪਣੀਆਂ ਜੜ੍ਹਾਂ ਨਾਲ ਜੁੜੇ ਰਹਿਣ, ਪੰਜਾਬੀ ਭਾਸ਼ਾ ਨੂੰ ਮਾਣ ਨਾਲ ਅਪਣਾਉਣ ਅਤੇ ਸਮਾਜ ਪ੍ਰਤੀ ਆਪਣੀ ਜ਼ਿੰਮੇਵਾਰੀ ਨੂੰ ਸਮਝਣ ਲਈ ਪ੍ਰੇਰਿਤ ਕੀਤਾ। ਇਸ ਮੌਕੇ ਕਾਲਜ ਇੰਚਾਰਜ ਡਾ. ਹਰਸਿਮਰਨ ਕੌਰ ਨੇ ਆਪਣੇ ਸੰਬੋਧਨ ਵਿੱਚ ਕਿਹਾ "ਅਜਿਹੀਆਂ ਮਾਣਮੱਤੀਆਂ ਸ਼ਖਸੀਅਤਾਂ ਨਾਲ ਰੂਬਰੂ ਹੋਣਾ ਵਿਦਿਆਰਥੀਆਂ ਲਈ ਬਹੁਤ ਹੀ ਕੀਮਤੀ ਅਤੇ ਪ੍ਰੇਰਣਾਦਾਇਕ ਅਨੁਭਵ ਹੁੰਦਾ ਹੈ। ਇਹ ਮੁਲਾਕਾਤਾਂ ਵਿਦਿਆਰਥੀਆਂ ਦੇ ਗਿਆਨ ਵਿੱਚ ਵਾਧਾ ਕਰਨ ਦੇ ਨਾਲ-ਨਾਲ ਉਨ੍ਹਾਂ ਦੇ ਵਿਅਕਤੀਤੱਵ ਨਿਰਮਾਣ ਵਿੱਚ ਵੀ ਅਹਿਮ ਭੂਮਿਕਾ ਨਿਭਾਉਂਦੀਆਂ ਹਨ। ਸਠਿਆਲਾ ਕਾਲਜ ਦਾ ਯਤਨ ਰਹਿੰਦਾ ਹੈ ਕਿ ਵਿਦਿਆਰਥੀਆਂ ਨੂੰ ਸਿੱਖਿਆ ਦੇ ਨਾਲ-ਨਾਲ ਆਪਣੀ ਭਾਸ਼ਾ, ਸੱਭਿਆਚਾਰ ਅਤੇ ਵਿਰਸੇ ਨਾਲ ਜੋੜਿਆ ਜਾਵੇ ਤਾਂ ਜੋ ਉਹ ਭਵਿੱਖ ਵਿੱਚ ਜ਼ਿੰਮੇਵਾਰ ਅਤੇ ਸੰਵੇਦਨਸ਼ੀਲ ਨਾਗਰਿਕ ਬਣ ਸਕਣ।" ਪ੍ਰੋਗਰਾਮ ਦਾ ਮੰਚ ਸੰਚਾਲਨ ਰਾਜਨੀਤੀ ਵਿਭਾਗ ਤੋਂ ਮਨਦੀਪ ਸਿੰਘ ਵੱਲੋਂ ਬਾਖੂਬੀ ਨਿਭਾਇਆ ਗਿਆ।ਇਸ ਮੌਕੇ ਬੀਏ ਤੋਂ ਅਰਸ਼ਦੀਪ ਸਿੰਘ ਅਤੇ ਸੁਖਮਨ ਵੱਲੋਂ ਲੋਕ ਗੀਤ ਪੇਸ਼ ਕੀਤੇ ਗਏ। ਇਸ ਮੌਕੇ ਸਟਾਫ਼ ਮੈਂਬਰਾਂ ਵਿੱਚ ਹੀਰਾ ਲਾਲ, ਕਰਮਬੀਰ ਸਿੰਘ, ਮਨੂ ਬਾਲਾ, ਰੋਹਿਤ ਗੁਪਤਾ, ਮੁਨੀਸ਼ਾ ਅਤੇ ਗਗਨ ਸ਼ਰਮਾ ਸਮੇਤ ਵਿਦਿਆਰਥੀ ਹਾਜ਼ਰ ਸਨ।

ਆਵਾਜ਼ਿ ਕੌਮ AWAZE QAUM International Newspaper & WEB TV

# ਰਵਜੋਤ ਗਰੇਵਾਲ ਆਈ.ਪੀ.ਐੱਸ. ਨੇ ਸੰਗਰੂਰ ਦੇ ਨਵੇਂ ਐਸ.ਐਸ.ਪੀ. ਵਜੋਂ ਅਹੁਦਾ ਸੰਭਾਲਿਆ



**ਸੰਗਰੂਰ ( ਰਣਜੀਤ ਸਿੰਘ ਪੇਧਨੀ )**-ਪੰਜਾਬ ਸਰਕਾਰ ਵੱਲੋਂ ਸੰਗਰੂਰ ਵਿਖੇ ਨਵੇਂ ਐਸ.ਐਸ.ਪੀ. ਵਜੋਂ ਤਾਇਨਾਤ ਕੀਤੇ ਆਈ.ਪੀ.ਐਸ. ਅਧਿਕਾਰੀ ਰਵਜੋਤ ਗਰੇਵਾਲ ਨੇ ਆਪਣਾ ਅਹੁਦਾ ਸੰਭਾਲ ਲਿਆ ਹੈ। ਇਸ ਮੌਕੇ ਪੁਲਿਸ ਦੀ ਟੁਕੜੀ ਵੱਲੋਂ ਉਹਨਾਂ ਨੂੰ ਗਾਰਡ ਆਫ ਆਨਰ ਵੀ ਦਿੱਤਾ ਗਿਆ। ਇਸ ਮੌਕੇ ਰਵਜੋਤ ਗਰੇਵਾਲ ਨੇ ਜ਼ਿਲ੍ਹਾ ਵਾਸੀਆਂ ਨੂੰ ਅਪੀਲ ਕੀਤੀ ਕਿ ਉਹ ਅਮਨ-ਕਾਨੂੰਨ ਦੀ ਸਥਿਤੀ ਬਣਾਏ ਰੱਖਣ ਸਮੇਤ ਨਸ਼ਿਆਂ ਅਤੇ ਜੁਰਮ ਦੀ ਰੋਕਥਾਮ ਲਈ ਪੁਲਿਸ ਨੂੰ ਸਹਿਯੋਗ ਕਰਨ। ਇਸ ਮੌਕੇ ਜ਼ਿਲ੍ਹਾ ਪੁਲਿਸ ਮੁਖੀ ਨੇ ਕਿਹਾ ਕਿ ਜ਼ਿਲ੍ਹਾ ਵਾਸੀਆਂ ਦੀਆਂ ਸਮੱਸਿਆਵਾਂ ਪਹਿਲ ਦੇ ਆਧਾਰ 'ਤੇ ਹੱਲ ਕਰਨ ਵਿਚ ਕੋਈ ਕਸਰ ਨਹੀਂ ਛੱਡੀ ਜਾਵੇਗੀ ਅਤੇ ਹਰੇਕ ਨਾਗਰਿਕ ਦਾ ਉਹਨਾਂ ਦੇ ਦਫ਼ਤਰ ਵਿਖੇ ਪੂਰਾ ਮਾਣ ਸਤਿਕਾਰ ਕੀਤਾ ਜਾਵੇਗਾ। ਉਨਾਂ ਕਿਹਾ ਕਿ ਥਾਣਿਆਂ, ਪੁਲਿਸ ਚੌਕੀਆਂ ਅਤੇ ਪੁਲਿਸ ਵਿਭਾਗ ਦੇ ਦਫਤਰਾਂ ਵਿਚ ਲੋਕਾਂ ਦੀ ਹਰ ਮੁਸ਼ਿਕਲ ਹੱਲ ਕਰਨਾ ਯਕੀਨੀ ਬਣਾਇਆ ਜਾਵੇਗਾ। ਸਮਾਜ ਵਿਰੋਧੀ ਅਨਸਰਾਂ ਵਿਰੁੱਧ ਨਕੇਲ ਹੋਰ ਕੱਸੀ ਜਾਵੇਗੀ ਅਤੇ ਜ਼ਿਲ੍ਹੇ ਅੰਦਰ ਅਮਨ, ਸ਼ਾਂਤੀ ਤੇ ਭਾਈਚਾਰਕ ਸਾਂਝ ਨੂੰ ਮਜ਼ਬੂਤ ਕਰਨਾ ਪੁਲਿਸ ਪ੍ਰਸ਼ਾਸਨ ਦੀ ਪ੍ਰਮੁੱਖਤਾ ਹੋਵੇਗੀ। ਉਨ੍ਹਾਂ ਕਿਹਾ ਕਿ ਅਮਨ ਕਾਨੂੰਨ ਦੀ ਸਥਿਤੀ ਬਹਾਲ ਰੱਖਣ, ਜ਼ੁਰਮ ਰਹਿਤ ਜ਼ਿਲ੍ਹਾ ਬਣਾਈ ਰੱਖਣ ਲਈ ਲੋਕਾਂ ਦਾ ਮਿਲਵਰਤਨ ਬਹੁਤ ਜ਼ਰੂਰੀ ਹੈ।



ਆਵਾਜ਼ਿ ਕੌਮ AWAZE QAUM International Newspaper & WEB TV

# ਟੀ.ਬੀ.ਐਸ ਇੰਟਰਨੈਸ਼ਨਲ ਸਕੂਲ ਵਿਚ ਕਰਵਾਈ ਵਿਸ਼ੇਸ਼ ਵਰਕਸ਼ਾਪ



ਫ਼ਿਰੋਜ਼ਪੁਰ, 07 ਮਈ (ਮਨੋਹਰ ਲਾਲ) :— ਮੋਗਾ ਰੋਡ ਤੇ ਸਥਿਤ ਟੀ.ਬੀ.ਐਸ ਇੰਟਰਨੈਸ਼ਨਲ ਸਕੂਲ ਵਿਖੇ ਬੱਚਿਆਂ ਨੂੰ ਸਮੇਂ ਦੇ ਹਾਣੀ ਬਨਾਉਣ ਦੇ ਮਨੋਰਥ ਨਾਲ ਇਕ ਵਿਸ਼ੇਸ਼ ਵਰਕਸ਼ਾਪ ਦਾ ਆਯੋਜਨ ਕੀਤਾ ਗਿਆ। ਇਸ ਸਬੰਧੀ ਜਾਣਕਾਰੀ ਦਿੰਦਿਆਂ ਪ੍ਰਬੰਧਕਾਂ ਨੇ ਦੱਸਿਆ ਕਿ ਸਕੂਲ ਚੇਅਰਮੈਨ ਡਾ: ਹੀਰਾਲਾਲ ਸ਼ਰਮਾ, ਵਾਈਸ ਚੇਅਰਮੈਨ ਵਿਭੋਰ ਸ਼ਰਮਾ, ਮੈਨੇਜਿੰਗ ਡਾਇਰੈਕਟਰ ਦੀਪਾਲੀ ਸ਼ਰਮਾ ਅਤੇ ਜਨਰਲ ਸਕੱਤਰ ਸ਼ਿਵਮ ਸ਼ਰਮਾ ਦੀ ਨਿਗਰਾਨੀ ਹੇਠ ਚੱਲ ਰਿਹਾ ਹੈ, ਜਿਥੇ ਸਮੇਂ—ਸਮੇਂ ਤੇ ਸਮਾਗਮ ਕਰਵਾ ਕੇ ਬੱਚਿਆਂ ਨੂੰ ਹਰ ਖੇਤਰ ਬਾਰੇ ਜਾਣੂ ਕਰਵਾਇਆ ਜਾਂਦਾ ਹੈ। ਪ੍ਰਿੰਸੀਪਲ ਰੇਖਾ ਪਾਸੀ ਨੇ ਅਨੁਭਵੀ ਸਿੱਖਿਆ ਤੇ ਇੱਕ ਵਰਕਸ਼ਾਪ ਦਾ ਆਯੋਜਨ ਕੀਤਾ, ਸਿੱਖਿਆ ਵਿੱਚ ਸਾਰਥਕਤਾ ਅਤੇ ਪ੍ਰਭਾਵਸ਼ੀਲਤਾ ਨੂੰ ਵਧਾਉਣ ਲਈ ਅਨੁਭਵ ਦੁਆਰਾ ਸਿੱਖਣਾ ਵਿਸ਼ੇ ਤੇ ਵਰਕਸ਼ਾਪ ਦਾ ਆਯੋਜਨ ਕੀਤਾ ਗਿਆ। ਸਕੂਲ ਰਿਸੋਰਸ ਪਰਸਨ ਪੂਜਾ ਸਿੰਘ ਨੇ ਅਧਿਆਪਕਾਂ ਨੂੰ ਸਿੱਖਿਆ ਤਕਨੀਕਾਂ, ਹੱਥੀਂ ਸਿੱਖਿਆ ਅਤੇ ਵਿਦਿਆਰਥੀ ਕੇਂਦ੍ਰਿਤ ਸਿੱਖਿਆ ਬਾਰੇ ਜਾਣਕਾਰੀ ਦਿੱਤੀ। ਉਸਨੇ ਅਧਿਆਪਕਾਂ ਨੂੰ ਬੱਚਿਆਂ ਦੀਆਂ ਜ਼ਰੂਰਤਾਂ ਅਤੇ ਸਿੱਖਣ ਦੀਆਂ ਚੁਣੌਤੀਆਂ ਨੂੰ ਸਮਝਣ, ਆਧੁਨਿਕ ਤਰੀਕੇ ਨਾਲ ਪੜ੍ਹਾਉਣ ਅਤੇ ਸਿੱਖਿਆ ਨੂੰ ਢੁਕਵਾਂ ਅਤੇ ਪ੍ਰਭਾਵਸ਼ਾਲੀ ਬਣਾਉਣ ਲਈ ਤਕਨੀਕੀ ਗਿਆਨ ਦੀ ਵਰਤੋਂ ਕਰਨ ਲਈ ਵੀ ਉਤਸ਼ਾਹਿਤ ਕੀਤਾ। ਤਾਲਮੇਲ ਅਤੇ ਚਰਚਾ ਵਰਗੀਆਂ ਗਤੀਵਿਧੀਆਂ ਰਾਹੀਂ ਅਧਿਆਪਕਾਂ ਨੂੰ ਇਕਾਗਰਤਾ ਬਣਾਈ ਰੱਖਣ ਅਤੇ ਹਰ ਸਮੇਂ ਸਰਗਰਮ ਰਹਿਣ ਲਈ ਉਤਸ਼ਾਹਿਤ ਕੀਤਾ ਗਿਆ। ਜਾਣਕਾਰੀ ਦਿੰਦੇ ਹੋਏ ਸਕੂਲ ਪ੍ਰਿੰਸੀਪਲ ਰੇਖਾ ਪਾਸੀ ਨੇ ਕਿਹਾ ਕਿ ਅਜਿਹੇ ਪ੍ਰੋਗਰਾਮਾਂ ਦੇ ਆਯੋਜਨ ਦਾ ਉਦੇਸ਼ ਅਧਿਆਪਕਾਂ ਦੇ ਸਰਵਪੱਖੀ ਵਿਕਾਸ ਨੂੰ ਯਕੀਨੀ ਬਣਾਉਣਾ ਅਤੇ ਮੌਜੂਦਾ ਸਿੱਖਿਆ ਵਿਧੀ ਨੂੰ ਵਿਦਿਆਰਥੀਆਂ ਲਈ ਪ੍ਰਭਾਵਸ਼ਾਲੀ ਬਣਾਉਣਾ ਹੈ ਤਾਂ ਜੋ ਅਧਿਆਪਕ ਵਿਦਿਆਰਥੀਆਂ ਨੂੰ ਨਵੇਂ ਆਯਾਮ ਪ੍ਰਦਾਨ ਕਰ ਸਕਣ ਅਤੇ ਆਪਣੀ ਸਿੱਖਿਆ ਵਿਧੀ ਨੂੰ ਹੋਰ ਪ੍ਰਭਾਵਸ਼ਾਲੀ ਬਣਾ ਸਕਣ। ਸਕੂਲ ਪ੍ਰਬੰਧਕ ਮੈਨੇਜਿੰਗ ਡਾਇਰੈਕਟਰ ਦੀਪਾਲੀ ਸ਼ਰਮਾ ਅਤੇ ਜਨਰਲ ਸਕੱਤਰ ਸ਼ਿਵਮ ਸ਼ਰਮਾ ਨੇ ਇਹ ਯਕੀਨੀ ਬਣਾਇਆ ਕਿ ਅਧਿਆਪਕਾਂ ਦੇ ਅਧਿਆਪਨ ਹੁਨਰ ਨੂੰ ਵਿਕਸਤ ਕਰਨ ਲਈ ਸਮੇਂ ਸਮੇਂ ਤੇ ਅਜਿਹੇ ਪ੍ਰੋਗਰਾਮ ਆਯੋਜਿਤ ਕੀਤੇ ਜਾਣਗੇ।

ਆਵਾਜ਼ਿ ਕੌਮ AWAZE QAUM International Newspaper & WEB TV

# ਸ਼੍ਰੀ ਪ੍ਰੇਮ ਕਮਰਾ ਸਾਬਕਾ ਮੁਲਾਜਮ ਆਗੂ ਨਹੀਂ ਰਹੇ

ਫ਼ਿਰੋਜ਼ਪੁਰ, 07 ਮਈ (ਮਨੋਹਰ ਲਾਲ) :— ਪੰਜਾਬ ਸੁਬਾਰਡੀਨੇਟ ਸਰਵਿਸਿਜ਼ ਫੈਡਰੇਸ਼ਨ ਜਿਲ੍ਹਾ ਫਿਰੋਜਪੁਰ ਅਤੇ ਤਹਿਸੀਲ ਫ਼ਿਰੋਜ਼ਪੁਰ ਦੇ ਜਨਰਲ ਸਕੱਤਰ ਸ਼੍ਰੀ ਪ੍ਰੇਮ ਕਮਰਾ ਦੀ ਬਿਮਾਰੀ ਦੌਰਾਨ ਅੱਜ ਮੌਤ ਹੋ ਗਈ ਹੈ। ਇਸ ਸਬੰਧੀ ਜਾਣਕਾਰੀ ਸਾਂਝੀ ਕਰਦਿਆਂ ਮੁਹਿੰਦਰ ਸਿੰਘ ਧਾਲੀਵਾਲ ਜਨਰਲ ਸਕੱਤਰ ਪੰਜਾਬ ਫੋਰੈਸਟ ਪੈਨਸ਼ਨਰਜ ਐਸੋਸੀਏਸ਼ਨ ਨੇ ਦੱਸਿਆ ਕਿ ਸ਼੍ਰੀ ਪ੍ਰੇਮ ਕਾਮਰਾ ਅਪਣੇ ਪਿੱਛੇ ਪਤਨੀ, ਪੁੱਤਰੀ, ਬੇਟਾ ਅਤੇ ਨੂੰਹ ਛੱਡ ਗਏ ਹਨ। ਸ਼੍ਰੀ ਪ੍ਰੇਮ ਕਾਮਰਾ ਨੇ ਮੁਲਜ਼ਮਾਂ ਦੇ ਹੱਕਾਂ ਦੀ ਰਾਖੀ ਲਈ ਅਗਾਂਹ ਵਧੂ ਰੋਲ ਅਦਾ ਕੀਤਾ ਸੀ, ਪੰਜਾਬ ਸੁਬਾਰਡੀਨੇਟ ਸਰਵਿਸਿਜ਼ ਫੈਡਰੇਸ਼ਨ ਜਿਲ੍ਹਾ ਫਿਰੋਜਪੁਰ, ਪੰਜਾਬ ਮੁਲਾਜਮ ਅਤੇ ਪੈਨਸ਼ਨਰਜ ਸਾਂਝਾ ਮੋਰਚਾ, ਆਲ ਇੰਪਲਾਈ ਕੋਆਰਡੀਨੇਸ਼ਨ ਕਮੇਟੀ, ਪੰਜਾਬ ਫੀਲਡ ਵਰਕਸ਼ਾਪ ਯੂਨੀਅਨ ਦੇ ਸਮੂਹ ਆਗੂਆਂ ਅਤੇ ਮੈਂਬਰਾਂ ਨੇ ਸ਼੍ਰੀ ਪ੍ਰੇਮ ਕਾਮਰਾ ਦੀ ਮੌਤ ਤੇ ਦੁੱਖ ਦਾ ਪ੍ਰਗਟਾਵਾ ਕੀਤਾ ਅਤੇ ਪਰਿਵਾਰ ਨਾਲ ਹਮਦਰਦੀ ਜ਼ਾਹਰ ਕੀਤੀ। ਪ੍ਰਮਾਤਮਾ ਵਿੱਛੜੀ ਰੂਹ ਨੂੰ ਆਪਣੇ ਚਰਨਾਂ ਵਿੱਚ ਨਿਵਾਸ ਦੇਵੇ ਅਤੇ ਪਰਿਵਾਰ ਨੂੰ ਭਾਣਾ ਮੰਨਣ ਦਾ ਬਲ ਬਖਸ਼ੇ। ਇਸ ਸਮੇਂ ਸ਼੍ਰੀ ਗੁਰਦੇਵ ਸਿੰਘ ਸਿੱਧੂ ਪ੍ਰਧਾਨ, ਮੁਹਿੰਦਰ ਸਿੰਘ ਧਾਲੀਵਾਲ ਜਨਰਲ ਸਕੱਤਰ, ਜਗਦੀਪ ਸਿੰਘ ਮਾਂਗਟ ਜਨਰਲ ਸਕੱਤਰ ਫੈਡਰੇਸ਼ਨ, ਰਾਜੀਵ ਹਾਂਡਾ ਜਿਲ੍ਹਾ ਪ੍ਰਧਾਨ ਗੌਰਮੈਂਟ ਟੀਚਰ ਯੂਨੀਅਨ, ਪਰਤਾਪ ਸਿੰਘ ਢਿੱਲੋਂ, ਗੁਰਮੀਤ ਸਿੰਘ ਔਲਖ, ਤਰਸੇਮ ਸਿੰਘ ਬੇਦੀ, ਬਲਬੀਰ ਸਿੰਘ ਕੰਬੋਜ, ਸੁਭਾਸ਼ ਸ਼ਰਮਾ, ਸੁਰਿੰਦਰ ਸਿੰਘ ਰੇਲਵੇ ਵਿਭਾਗ, ਅਜੀਤ ਸਿੰਘ ਸੋਢੀ, ਸ਼ਬੇਗ ਸਿੰਘ ਅਜੀਜ ਕੋਆਰਡੀਨੇਟਰ ਪੰਜਾਬ ਮੁਲਾਜਮ ਅਤੇ ਪੈਨਸ਼ਨਰਜ ਸਾਂਝਾ ਮੋਰਚਾ, ਕਸ਼ਮੀਰ ਸਿੰਘ, ਓਮ ਪ੍ਰਕਾਸ਼, ਮਲਕੀਤ ਪਾਸ਼ੀ, ਬਲਵੰਤ ਸਿੰਘ ਸੰਧੂ ਆਦਿ ਨੇ ਅਫਸੋਸ ਜ਼ਾਹਰ ਕੀਤਾ।

ਆਵਾਜ਼ਿ ਕੌਮ AWAZE QAUM International Newspaper & WEB TV

# ਦਮਦਮੀ ਟਕਸਾਲ ਵੱਲੋਂ ਸ਼ਹੀਦੀ ਸਮਾਗਮ ਦੀ ਲੜੀ ਤਹਿਤ ਸਾਹਿਬ ਸ਼੍ਰੀ ਗੁਰੂ ਗੋਬਿੰਦ ਸਿੰਘ ਇੰਟਰਨੈਸ਼ਨਲ ਸਕੂਲ ਚੂੰਗ ਵਿੱਖੇ ਸਮਾਗਮ ਅੱਜ-ਡਾਇਰੈਕਟਰ ਸ੍. ਤੇਜਬੀਰ ਸਿੰਘ ਸੋਹਲ

**ਚੌਕ ਮਹਿਤਾ 7 ਮਈ ( ਬਾਬਾ ਸੁਖਵੰਤ ਸਿੰਘ ਚੰਨਣਕੇ )**-ਚੇਅਰਮੈਨ ਪ੍ਰਿੰਸੀਪਲ ਰਘਬੀਰ ਸਿੰਘ ਸੋਹਲ ਅਤੇ ਡਾਇਰੈਕਟਰ ਸ੍ਰ ਤੇਜਬੀਰ ਸਿੰਘ ਸੋਹਲ ਦੀ ਅਗਵਾਈ ਹੇਠ ਸਾਹਿਬ ਸ਼੍ਰੀ ਗੁਰੂ ਗੋਬਿੰਦ ਸਿੰਘ ਇੰਟਰਨੈਸ਼ਨਲ ਸਕੂਲ ਚੂੰਗ ਵਿੱਖੇ ਦਮਦਮੀ ਟਕਸਾਲ ਵੱਲੋਂ ,ਦਮਦਮੀ ਟਕਸਾਲ ਦੇ 14 ਵੇ ਮੁੱਖੀ ਅਮਰ ਸ਼ਹੀਦ ਸੰਤ ਗਿਆਨੀ ਜਰਨੈਲ ਸਿੰਘ ਖਾਲਸਾ ਭਿੰਡਰਾਂਵਾਲ਼ੇ, ਭਾਈ ਅਮਰੀਕ ਸਿੰਘ, ਬਾਬਾ ਠਾਹਰਾ ਸਿੰਘ ਅਤੇ ਸਮੂਹ ਸਿੰਘ ਸਿੰਘਣੀਆਂ ਅਤੇ ਭੁਝੰਗੀਆਂ ਦੀ ਯਾਦ ਵਿੱਚ ਸ਼ਹੀਦੀ ਸਮਾਗਮਾਂ ਦੀ ਲੜੀ ਤਹਿਤ ਦਮਦਮੀ ਟਕਸਾਲ ਦੇ ਮੌਜੂਦਾ ਮੁੱਖੀ ਅਤੇ ਸੰਤ ਸਮਾਜ ਦੇ ਪ੍ਰਧਾਨ ਸ੍ਰੀ ਮਾਨ ਸੰਤ ਗਿਆਨੀ ਹਰਨਾਮ ਸਿੰਘ ਖਾਲਸਾ ਭਿੰਡਰਾਂਵਾਲਿਆਂ ਦੀ ਅਗਵਾਈ ਹੇਠ 8 ਮਈ 2026 ਦਿਨ ਸ਼ੁੱਕਰਵਾਰ ਸਾਮ 6, ਤੋਂ ,8 ਵਜੇ ਸਮਾਗਮ ਹੋਣਗੇ। ਜਿਸ ਵਿਚ ਦਮਦਮੀ ਟਕਸਾਲ ਦੇ ਹਜ਼ੂਰੀ ਰਾਗੀ ਸਿੰਘ ਸੰਗਤਾਂ ਨੂੰ ਪਵਿੱਤਰ ਪਾਵਨ ਗੁਰਬਾਣੀ ਦੇ ਕੀਰਤਨ ਸ੍ਰਵਨ ਕਰਉਣਗੇ ਉਪਰੰਤ ਦਮਦਮੀ ਟਕਸਾਲ ਦੇ ਮੌਜੂਦਾ ਮੁੱਖੀ ਅਤੇ ਸੰਤ ਸਮਾਜ ਦੇ ਪ੍ਰਧਾਨ ਸ੍ਰੀ ਮਾਨ ਸੰਤ ਗਿਆਨੀ ਹਰਨਾਮ ਸਿੰਘ ਖਾਲਸਾ ਭਿੰਡਰਾਂਵਾਲ਼ੇ ਸੰਗਤਾਂ ਨੂੰ ਪਵਿੱਤਰ ਪਾਵਨ ਗੁਰਬਾਣੀ ਦੀ ਕਥਾ ਸ੍ਰਵਨ ਕਰਉਣਗੇ ।ਇਸ ਮੌਕੇ ਤੇ ਸਾਹਿਬ ਸ਼੍ਰੀ ਗੁਰੂ ਗੋਬਿੰਦ ਸਿੰਘ ਜੀ ਇੰਟਰਨੈਸ਼ਨਲ ਸਕੂਲ ਚੂੰਗ ਦੇ ਚੇਅਰਮੈਨ ਸ੍ਰ ਪ੍ਰਿੰਸੀਪਲ ਰਘਬੀਰ ਸਿੰਘ ਸੋਹਲ ਅਤੇ ਡਾਇਰੈਕਟਰ ਤੇਜਬੀਰ ਸਿੰਘ ਸੋਹਲ ਜੀ ਵੱਲੋਂ ਸਮੂਹ ਦੇਸ਼ਾਂ ਵਿਦੇਸ਼ਾਂ ਅਤੇ ਇਲਾਕੇ ਦੀਆਂ ਸੰਗਤਾਂ ਨੂੰ ਬੇਨਤੀ ਕੀਤੀ ਜਾਂਦੀ ਹੈ ਕਿ ਵੱਧ ਤੋਂ ਵੱਧ ਹਾਜ਼ਰੀਆਂ ਭਰਕੇ ਸ਼ਹੀਦਾਂ ਸਿੰਘਾਂ ਦੇ ਚਰਨਾਂ ਵਿੱਚ ਹਾਜ਼ਰੀਆਂ ਲਾਉਣ ਅਤੇ ਸ਼ਹੀਦਾਂ ਸਿੰਘਾਂ ਦੀਆਂ ਖੁਸ਼ੀਆਂ ਪ੍ਰਾਪਤ ਕਰਨ।



ਆਵਾਜ਼ਿ ਕੌਮ AWAZE QAUM International Newspaper & WEB TV

ਜਥੇਦਾਰ ਦਾਦੂਵਾਲ ਜੀ ਨੇ ਅੱਜ ਪਿੰਡ ਦੇਸੂ ਮਲਕਾਣਾ ਵਿਖੇ

# ਵੱਖ-ਵੱਖ ਸ਼ਰਧਾਲੂ ਸਿੱਖ ਪਰਿਵਾਰਾਂ ਨਾਲ ਕੀਤਾ ਦੁੱਖ ਸੁੱਖ ਸਾਂਝਾ











ਧਰਮ ਪ੍ਰਚਾਰ ਦੇ ਰੁਝੇਵਿਆਂ ਵਿੱਚੋਂ ਸਮਾਂ ਕੱਢ ਕੇ ਪੰਥ ਪ੍ਰਸਿੱਧ ਸਿੱਖ ਪ੍ਰਚਾਰਕ ਅੰਬੈਸਡਰ ਫਾਰ ਪੀਸ ਜਥੇਦਾਰ ਬਲਜੀਤ ਸਿੰਘ ਦਾਦੂਵਾਲ ਜੀ ਚੇਅਰਮੈਨ ਧਰਮ ਪ੍ਰਚਾਰ ਹਰਿਆਣਾ ਸਿੱਖ ਗੁਰਦੁਆਰਾ ਪ੍ਰਬੰਧਕ ਕਮੇਟੀ ਨੇ ਸਾਥੀਆਂ ਸਮੇਤ ਪਿੰਡ ਦੇਸੂ ਮਲਕਾਣਾ ਵਿਖੇ ਖੁਸ਼ੀ ਗਮੀ ਸਮੇਂ ਸ਼ਰਧਾਲੂ ਸਿੱਖਾਂ ਦੇ ਵੱਖ ਵੱਖ ਘਰਾਂ ਵਿੱਚ ਹਾਜ਼ਰੀ ਲਗਵਾਈ ਭਾਈ ਵਕੀਲਾ ਸਿੰਘ ਸ਼ੰਧਰ ਜਿਨਾਂ ਨੂੰ ਪਿਛਲੇ ਦਿਨੀਂ ਸੱਟਾਂ ਲੱਗ ਗਈਆਂ ਸੀ ਉਨਾਂ ਦਾ ਹਾਲ ਚਾਲ ਜਾਣਿਆ ਫਿਰ ਡਾਕਟਰ ਮੰਦਰ ਸਿੰਘ ਜੀ ਜਿਹੜੇ ਅਣਥੱਕ ਸੇਵਾਦਾਰ ਹਨ ਉਨਾਂ ਦੇ ਘਰੇ ਹਾਜ਼ਰੀ ਲਗਵਾਈ ਡਾਕਟਰ ਮੰਦਰ ਸਿੰਘ ਪ੍ਰੀਵਾਰ ਵਲੋਂ ਜਥੇਦਾਰ ਦਾਦੂਵਾਲ ਜੀ ਦਾ ਸਵਾਗਤ ਅਤੇ ਸਿਰਪਾਓ ਸਨਮਾਨ ਕੀਤਾ ਗਿਆ ਫਿਰ ਬਿੱਲੂ ਪ੍ਰਤਾਪ ਕੀ ਢਾਣੀ ਜਿੰਨਾਂ ਦਾ ਨੌਜਵਾਨ ਪੁੱਤ ਅਕਾਲ ਚਲਾਣਾ ਕਰ ਗਿਆ ਸੀ ਪ੍ਰੀਵਾਰ ਨਾਲ ਦੁੱਖ ਸਾਂਝਾ ਕੀਤਾ ਫਿਰ ਜਸਪ੍ਰੀਤ ਸਿੰਘ ਸਰਾਂ ਪ੍ਰੀਵਾਰ ਦੇ ਮਾਤਾ ਜੀ ਅਕਾਲ ਚਲਾਣੇ ਕਰ ਗਏ ਸਨ ਪ੍ਰੀਵਾਰ ਨਾਲ ਦੁੱਖ ਸਾਂਝਾ ਕੀਤਾ ਇਸ ਸਮੇਂ ਦੇਸੂ ਮਲਕਾਣਾ ਪਿੰਡ ਦੇ ਮੋਹਤਬਰ ਸੱਜਣ ਗੁਰਸੇਵਕ ਸਿੰਘ ਭਾਊ,ਗੁਰਪ੍ਰੀਤ ਸਿੰਘ ਹੈਪਾ ਸੂਚ,ਕੌਰ ਸਿੰਘ ਸੰਧਰ,ਪਰਮਜੀਤ ਸਿੰਘ ਉਰਫ਼ ਪੰਮਾ,ਮਾਂਗਾ ਸਿੰਘ,ਬਲਕੌਰ ਸਿੰਘ ਸੰਧਰ,ਸਪਿੰਦਰ ਸਿੰਘ ਸੰਧਰ,ਗੁਰਪ੍ਰੀਤ ਸਿੰਘ,ਅਵਤਾਰ ਸਿੰਘ ਸੂਚ,ਬੱਗਾ ਸਿੰਘ ਖਾਲਸਾ,ਡਾਕਟਰ ਜੱਸੀ ਸਿੰਘ,ਪੱਪੀ ਸੇਠ,ਗੁਰਮੇਲ ਸਿੰਘ ਸੂਚ,ਰਾਜਾ ਸਿੰਘ,ਨਿੱਕਾ ਸਿੰਘ ਸੰਧਰ,ਸੀਰਾ ਸਿੰਘ ਗੋਦਾਰਾ,ਨਿੰਮਾ ਸਿੰਘ ਸੰਧਰ,ਕਾਲਾ ਸਿੰਘ ਸਰਪੰਚ,ਬੀਰਾ ਸਿੰਘ,ਸਵਰਨਾ ਸਿੰਘ,ਜਸਪ੍ਰੀਤ ਸਿੰਘ ਫ਼ੌਜੀ ਵੀ ਹਾਜ਼ਰ ਸਨ।



ਆਵਾਜ਼ਿ ਕੌਮ
AWAZE QAUM
International Newspaper & WEB TV

ਸਿੱਖ ਕੌਮ ਅਤੇ ਪੰਜਾਬੀਅਤ ਦਾ ਪਹਿਰੇਦਾਰ
ਆਵਾਜ਼ਿ ਕੌਮ
ਵਿੱਚ ਵਿਸ਼ਵ ਪੱਧਰ 'ਤੇ ਇਸ਼ਤਿਹਾਰ ਦੇਣ ਲਈ ਸੰਪਰਕ ਕਰੋ :
+447458381111 +447976210161 +919729091243

### ਦਮਦਮੀ ਟਕਸਾਲ ਨੇ ਚੋਣੇ ਗੁਰਦਾਸਪੁਰ ਵਿਖੇ

# ਛੇਵੇਂ ਦਿਨ ਦੇ ਸ਼ਹੀਦੀ ਦੀਵਾਨ ਸਜਾਏ

## ਸ਼ਹੀਦਾਂ ਨੂੰ ਸਤਿਕਾਰ ਦੇਣ ਲਈ ਸੰਗਤਾਂ ਵੱਧ ਚੜ ਕੇ ਸਮਾਗਮਾਂ 'ਚ ਹਾਜਰੀ ਭਰਨ : ਬਾਬਾ ਹਰਨਾਮ ਸਿੰਘ ਜੀ ਖਾਲਸਾ ਭਿੰਡਰਾਂਵਾਲੇ











**ਚੌਂਕ ਮਹਿਤਾ, 6 ਮਈ (ਬਾਬਾ ਸੁਖਵੰਤ ਸਿੰਘ ਚੰਨਣਕੇ )**-ਤੀਸਰਾ ਘੱਲੂਘਾਰਾ ਜੂਨ 1984 ਦੇ ਸਮੂਹ ਸਿੰਘਾਂ-ਸਿੰਘਣੀਆਂ ਤੇ ਭੁਝੰਗੀਆਂ ਦੀ ਯਾਦ ਨੂੰ ਸਮਰਪਿਤ ਦਮਦਮੀ ਟਕਸਾਲ ਵੱਲੋਂ ਸਜਾਏ ਜਾ ਰਹੇ ਸ਼ਹੀਦੀ ਦੀਵਾਨਾਂ ਦੀ ਲੜੀ ਦੇ ਤਹਿਤ ਅੱਜ ਛੇਵੇਂ ਦਿਨ ਦੇ ਦੀਵਾਨ ਜਿਲਾ ਗੁਰਦਾਸਪੁਰ, ਪਿੰਡ ਚੋਣੇ ਦੇ ਗੁਰਦੁਆਰਾ ਸਾਹਿਬ ਵਿਖੇ ਸਜਾਏ ਗਏ। ਜਿਸ ਦੌਰਾਨ ਦਮਦਮੀ ਟਕਸਾਲ ਦੇ ਹਜ਼ੂਰੀ ਰਾਗੀ ਜੱਥੇ ਵੱਲੋਂ ਪਾਵਨ ਗੁਰਬਾਣੀ ਦਾ ਮਿੱਠੜਾ ਕੀਰਤਨ ਕੀਤਾ ਗਿਆ। ਉਪਰੰਤ ਦਮਦਮੀ ਟਕਸਾਲ ਦੇ ਮੁਖੀ ਅਤੇ ਸੰਤ ਸਮਾਜ ਦੇ ਪ੍ਰਧਾਨ ਸੰਤ ਗਿਆਨੀ ਹਰਨਾਮ ਸਿੰਘ ਖਾਲਸਾ ਨੇ ਹਾਜ਼ਰੀ ਭਰ ਰਹੀਆਂ ਸੰਗਤਾਂ ਦੇ ਨਾਲ ਗੁਰਮਤਿ ਵੀਚਾਰਾਂ ਦੀ ਸਾਂਝ ਪਾਈ ਅਤੇ ਸੂਰਜ ਪ੍ਰਕਾਸ਼ ਗ੍ਰੰਥ ਦੇ ਵਿਚੋਂ ਲੜੀਵਾਰ ਗੁਰ ਇਤਹਾਸ ਦੀ ਕਥਾ ਸਰਵਨ ਕਰਵਾਈ। ਇਸ ਦੌਰਾਨ ਪੋਥੀ ਦੇ ਪਾਠ ਦੀ ਸੇਵਾ ਭਾਈ ਸਤਨਾਮ ਸਿੰਘ ਖਾਲਸਾ ਨੇ ਨਿਭਾਈ। ਦੀਵਾਨ ਦੀ ਸਮਾਪਤੀ ਵੇਲੇ ਚੇਅਰਮੈਨ ਤਰਲੋਕ ਸਿੰਘ ਬਾਠ, ਹੈਡ ਗ੍ਰੰਥੀ ਬਾਬਾ ਦਲਬੀਰ ਸਿੰਘ, ਪ੍ਰਧਾਨ ਹਰਪ੍ਰੀਤ ਸਿੰਘ, ਸਰਪੰਚ ਹਰਦੀਪ ਸਿੰਘ ਚੋਣੇ ਤੇ ਹੋਰਨਾਂ ਪ੍ਰਬੰਧਕਾਂ ਦੇ ਵੱਲੋਂ ਸੰਤ ਗਿਆਨੀ ਹਰਨਾਮ ਸਿੰਘ ਖਾਲਸਾ ਨੂੰ ਸਿਰੋਪਾਓ ਤੇ ਦੁਸ਼ਾਲਾ ਭੇਟ ਕਰਕੇ ਸਨਮਾਨਿਤ ਕੀਤਾ ਗਿਆ। ਜਿਕਰਯੋਗ ਹੈ ਕਿ 31 ਮਈ ਨੂੰ ਇਨ੍ਹਾਂ ਗੁਰਮਤਿ ਸਮਾਗਮਾਂ ਦੀ ਸਮਾਪਤੀ ਹੋਵੇਗੀ। ਉਪਰੰਤ 1 ਤੋਂ 5 ਜੂਨ ਤਕ ਦਮਦਮੀ ਟਕਸਾਲ ਦੇ ਹੈਡਕੁਆਟਰ ਗੁਰਦੁਆਰਾ ਗੁਰਦਰਸ਼ਨ ਪ੍ਰਕਾਸ਼ ਮਹਿਤਾ ਵਿਖੇ ਸ਼ਹੀਦੀ ਹਫਤਾ ਮਨਾਇਆ ਜਾਵੇਗਾ, ਜਿਸ ਦੌਰਾਨ ਸ਼ਾਮ ਰੋਜਾਨਾ ਕਥਾ, ਕੀਰਤਨ ਦਾ ਨਿਰੰਤਰ ਪ੍ਰਵਾਹ ਚਲੇਗਾ। 6 ਜੂਨ ਨੂੰ 42ਵਾਂ ਮੁੱਖ ਤੇ ਮਹਾਨ ਸ਼ਹੀਦੀ ਸਮਾਗਮ ਮਨਾਇਆ ਜਾਵੇਗਾ, ਜਿਸ ਦੌਰਾਨ ਦੇਸ਼ਾਂ ਵਿਦੇਸ਼ਾਂ ਦੀਆਂ ਸੰਗਤਾਂ ਦਾ ਲਾਮਿਸਾਲ ਪੰਥਕ ਇਕੱਠ ਹੋਵੇਗਾ, ਸੰਤ ਗਿਆਨੀ ਹਰਨਾਮ ਸਿੰਘ ਖਾਲਸਾ ਨੇ ਸੰਗਤਾਂ ਨੂੰ ਇਨਾਂ ਸਮਾਗਮਾਂ ਵਿਚ ਹਾਜਰੀਆਂ ਭਰਨ ਅਤੇ ਸ਼ਹੀਦਾਂ ਨੂੰ ਸਤਿਕਾਰ ਭੇਟ ਕਰਨ ਦੀ ਅਪੀਲ ਕੀਤੀ। ਇਸ ਮੌਕੇ ਜਥੇ.ਸੁਖਦੇਵ ਸਿੰਘ ਮੁੱਖ ਬੁਲਾਰਾ ਦਮਦਮੀ ਟਕਸਾਲ, ਜਥੇ. ਬਾਬਾ ਅਜੀਤ ਸਿੰਘ ਮੁੱਖੀ ਤਰਨਾ ਦਲ ਮਹਿਤਾ, ਜਥੇ. ਬਾਬਾ ਬੋਹੜ ਸਿੰਘ, ਚੇਅਰਮੈਨ ਲਖਵਿੰਦਰ ਸਿੰਘ ਖਾਲਸਾ, ਜਤਿੰਦਰ ਸਿੰਘ ਲੱਧਾ ਮੁੰਡਾ, ਗਿਆਨੀ ਗੁਰਬਾਜ ਸਿੰਘ, ਗਿਆਨੀ ਸਾਹਿਬ ਸਿੰਘ, ਪ੍ਰਿੰ. ਹਰਸ਼ਦੀਪ ਸਿੰਘ ਰੰਧਾਵਾ ਤੇ ਡਾ. ਅਵਤਾਰ ਸਿੰਘ ਬੁੱਟਰ (ਦੋਵੇਂ ਮੈਂਬਰ ਚੀਫ ਖਾਲਸਾ ਦੀਵਾਨ), ਦਇਆ ਸਿੰਘ ਬਾਠ, ਰਸ਼ਪਾਲ ਸਿੰਘ ਬਾਠ, ਸਾਬਕਾ ਸਰਪੰਚ ਮਹਿੰਦਰ ਸਿੰਘ, ਜਗਤਾਰ ਸਿੰਘ ਫੌਜੀ, ਬਾਬਾ ਸੁਖਵਿੰਦਰ ਸਿੰਘ, ਜਗਪ੍ਰੀਤ ਸਿੰਘ ਬਾਠ, ਕੈਪਟਨ ਸਿੰਘ ਮੈਂਬਰ, ਬਾਬਾ ਰੂਪ ਸਿੰਘ, ਲਖਵਿੰਦਰ ਸਿੰਘ ਤੋਂ ਇਲਾਵਾ ਵੱਡੀ ਗਿਣਤੀ ਵਿਚ ਸੰਗਤਾਂ ਹਾਜ਼ਰ ਸਨ।

ਆਵਾਜ਼ਿ ਕੌਮ AWAZE QAUM International Newspaper & WEB TV

ਆਵਾਜ਼ਿ ਕੌਮ AWAZE QAUM International Newspaper & WEB TV

ਸਿੱਖ ਕੌਮ ਅਤੇ ਪੰਜਾਬੀਅਤ ਦਾ ਪਹਿਰੇਦਾਰ

ਆਵਾਜ਼ਿ ਕੌਮ

ਵਿੱਚ ਵਿਸ਼ਵ ਪੱਧਰ 'ਤੇ ਇਸ਼ਤਿਹਾਰ ਦੇਣ ਲਈ ਸੰਪਰਕ ਕਰੋ :

+447458381111 +447976210161 +919729091243

### ਕਿਰਤ ਕਮਾਈ 'ਚੋਂ ਦਸਵੰਦ ਕੱਢਣ ਨਾਲ

# ਗੁਰੂ ਦੀਆਂ ਬਰਕਤਾਂ ਪ੍ਰਾਪਤ ਹੁੰਦੀਆਂ ਹਨ : ਬਾਬਾ ਹਰਨਾਮ ਸਿੰਘ ਖਾਲਸਾ











## ਮੁਰਾਦਪੁਰ ਵਿਖੇ ਸਜਾਏ ਸ਼ਹੀਦੀ ਦੀਵਾਨ 'ਚ ਬੇਅੰਤ ਸੰਗਤਾਂ ਨੇ ਭਰੀ ਹਾਜ਼ਰੀ

ਚੌਂਕ ਮਹਿਤਾ, 7 ਮਈ (ਬਾਬਾ ਸੁਖਵੰਤ ਸਿੰਘ ਚੰਨਣਕੇ)-ਸਾਕਾ ਨੀਲਾ ਤਾਰਾ (ਬਲਿਊ ਸਟਾਰ ਆਪ੍ਰੇਸ਼ਨ) ਦੌਰਾਨ ਸ਼ਹੀਦ ਹੋਏ ਸਮੂਹ ਸ਼ਹੀਦਾਂ ਦੀ ਯਾਦ ਨੂੰ ਤਾਜਾ ਕਰਨ ਲਈ ਦਮਦਮੀ ਟਕਸਾਲ ਜਥਾ ਭਿੰਡਰਾਂ ਮਹਿਤਾ ਵੱਲੋਂ ਜਿਲਾ ਅੰਮ੍ਰਿਤਸਰ ਤੇ ਗੁਰਦਾਸਪੁਰ ਦੇ ਵੱਖ ਵੱਖ ਨਗਰਾਂ ਵਿਚ ਰੋਜਾਨਾਂ ਗੁਰਮਤਿ ਸਮਾਗਮ ਕੀਤੇ ਜਾ ਰਹੇ ਹਨ, ਜਿਸ ਦੇ ਚਲਦਿਆਂ ਅੱਜ ਪਿੰਡ ਮੁਰਾਦਪੁਰ ਵਿਖੇ ਸ਼ਾਮ ਵੇਲੇ ਦੇ ਦੀਵਾਨ ਸਜਾਏ ਗਏ।

ਇਸ ਦੌਰਾਨ ਦਮਦਮੀ ਟਕਸਾਲ ਦੇ ਹਜੂਰੀ ਰਾਗੀ ਭਾਈ ਗੁਰਲਾਲ ਸਿੰਘ ਦੇ ਜਥੇ ਨੇ ਰਸ ਭਿੰਨੜਾ ਕੀਰਤਨ ਸਰਵਣ ਕਰਵਾਇਆ। ਉਪਰੰਤ

ਦਮਦਮੀ ਟਕਸਾਲ ਦੇ ਮੁਖੀ ਅਤੇ ਸੰਤ ਸਮਾਜ ਦੇ ਪ੍ਰਧਾਨ ਸੰਤ ਗਿਆਨੀ ਹਰਨਾਮ ਸਿੰਘ ਖਾਲਸਾ ਭਿੰਡਰਾਂਵਾਲਿਆਂ ਨੇ ਭਾਈ ਸੰਤੋਖ ਸਿੰਘ ਜੀ ਦੁਆਰਾ ਰਚਿਤ ਸ਼੍ਰੀ ਸੂਰਜ ਪ੍ਰਕਾਸ਼ ਗ੍ਰੰਥ 'ਚੋਂ ਅਵਨ ਗੁਰ ਇਤਿਹਾਸ ਦਾ ਲੜੀਵਾਰ ਪ੍ਰਸੰਗ ਸੰਗਤਾਂ ਨੂੰ ਸਰਵਨ ਕਰਵਾ ਕੇ ਨਿਹਾਲ ਕੀਤਾ।

ਇਸ ਦੌਰਾਨ ਗਿਆਨੀ ਖਾਲਸਾ ਨੇ ਸਿੱਖ ਧਰਮ ਦੇ ਅੰਦਰ ਦਸਵੰਦ ਦੀ ਮਹਾਨਤਾ ਬਾਰੇ ਵਿਚਾਰ ਸਾਂਝੇ ਕਰਦੀਆਂ ਆਖਿਆ ਕਿ ਸ਼੍ਰੀ ਗੁਰੂ ਨਾਨਕ ਦੇਵ ਜੀ ਤੋਂ ਲੈਕੇ ਦਸਵੇਂ ਪਾਤਸ਼ਾਹ ਦੇ ਸਮੇਂ ਵੀ ਗੁਰੂ ਘਰ ਦੇ ਸੇਵਕ ਆਪਣੀ ਨੇਕ ਕਮਾਈ ਚੋਂ ਦਸਵੰਦ ਕੱਢਿਆ ਕਰਦੇ ਸਨ। ਕਿਉਂਕਿ ਦਸਵੰਦ ਕੱਢਣ 'ਤੇ ਗੁਰੂ ਦੀਆਂ ਬਰਕਤਾਂ ਪ੍ਰਾਪਤ ਹੁੰਦੀਆਂ ਹਨ ਅਤੇ ਦੁੱਖ, ਰੋਗ, ਕਸ਼ਟ ਮਿਟ ਜਾਂਦੇ ਹਨ। ਅੱਜ ਸਿੱਖ ਧਰਮ ਤੇ ਪੰਥ ਵਿਰੋਧੀ ਲੋਕ ਦਸਵੰਦ ਦੀ ਇਸ ਪ੍ਰੰਪਰਾ ਨੂੰ ਖਤਮ ਕਰਨ ਲਈ ਕੂੜ ਪ੍ਰਚਾਰ ਫੈਲਾ ਰਹੇ ਹਨ, ਜਿਨਾਂ ਤੋਂ ਸਾਨੂੰ ਸੁਚੇਤ ਰਹਿਣ ਦੀ ਲੋੜ ਹੈ। ਇਸ ਸਮੇਂ ਪੋਥੀ ਦੇ ਪਾਠ ਦੀ ਸੇਵਾ ਭਾਈ ਸਤਨਾਮ ਸਿੰਘ ਖਾਲਸਾ ਨੇ ਨਿਭਾਈ ਅਤੇ ਸਟੇਜ ਦਾ ਸੰਚਾਲਨ ਪ੍ਰਿੰ. ਗੁਰਦੀਪ ਸਿੰਘ ਰੰਧਾਵਾ ਨੇ ਕੀਤਾ। ਸਮਾਗਮ ਦੇ ਅਖੀਰ 'ਚ ਪ੍ਰਬੰਧਕਾਂ ਦੇ ਵੱਲੋਂ ਸੰਤ ਬਾਬਾ ਹਰਨਾਮ ਸਿੰਘ ਖਾਲਸਾ ਦੇ ਸਤਿਕਾਰ ਵਿਚ ਦੁਸ਼ਾਲਾ ਭੇਟ ਕੀਤਾ ਗਿਆ।

ਇਸ ਮੌਕੇ ਦਮਦਮੀ ਟਕਸਾਲ ਦੇ ਮੁੱਖ ਬੁਲਾਰੇ ਜਥੇ. ਸੁਖਦੇਵ ਸਿੰਘ, ਹੈੱਡ ਗ੍ਰੰਥੀ ਗਿਆਨੀ ਗੁਰਦੀਪ ਸਿੰਘ, ਜਥੇ. ਬਾਬਾ ਅਜੀਤ ਸਿੰਘ ਮੁੱਖੀ ਤਰਨਾ ਦਲ ਮਹਿਤਾ, ਜਥੇ. ਬਾਬਾ ਬੋਹੜ ਸਿੰਘ, ਗਿਆਨੀ ਗੁਰਬਾਜ ਸਿੰਘ, ਗਿਆਨੀ ਸਾਹਿਬ ਸਿੰਘ, ਪ੍ਰਿੰ. ਹਰਸ਼ਦੀਪ ਸਿੰਘ ਰੰਧਾਵਾ ਤੇ ਡਾ. ਅਵਤਾਰ ਸਿੰਘ ਬੁੱਟਰ (ਦੋਵੇਂ ਮੈਂਬਰ ਚੀਫ ਖਾਲਸਾ ਦੀਵਾਨ), ਭਾਈ ਜੁਝਾਰ ਸਿੰਘ, ਭਾਈ ਪ੍ਰਭਜੀਤ ਸਿੰਘ, ਭਾਈ ਗੁਰਪ੍ਰੀਤ ਸਿੰਘ ਵੈਦ, ਪ੍ਰੋ. ਗਿਆਨੀ ਜੋਬਨਜੀਤ ਸਿੰਘ, ਭਾਈ ਨਿਰਮਲ ਸਿੰਘ, ਗਿਆਨੀ ਮੋਹਣ ਸਿੰਘ, ਭਾਈ ਗੁਰਕਿਰਪਾਲ ਸਿੰਘ, ਭਾਈ ਪ੍ਰਕਾਸ਼ ਸਿੰਘ ਤੋਂ ਇਲਾਵਾ ਵੱਡੀ ਗਿਣਤੀ ਵਿਚ ਸੰਗਤਾਂ ਹਾਜ਼ਰ ਸਨ

ਆਵਾਜ਼ਿ ਕੌਮ AWAZE QAUM International Newspaper & WEB TV
ਸਿੱਖ ਕੌਮ ਅਤੇ ਪੰਜਾਬੀਅਤ ਦਾ ਪਹਿਰੇਦਾਰ
ਆਵਾਜ਼ਿ ਕੌਮ
ਵਿੱਚ ਵਿਸ਼ਵ ਪੱਧਰ 'ਤੇ ਇਸ਼ਤਿਹਾਰ ਦੇਣ ਲਈ ਸੰਪਰਕ ਕਰੋ :
+447458381111 +447976210161 +919729091243

# ਪੰਜਾਬ ਦੇ ਲੋਕ ਬੀਜੇਪੀ 'ਤੇ ਕਦੇ ਵੀ ਵਿਸ਼ਵਾਸ ਨਹੀਂ ਕਰਨਗੇ : ਡਾਕਟਰ ਅਨਵਰ ਭਸੌੜ



**ਧੂਰੀ ( ਰਣਜੀਤ ਸਿੰਘ ਪੇਧਨੀ )**-ਬੀਜੇਪੀ 'ਤੇ ਤਿੱਖਾ ਹਮਲਾ ਕਰਦਿਆਂ ਮੁੱਖ ਮੰਤਰੀ ਦਫ਼ਤਰ ਇੰਚਾਰਜ ਡਾਕਟਰ ਅਨਵਰ ਭਸੌੜ ਮੈਂਬਰ ਵਕਫ ਬੋਰਡ ਪੰਜਾਬ ਨੇ ਕਿਹਾ ਕਿ ਪੰਜਾਬ ਦੇ ਲੋਕ ਕਦੇ ਵੀ ਬੀਜੇਪੀ ਦੀ ਨੀਤੀਆਂ ਨੂੰ ਸਵੀਕਾਰ ਨਹੀਂ ਕਰਨਗੇ। ਉਨ੍ਹਾਂ ਕਿਹਾ ਕਿ ਬੀਜੇਪੀ ਦੀਆਂ ਕੇਂਦਰੀ ਨੀਤੀਆਂ ਹਮੇਸ਼ਾ ਪੰਜਾਬ ਅਤੇ ਪੰਜਾਬੀਅਤ ਦੇ ਵਿਰੁੱਧ ਰਹੀਆਂ ਹਨ, ਜਿਸ ਕਰਕੇ ਲੋਕਾਂ ਵਿੱਚ ਪਾਰਟੀ ਪ੍ਰਤੀ ਭਰੋਸਾ ਨਹੀਂ ਬਣ ਸਕਿਆ। ਉਨ੍ਹਾਂ ਕਿਹਾ ਕਿ ਭਗਵੰਤ ਸਿੰਘ ਮਾਨ ਦੀ ਅਗਵਾਈ ਹੇਠ ਪੰਜਾਬ ਸਰਕਾਰ ਲੋਕ-ਭਲਾਈ ਦੇ ਕੰਮ ਕਰ ਰਹੀ ਹੈ ਅਤੇ ਹਰ ਵਰਗ ਦੇ ਹਿੱਤਾਂ ਦੀ ਰੱਖਿਆ ਕੀਤੀ ਜਾ ਰਹੀ ਹੈ। ਉਨ੍ਹਾਂ ਦੱਸਿਆ ਕਿ ਸਰਕਾਰ ਵੱਲੋਂ ਸਿੱਖਿਆ, ਸਿਹਤ ਅਤੇ ਕਿਸਾਨੀ ਖੇਤਰ ਵਿੱਚ ਵੱਡੇ ਸੁਧਾਰ ਕੀਤੇ ਗਏ ਹਨ, ਜਿਸ ਨਾਲ ਆਮ ਲੋਕਾਂ ਨੂੰ ਸਿੱਧਾ ਲਾਭ ਮਿਲ ਰਿਹਾ ਹੈ। ਉਨ੍ਹਾਂ ਕਿਹਾ ਕਿ ਪੰਜਾਬ ਦੇ ਲੋਕ ਹੁਣ ਸਮਝਦਾਰ ਹੋ ਚੁੱਕੇ ਹਨ ਅਤੇ ਉਹ ਬੀਜੇਪੀ ਦੀਆਂ " ਵੰਡੋ ਤੇ ਰਾਜ ਕਰੋ÷ਵਾਲੀਆਂ ਨੀਤੀਆਂ ਨੂੰ ਕਦੇ ਕਾਮਯਾਬ ਨਹੀਂ ਹੋਣ ਦੇਣਗੇ।

### ਬੇਅਦਬੀ ਵਿਰੁੱਧ ਸਖਤ ਕਾਨੂੰਨ ਲਈ ਮੁੱਖ ਮੰਤਰੀ ਮਾਨ ਦੀ ਸ਼ੁਕਰਾਨਾ ਯਾਤਰਾ ਵਿੱਚ

## ਸ਼ਾਮਲ ਹੋਣ ਲਈ ਬੀਬਾ ਸੁਰਿੰਦਰ ਪਾਲ ਕੌਰ ਭੁੱਲਰ ਦੀ ਅਗਵਾਈ ਵਿੱਚ ਆਮ ਆਦਮੀ ਪਾਰਟੀ ਦੇ ਆਗੂ ਪਹੁੰਚੇ

**ਪੱਟੀ, 7 ਮਈ (ਆਵਾਜ਼ਿ ਕੌਮ ਬਿਊਰੋ)**-ਮੁੱਖ ਮੰਤਰੀ ਭਗਵੰਤ ਸਿੰਘ ਮਾਨ ਵੱਲੋਂ ਬੇਅਦਬੀ ਵਿਰੁੱਧ ਸਖਤ ਕਾਨੂੰਨ ਬਣਾਉਣ ਦੇ ਫੈਸਲੇ ਨੂੰ ਲੈ ਕੇ ਕੱਢੀ ਜਾ ਰਹੀ ਸ਼ੁਕਰਾਨਾ ਯਾਤਰਾ ਵਿੱਚ ਸ਼ਾਮਲ ਹੋਣ ਲਈ ਪੱਟੀ ਤੋਂ ਵਿਧਾਇਕ ਅਤੇ ਸਾਬਕਾ ਮੰਤਰੀ ਲਾਲਜੀਤ ਸਿੰਘ ਭੁੱਲਰ ਦੀ ਧਰਮ ਪਤਨੀ ਬੀਬਾ ਸੁਰਿੰਦਰ ਪਾਲ ਕੌਰ ਭੁੱਲਰ ਪੱਟੀ ਹਲਕੇ ਦੇ ਸਾਥੀਆਂ ਸਮੇਤ ਗੁਰਦੁਆਰਾ ਬਾਬਾ ਬੁੱਢਾ ਸਾਹਿਬ ਵਿਖੇ ਜਾਣ ਲਈ ਰਵਾਨਾ ਹੋਏ। ਇਸ ਮੌਕੇ ਉਨ੍ਹਾਂ ਦੇ ਨਾਲ ਵੱਡੀ ਗਿਣਤੀ ਵਿੱਚ ਸਰਪੰਚ, ਪੰਚ, ਕੌਂਸਲਰ, ਬਲਾਕ ਪ੍ਰਧਾਨ ਤੇ ਆਮ ਆਦਮੀ ਪਾਰਟੀ ਦੇ ਵਰਕਰ ਅਤੇ ਇਲਾਕਾ ਵਾਸੀ ਵੀ ਮੌਜੂਦ ਸਨ। ਰਵਾਨਗੀ ਤੋਂ ਪਹਿਲਾਂ ਪੱਤਰਕਾਰਾਂ ਨਾਲ ਗੱਲਬਾਤ ਕਰਦਿਆਂ ਬੀਬਾ ਸੁਰਿੰਦਰ ਪਾਲ ਕੌਰ ਭੁੱਲਰ ਨੇ ਕਿਹਾ ਕਿ ਪਿਛਲੀਆਂ ਸਰਕਾਰਾਂ ਨੇ ਧਰਮ ਦੇ ਨਾਮ 'ਤੇ ਸਿਆਸਤ ਤਾਂ ਬਹੁਤ ਕੀਤੀ, ਪਰ ਗੁਰੂ ਸਾਹਿਬਾਨਾਂ ਦੇ ਸਤਿਕਾਰ ਅਤੇ ਮਰਿਆਦਾ ਦੀ ਰੱਖਿਆ ਲਈ ਕੋਈ ਢੰਗ ਦਾ ਕਦਮ ਨਹੀਂ ਚੁੱਕਿਆ। ਉਨ੍ਹਾਂ ਕਿਹਾ ਕਿ ਪੰਜਾਬ ਦੀ ਮਾਨ ਸਰਕਾਰ ਨੇ ਬੇਅਦਬੀ ਦੀਆਂ ਘਟਨਾਵਾਂ ਨੂੰ ਗੰਭੀਰਤਾ ਨਾਲ ਲੈਂਦਿਆਂ ਸਖਤ ਕਾਨੂੰਨ ਬਣਾ ਕੇ ਸੰਗਤ ਦੀ ਲੰਬੇ ਸਮੇਂ ਤੋਂ ਚੱਲ ਰਹੀ ਮੰਗ ਨੂੰ ਪੂਰਾ ਕੀਤਾ ਹੈ। ਉਨ੍ਹਾਂ ਆਖਿਆ ਕਿ ਇਹ ਸ਼ੁਕਰਾਨਾ ਯਾਤਰਾ ਸਿਰਫ਼ ਇਕ ਰਾਜਨੀਤਿਕ ਪ੍ਰੋਗਰਾਮ ਨਹੀਂ, ਸਗੋਂ ਗੁਰੂ ਸਾਹਿਬਾਨਾਂ ਪ੍ਰਤੀ ਸਤਿਕਾਰ ਅਤੇ ਸੰਗਤ ਦੀਆਂ ਭਾਵਨਾਵਾਂ ਦਾ ਪ੍ਰਗਟਾਵਾ ਹੈ। ਬੀਬੀ ਭੁੱਲਰ ਨੇ ਕਿਹਾ ਕਿ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੀ ਅਗਵਾਈ ਹੇਠ ਪੰਜਾਬ ਸਰਕਾਰ ਲੋਕਾਂ ਦੀਆਂ ਧਾਰਮਿਕ ਭਾਵਨਾਵਾਂ ਦੀ ਕਦਰ ਕਰਦੀ ਹੈ ਅਤੇ ਭਵਿੱਖ ਵਿੱਚ ਵੀ ਅਜਿਹੇ ਮਸਲਿਆਂ 'ਤੇ ਪੂਰੀ ਗੰਭੀਰਤਾ ਨਾਲ ਕੰਮ ਕਰਦੀ ਰਹੇਗੀ। ਉਨ੍ਹਾਂ ਨੇ ਸ਼ੁਕਰਾਨਾ ਯਾਤਰਾ ਦੌਰਾਨ ਸੰਗਤ ਵੱਲੋਂ ਮਿਲ ਰਹੇ ਅਥਾਹ ਪਿਆਰ ਅਤੇ ਸਮਰਥਨ ਲਈ ਧੰਨਵਾਦ ਵੀ ਕੀਤਾ। ਇਸ ਮੌਕੇ ਸਰਪੰਚ ਗੁਰਪ੍ਰੀਤ ਸਿੰਘ, ਸਰਪੰਚ ਰਾਜਵੀਰ ਸਿੰਘ ਚੂਸਲੇਵੜ, ਸਰਪੰਚ ਅਮਨਦੀਪ ਸਿੰਘ ਸ਼ਾਹ ਕੈਰੋਂ, ਮੀਡੀਆ ਇੰਚਾਰਜ ਅਵਤਾਰ ਸਿੰਘ ਢਿੱਲੋਂ, ਵਾਈਸ ਮੀਡੀਆ ਇੰਚਾਰਜ ਮੋਹਿਤ ਅਰੋੜਾ, ਲੀਗਲ ਐਡਵਾਈਜ਼ਰ ਮਨਦੀਪ ਸਿੰਘ ਭੁੱਲਰ, ਕੌਂਸਲਰ ਹਰਜਿੰਦਰ ਸਿੰਘ ਪੱਪੂ ਸਰਾਫ, ਬਲਾਕ ਪ੍ਰਧਾਨ ਵਿਨੋਦ ਖੰਨਾ, ਰਜੇਸ਼ ਸਭਰਵਾਲ, ਸਰਪੰਚ ਅਮਰਜੀਤ ਸਿੰਘ, ਮਲਕੀਤ ਸਿੰਘ ਮੱਲੂ, ਬਿੱਲਾ ਜੋਸ਼ਨ, ਮਨਪ੍ਰੀਤ ਸਿੰਘ ਮੰਨਾ, ਸਰਪੰਚ ਗੁਰਪ੍ਰਤਾਪ ਸਿੰਘ ਲਾਡੀ, ਸਰਪੰਚ ਅਵਤਾਰ ਸਿੰਘ ਸਭਰਾ, ਸਰਪੰਚ ਅਸ਼ਵਨੀ ਸ਼ਰਮਾ, ਸਰਪੰਚ ਹਰਜਿੰਦਰ ਸਿੰਘ ਢੋਟੀਆਂ, ਸੁੱਖ ਬਾਠ ਧਗਾਣਾ, ਸਰਪੰਚ ਜਸਬੀਰ ਸਿੰਘ ਬੋਪਾਰਾਏ, ਕੌਂਸਲਰ ਸੂਰਜ ਕੁਮਾਰ, ਕੌਂਸਲਰ ਸੁਰਜੀਤ ਸਿੰਘ ਆਦਿ ਹਾਜਰ ਸਨ।

## ਪੰਜਾਬ ਨੂੰ ਡਰ, ਭਰਮ ਅਤੇ ਰਾਜਨੀਤਿਕ ਟਕਰਾਅ ਦੀ ਅੱਗ ਵੱਲ ਨਾ ਧੱਕਿਆ ਜਾਵੇ: ਆਰਐਸਪੀ

### ਆਰਐਸਪੀ ਪੰਜਾਬ ਸੂਬਾ ਕਮੇਟੀ ਵੱਲੋਂ ਧਮਾਕਿਆਂ ਦੀ ਸੁਤੰਤਰ, ਨਿਰਪੱਖ ਅਤੇ ਸਮੇਂ-ਬੱਧ ਜਾਂਚ ਦੀ ਮੰਗ

**ਖੰਨਾ, 7 ਮਈ (ਆਵਾਜ਼ਿ ਕੌਮ ਬਿਊਰੋ)**- ਰੈਵੋਲਿਊਸ਼ਨਰੀ ਸੋਸ਼ਿਲਸਟ ਪਾਰਟੀ (ਆਰ ਐਸ. ਪੀ ) ਪੰਜਾਬ ਸੂਬਾ ਕਮੇਟੀ ਦੇ ਸੂਬਾ ਸਕੱਤਰ ਕਰਨੈਲ ਸਿੰਘ ਇਕੋਲਾਹਾ ਨੇ ਪੰਜਾਬ ਵਿੱਚ ਹੋ ਰਹੇ ਲੜੀਵਾਰ ਧਮਾਕਿਆਂ ਅਤੇ ਉਨ੍ਹਾਂ ਸੰਬੰਧੀ ਵੱਖ-ਵੱਖ ਰਾਜਨੀਤਿਕ ਧਿਰਾਂ ਅਤੇ ਸਰਕਾਰੀ ਉੱਚ ਅਧਿਕਾਰੀਆਂ ਵੱਲੋਂ ਆ ਰਹੇ ਵਿਰੋਧੀ ਬਿਆਨਾਂ ਨੇ ਲੋਕਾਂ ਵਿਚ ਭਾਰੀ ਉਲਝਣ, ਡਰ ਅਤੇ ਭੰਬਲਭੂਸੇ ਦੀ ਸਥਿਤੀ ਪੈਦਾ ਕਰ ਦਿੱਤੀ ਹੈ। ਉਹਨਾਂ ਅੱਗੇ ਕਿਹਾ ਕਿ ਇੱਕ ਪਾਸੇ ਪੰਜਾਬ ਸਰਕਾਰ ਦੇ ਮੰਤਰੀ ਇਹ ਦੋਸ਼ ਲਾ ਰਹੇ ਹਨ ਕਿ ਧਮਾਕਿਆਂ ਪਿੱਛੇ ਬੀਜੇਪੀ ਦਾ ਹੱਥ ਹੈ, ਦੂਜੇ ਪਾਸੇ ਪੰਜਾਬ ਦੇ ਡੀਜੀਪੀ ਇਨ੍ਹਾਂ ਘਟਨਾਵਾਂ ਲਈ ਪਾਕਿਸਤਾਨ ਪ੍ਰੇਰਿਤ ਤਾਕਤਾਂ ਨੂੰ ਜ਼ਿੰਮੇਵਾਰ ਦੱਸ ਰਹੇ ਹਨ। ਬੀਜੇਪੀ ਦੇ ਆਗੂਆਂ ਵੱਲੋਂ ਸਰਕਾਰ ਤੋਂ ਸਬੂਤ ਮੰਗੇ ਜਾ ਰਹੇ ਹਨ, ਕਾਂਗਰਸ ਸਰਕਾਰ ਨੂੰ ਆਪਣੀ ਜ਼ਿੰਮੇਵਾਰੀ ਤੋਂ ਭੱਜਣ ਵਾਲੀ ਕਹਿ ਰਹੀ ਹੈ ਅਤੇ ਅਕਾਲੀ ਦਲ ਦੇ ਆਗੂ ਬੀਜੇਪੀ ਦੀ ਸਫਾਈ ਦੇ ਰਹੇ ਹਨ। ਆਰਐਸਪੀ ਪੰਜਾਬ ਸੂਬਾ ਕਮੇਟੀ ਦਾ ਮੰਨਣਾ ਹੈ ਕਿ ਇਸ ਤਰ੍ਹਾਂ ਦੇ ਵਿਰੋਧੀ ਅਤੇ ਬਿਨਾਂ ਸਬੂਤ ਬਿਆਨ ਪੰਜਾਬ ਦੇ ਅਮਨ ਅਤੇ ਸਮਾਜਿਕ ਭਾਈਚਾਰੇ ਲਈ ਖ਼ਤਰਨਾਕ ਹਨ। ਪੰਜਾਬ ਪਹਿਲਾਂ ਹੀ ਸੰਘਰਸ਼, ਅੱਤਵਾਦ ਅਤੇ ਰਾਜਨੀਤਿਕ ਅਸਥਿਰਤਾ ਦਾ ਦਰਦ ਸਹਿ ਚੁੱਕਿਆ ਹੈ। ਇਸ ਲਈ ਸੂਬੇ ਨੂੰ ਮੁੜ ਡਰ ਅਤੇ ਬੇਭਰੋਸੇ ਦੇ ਮਾਹੌਲ ਵੱਲ ਧੱਕਣਾ ਗੰਭੀਰ ਚਿੰਤਾ ਦਾ ਵਿਸ਼ਾ ਹੈ। ਉਹਨਾਂ ਅੱਗੇ ਕਿਹਾ ਕਿ ਅਸੀਂ ਮੰਨਦੇ ਹਾਂ ਕਿ ਪੰਜਾਬ ਦੇ ਅਸਲੀ ਮੁੱਦੇ ਬੇਰੁਜ਼ਗਾਰੀ, ਨਸ਼ਾ, ਕਿਸਾਨਾਂ ਦੀ ਕਰਜ਼ੇਦਾਰੀ, ਮਜ਼ਦੂਰਾਂ ਦੀ ਮੰਦਹਾਲੀ ਅਤੇ ਉਦਯੋਗਾਂ ਦੀ ਬਰਬਾਦੀ ਹਨ। ਪਰ ਸਿਆਸੀ ਧਿਰਾਂ ਲੋਕਾਂ ਦੇ ਮੁੱਦਿਆਂ ਦੀ ਥਾਂ ਇਕ-ਦੂਜੇ ਉੱਤੇ ਦੋਸ਼ ਲਗਾਉਣ ਦੀ ਰਾਜਨੀਤੀ ਕਰ ਰਹੀਆਂ ਹਨ। ਆਰਐਸਪੀ ਪੰਜਾਬ ਸੂਬਾ ਕਮੇਟੀ ਮੰਗ ਕਰਦੀ ਹੈ ਕਿ ਧਮਾਕਿਆਂ ਦੀ ਸੁਤੰਤਰ, ਨਿਰਪੱਖ ਅਤੇ ਸਮੇਂ-ਬੱਧ ਜਾਂਚ ਕਰਵਾਈ ਜਾਵੇ।ਬਿਨਾਂ ਸਬੂਤ ਕਿਸੇ ਵੀ ਧਿਰ ਉੱਤੇ ਦੋਸ਼ ਲਗਾਉਣ ਤੋਂ ਪਰਹੇਜ਼ ਕੀਤਾ ਜਾਵੇ।ਪੰਜਾਬ ਨੂੰ ਕੇਂਦਰ ਅਤੇ ਸੂਬੇ ਦੀ ਸਿਆਸੀ ਟਕਰਾਅ ਦੀ ਪ੍ਰਯੋਗਸ਼ਾਲਾ ਨਾ ਬਣਾਇਆ ਜਾਵੇ।ਲੋਕਾਂ ਵਿਚ ਡਰ ਅਤੇ ਵੰਡ ਪੈਦਾ ਕਰਨ ਵਾਲੀ ਰਾਜਨੀਤੀ ਬੰਦ ਕੀਤੀ ਜਾਵੇ। ਪੰਜਾਬ ਦੇ ਅਮਨ, ਭਾਈਚਾਰੇ ਅਤੇ ਜਮਹੂਰੀ ਹੱਕਾਂ ਦੀ ਰੱਖਿਆ ਨੂੰ ਸਭ ਤੋਂ ਵੱਡੀ ਤਰਜੀਹ ਦਿੱਤੀ ਜਾਵੇ। ਅੱਜ ਪੰਜਾਬ ਦੀ ਸਥਿਤੀ ਨੂੰ ਗੁਰਬਾਣੀ ਦੀ ਇਹ ਪੰਗਤੀ ਬਹੁਤ ਡੂੰਘਾਈ ਨਾਲ ਦਰਸਾਉਂਦੀ ਹੈ: "ਕੂੜ ਅਮਾਵਸ ਸੱਚੁ ਚੰਦ੍ਰਮਾ ਦੀਸੈ ਨਾਹੀ ਕਹ ਚੜਿਆ ॥" ਜਦੋਂ ਸੱਚ ਨੂੰ ਰਾਜਨੀਤਿਕ ਧੂੰਧ ਵਿੱਚ ਓਹਲੇ ਕਰਨ ਦੀ ਕੋਸ਼ਿਸ਼ ਹੋਵੇ, ਤਾਂ ਸਭ ਤੋਂ ਵੱਧ ਨੁਕਸਾਨ ਆਮ ਲੋਕਾਂ ਅਤੇ ਲੋਕਤੰਤਰ ਦਾ ਹੁੰਦਾ ਹੈ।

# ਦਮਦਮੀ ਟਕਸਾਲ ਜੱਥਾ ਭਿੰਡਰਾਂ ਮਹਿਤਾ ਵੱਲੋਂ

## ਅਮਰ ਸ਼ਹੀਦ ਸੰਤ ਗਿਆਨੀ ਜਰਨੈਲ ਸਿੰਘ ਜੀ ਖ਼ਾਲਸਾ ਭਿੰਡਰਾਂਵਾਲੇ

ਅਤੇ ਜੂਨ 1984 (ਘੱਲੂਘਾਰੇ) ਦੇ ਸਮੂਹ ਸ਼ਹੀਦਾਂ ਦੀ 42ਵੀਂ ਸ਼ਹੀਦੀ ਵਰ੍ਹੇਗੰਢ ਨੂੰ ਸਮਰਪਿਤ





# ਸ਼ਬਦ ਕੀਰਤਨ ਅਤੇ ਕਥਾ ਸਮਾਗਮ

## 1 ਮਈ ਤੋਂ 31 ਮਈ 2026 ਤੱਕ

ਰੋਜ਼ਾਨਾ ਸ਼ਾਮ 6 ਤੋਂ 8 ਵਜੇ ਤੱਕ

ਆਵਾਜ਼ਿ ਕੌਮ AWAZE QAUM International Newspaper & WEB TV

ਮਹਿਤਾ ਚੌਂਕ ਤੇ ਆਸ ਪਾਸ ਦੇ ਪਿੰਡਾਂ ਵਿੱਚ ਆਯੋਜਿਤ ਕੀਤੇ ਜਾ ਰਹੇ ਹਨ। ਜਿਸ ਵਿੱਚ ਦਮਦਮੀ ਟਕਸਾਲ ਦੇ ਮੁਖੀ ਸੰਤ ਗਿਆਨੀ ਹਰਨਾਮ ਸਿੰਘ ਜੀ ਖ਼ਾਲਸਾ 'ਭਿੰਡਰਾਂਵਾਲੇ' ਸ਼ਬਦ ਵਿਚਾਰ ਰਾਹੀਂ ਸੰਗਤਾਂ ਨੂੰ ਨਿਹਾਲ ਕਰਨਗੇ।

- 1 ਮਈ ਸ਼ੁੱਕਰਵਾਰ — ਜਬੋਵਾਲ — ਸ਼ਾਮ 6 ਤੋਂ 8 ਵਜੇ ਤੱਕ
- 2 ਮਈ ਸ਼ਨੀਵਾਰ — ਹਯਾਤ (ਗੁਰਦਾਸਪੁਰ) — ਸ਼ਾਮ 6 ਤੋਂ 8 ਵਜੇ ਤੱਕ
- 3 ਮਈ ਐਤਵਾਰ — ਗੁ: ਸੰਗਤਪੁਰਾ ਬਬਵਾਲਾ ਗੁਰਦਾਸਪੁਰ — ਸ਼ਾਮ 6 ਤੋਂ 8 ਵਜੇ ਤੱਕ
- 4 ਮਈ ਸੋਮਵਾਰ — ਕਾਹਲਵਾਂ — ਸ਼ਾਮ 6 ਤੋਂ 8 ਵਜੇ ਤੱਕ
- 5 ਮਈ ਮੰਗਲਵਾਰ — ਗੁ: ਭਗਤਾਂ ਦਾ ਡੇਰਾ ਤਰਸਿੱਕਾ — ਸਵੇਰੇ 12 ਤੋਂ 2 ਵਜੇ ਤੱਕ | ਨਿੱਕੇ ਘੁੰਮਣ — ਸ਼ਾਮ 6 ਤੋਂ 8 ਵਜੇ ਤੱਕ
- 6 ਮਈ ਬੁੱਧਵਾਰ — ਚੋਣੇ — ਸ਼ਾਮ 6 ਤੋਂ 8 ਵਜੇ ਤੱਕ
- 7 ਮਈ ਵੀਰਵਾਰ — ਮੁਰਾਦਪੁਰ — ਸ਼ਾਮ 6 ਤੋਂ 8 ਵਜੇ ਤੱਕ
- 8 ਮਈ ਸ਼ੁੱਕਰਵਾਰ — ਚੂੰਗ (ਸ੍ਰੀ ਗੁਰੂ ਗੋਬਿੰਦ ਸਿੰਘ ਜੀ ਇੰਟਰਨੈਸ਼ਨਲ ਪਬਲਿਕ ਸਕੂਲ) — ਸ਼ਾਮ 6 ਤੋਂ 8 ਵਜੇ ਤੱਕ
- 9 ਮਈ ਸ਼ਨੀਵਾਰ — ਅਬਦਾਲ — ਗੁ: ਸੰਤ ਬਾਬਾ ਅੱਲ੍ਹਾ ਸਿੰਘ ਜੀ — ਸ਼ਾਮ 6 ਤੋਂ 8 ਵਜੇ ਤੱਕ
- 10 ਮਈ ਐਤਵਾਰ — ਗੁਰੂ ਕੀ ਬੇਰ ਸਾਹਿਬ ਮੱਤੇਵਾਲ — ਸ਼ਾਮ 6 ਤੋਂ 8 ਵਜੇ ਤੱਕ
- 11 ਮਈ ਸੋਮਵਾਰ — ਲੀਲ ਕਲਾਂ — ਸ਼ਾਮ 6 ਤੋਂ 8 ਵਜੇ ਤੱਕ
- 12 ਮਈ ਮੰਗਲਵਾਰ — ਭਲਾਈਪੁਰ ਪੁਰਬਾਂ — ਸ਼ਾਮ 6 ਤੋਂ 8 ਵਜੇ ਤੱਕ
- 13 ਮਈ ਬੁੱਧਵਾਰ — ਖਲੈਹਿਰਾ — ਸ਼ਾਮ 6 ਤੋਂ 8 ਵਜੇ ਤੱਕ
- 14 ਮਈ ਵੀਰਵਾਰ — ਜਫਰਵਾਲ — ਸ਼ਾਮ 6 ਤੋਂ 8 ਵਜੇ ਤੱਕ
- 15 ਮਈ ਸ਼ੁੱਕਰਵਾਰ — ਲਾਲਪੁਰਾ (ਗੁਰਦਾਸਪੁਰ) — ਸ਼ਾਮ 6 ਤੋਂ 8 ਵਜੇ ਤੱਕ
- 16 ਮਈ ਸ਼ਨੀਵਾਰ — ਗੁ: ਸਿੰਘ ਸਭਾ (ਸ਼ਾਸਤਰੀ ਨਗਰ ਕਾਹਨੂੰਵਾਲ ਰੋਡ, ਬਟਾਲਾ) — ਸ਼ਾਮ 6 ਤੋਂ 8 ਵਜੇ ਤੱਕ
- 17 ਮਈ ਐਤਵਾਰ — ਗੜ੍ਹੀ ਗੁਰਦਾਸ ਨੰਗਲ — ਗੁ: ਗ੍ਰਿਫਤਾਰੀ ਸਾਹਿਬ — ਸ਼ਾਮ 6 ਤੋਂ 8 ਵਜੇ ਤੱਕ
- 18 ਮਈ ਸੋਮਵਾਰ — ਝਲਾੜੀ — ਸ਼ਾਮ 6 ਤੋਂ 8 ਵਜੇ ਤੱਕ
- 19 ਮਈ ਮੰਗਲਵਾਰ — ਗੱਗੜਭਾਣਾ — ਸ਼ਾਮ 6 ਤੋਂ 8 ਵਜੇ ਤੱਕ
- 20 ਮਈ ਬੁੱਧਵਾਰ — ਧਰਦਿਓ — ਸ਼ਾਮ 6 ਤੋਂ 8 ਵਜੇ ਤੱਕ
- 21 ਮਈ ਵੀਰਵਾਰ — ਵੀਲਾ / ਮੀਕੇ — ਸ਼ਾਮ 6 ਤੋਂ 8 ਵਜੇ ਤੱਕ
- 22 ਮਈ ਸ਼ੁੱਕਰਵਾਰ — ਸਿਆਲਕਾ — ਸ਼ਾਮ 6 ਤੋਂ 8 ਵਜੇ ਤੱਕ
- 23 ਮਈ ਸ਼ਨੀਵਾਰ — ਖੱਬੇਰਾਜਪੂਤਾਂ — ਸ਼ਾਮ 6 ਤੋਂ 8 ਵਜੇ ਤੱਕ
- 24 ਮਈ ਐਤਵਾਰ — ਜਲਾਲ ਉਸਮਾਂ — ਸ਼ਾਮ 6 ਤੋਂ 8 ਵਜੇ ਤੱਕ
- 25 ਮਈ ਸੋਮਵਾਰ — ਸਹਾਇਪੁਰ — ਸ਼ਾਮ 6 ਤੋਂ 8 ਵਜੇ ਤੱਕ
- 26 ਮਈ ਮੰਗਲਵਾਰ — ਜੇਠੂਵਾਲ — ਸ਼ਾਮ 6 ਤੋਂ 8 ਵਜੇ ਤੱਕ
- 27 ਮਈ ਬੁੱਧਵਾਰ — ਬੁਤਾਲਾ (ਨਿਪਸ ਸਕੂਲ) — ਸ਼ਾਮ 6 ਤੋਂ 8 ਵਜੇ ਤੱਕ
- 28 ਮਈ ਵੀਰਵਾਰ — ਗੁ: ਰਾਮ ਥੰਮਣ — ਸ਼ਾਮ 6 ਤੋਂ 8 ਵਜੇ ਤੱਕ
- 29 ਮਈ ਸ਼ੁੱਕਰਵਾਰ — ਸਠਿਆਲਾ — ਸ਼ਾਮ 6 ਤੋਂ 8 ਵਜੇ ਤੱਕ
- 30 ਮਈ ਸ਼ਨੀਵਾਰ — ਮਹਿਸਮਪੁਰ (ਬਾਬਾ ਦੀਪ ਸਿੰਘ ਸਕੂਲ) — ਸ਼ਾਮ 6 ਤੋਂ 8 ਵਜੇ ਤੱਕ
- 31 ਮਈ ਐਤਵਾਰ — ਮਹਿਤਾ ਚੌਂਕ — ਸ਼ਾਮ 6 ਤੋਂ 8 ਵਜੇ ਤੱਕ

1-2-3-4-5 ਜੂਨ 2026 ਰੋਜ਼ਾਨਾ ਸ਼ਾਮ 4.00 ਤੋਂ 6.00 ਵਜੇ ਤੱਕ ਦਮਦਮੀ ਟਕਸਾਲ ਦੇ ਹੈਡਕੁਆਟਰ ਗੁਰਦੁਆਰਾ ਗੁਰਦਰਸ਼ਨ ਪ੍ਰਕਾਸ਼, ਚੌਂਕ ਮਹਿਤਾ ਵਿਖੇ ਕਥਾ ਕੀਰਤਨ ਦਾ ਨਿਰੰਤਰ ਪ੍ਰਵਾਹ ਚੱਲੇਗਾ।

ਸੰਗਤਾਂ ਨੂੰ ਬੇਨਤੀ ਹੈ ਕਿ 6 ਜੂਨ 2026, ਸ਼ਨੀਵਾਰ ਨੂੰ ਗੁਰਦੁਆਰਾ ਗੁਰਦਰਸ਼ਨ ਪ੍ਰਕਾਸ਼, ਚੌਂਕ ਮਹਿਤਾ ਵਿਖੇ ਪਹੁੰਚੋ ਜੀ

ਪ੍ਰੋਫੈਸ਼ਨਲ ਕਾਲਜ ਆਫ ਗੁਰਮਤਿ ਦਮਦਮੀ ਟਕਸਾਲ ਵਿਖੇ 9ਵੀਂ, 10ਵੀਂ, +1 +2, ਬੀ.ਏ., ਐੱਮ.ਏ. ਦਾਖਲੇ ਸ਼ੁਰੂ ਹਨ ਫਰੀ ਵਿੱਦਿਆ ਪ੍ਰਾਪਤ ਕਰੋ

ਸੰਪਰਕ: 99158-00904, 97793-10040, 98158-14158, 84376-91626



ਆਵਾਜ਼ਿ ਕੌਮ AWAZE QAUM International Newspaper & WEB TV

ਸਿੱਖ ਕੌਮ ਅਤੇ ਪੰਜਾਬੀਅਤ ਦਾ ਪਹਿਰੇਦਾਰ

# ਆਵਾਜ਼ਿ ਕੌਮ

ਵਿੱਚ ਵਿਸ਼ਵ ਪੱਧਰ 'ਤੇ ਇਸ਼ਤਿਹਾਰ ਦੇਣ ਲਈ ਸੰਪਰਕ ਕਰੋ :

+447458381111 +447976210161 +919729091243

ਮੈਂ ਸਰੀਰਕ ਮੌਤ ਨੂੰ ਮੌਤ ਨਹੀ ਮੰਨਦਾ ਜਮੀਰ ਦਾ ਮਰਜਾਣਾ ਯਕੀਨਨ ਮੌਤ ਹੈ।

ਸੰਤ ਜਰਨੈਲ ਸਿੰਘ ਜੀ ਖਾਲਸਾ ਭਿੰਡਰਾਂਵਾਲੇ




Physical death i do not fear death of conscience is a sure death

Sant Jarnail Singh Ji Khalsa Bhindranwale

www.damdamitaksal.net






ਨਾਮ ਜਪੋ / ਕਿਰਤ ਕਰੋ / ਵੰਡ ਛੱਕੋ

Naam Japo / Kirat Karo / Vand Shako

ਵਾਹਿਗੁਰੂ ਜੀ ਕਾ ਖਾਲਸਾ॥ ਵਾਹਿਗੁਰੂ ਜੀ ਕੀ ਫਤਹਿ॥

WAHEGURU JI KA KHALSA WAHEGURU JI KI FATEH

ਖੰਡੇ ਬਾਟੇ ਦੀ ਪਾਹੁਲ ਛੱਕ ਕੇ ਗੁਰੂ ਵਾਲੇ ਬਣੋ

Khande Bate di Pahul Shak Ke Guru Wale Bano

ਗੁਰਬਾਣੀ ਸੰਥਿਆ ਅਤੇ ਗੁਰਮਤਿ ਸਿੱਖਿਆ ਨਾਲ ਜੁੜੋ

Join Gurbani Santhia and Gurmat Sikhia

ਕੀਰਤਨ ਕਥਾ ਕਵੀਸ਼ਰੀ ਅਤੇ ਢਾਡੀ ਵਾਰਾਂ ਸਿੱਖੋ

Learn Kirtan Katha Kavishri and Dhadi Waran

ਗੁਰਮੁਖੀ ਪੰਜਾਬੀ ਸਿੱਖੋ

Learn Gurmukhi Punjabi

ਗਤਕਾ ਸਿੱਖੋ Learn Gatka

www.damdamitaksal.net



ਆਵਾਜ਼ਿ ਕੌਮ

Daily Newspaper from U.K.

Publisher/Chief Editor

**Raghbir Singh Walsal**

E-mail : awazeqaumtv@gmail.com

www.awazeqaumtv.com

for AWAZE QAUM Channel

https://youtu.be/LQwolgxDu7I

Contact :

+447458381111

+447976210161

+919729091243

ਆਵਾਜ਼ਿ ਕੌਮ AWAZE QAUM TV



ਭਾਈ ਰਘਵੀਰ ਸਿੰਘ ਵਾਲਸਾਲ

ਯੂ.ਕੇ. ਮੁੱਖ ਸੰਪਾਦਕ

Raghbir Singh Walsall uk


**ਪੰਜਾਬੀ ਸਿੱਖੋ, ਪੰਜਾਬੀ ਪੜ੍ਹੋ, ਪੰਜਾਬੀ ਬੋਲੋ, ਮਾਂ ਬੋਲੀ ਪੰਜਾਬੀ ਅਤੇ ਆਪਣੇ ਪੰਜਾਬ ਨੂੰ ਪਿਆਰ ਕਰੋ**

## ਸਮੂਹ ਪੱਤਰਕਾਰ/ਲੇਖਕਾਂ ਦੇ ਧਿਆਨ ਹਿਤ

ਸਮੂਹ ਪੱਤਰਕਾਰਾਂ/ਲੇਖਕਾਂ ਨੂੰ ਅਪੀਲ ਹੈ ਕਿ ਉਹ ਆਪਣੀਆ ਖ਼ਬਰਾਂ, ਇਸ਼ਤਿਹਾਰ ਅਤੇ ਹੋਰ ਸਮੱਗਰੀ ਸ਼ੁੱਧ ਪੰਜਾਬੀ ਵਿੱਚ ਕੰਪੋਜ਼ ਕਰਕੇ ਭੇਜਣ। ਬਿਨਾਂ ਕੰਪੋਜ਼ ਕੀਤੀਆਂ ਗਈਆਂ ਖ਼ਬਰਾਂ, ਲੇਖ ਜਾਂ ਹੋਰ ਕਿਸੇ ਵੀ ਪ੍ਰਕਾਰ ਦੇ ਮੈਟਰ 'ਤੇ ਵਿਚਾਰ ਨਹੀਂ ਕੀਤਾ ਜਾਵੇਗਾ। -ਸੰਪਾਦਕ


ਦੇਗ ਤੇਗ ਫ਼ਤਿਹ - ਪੰਥ ਕੀ ਜੀਤ

ਹਮ ਰਾਖਤ ਪਾਤਿਸ਼ਾਹੀ ਦਾਵਾ ॥ ਜਾਂ ਇਤ ਕੋ ਜਾਂ ਅਗਲੋ ਪਾਵਾ ॥

ਧੰਨ ਗੁਰੂ ਨਾਨਕ ਦੇਵ ਸਾਹਿਬ ਜੀ ਦੇ ਪ੍ਰਕਾਸ਼ ਪੁਰਬ ਤੇ ਮਾਤਾ ਸਾਹਿਬ ਕੌਰ ਜੀ ਦੇ ਜਨਮ ਦਿਹਾੜੇ ਨੂੰ ਸਮਰਪਿਤ



ਧੰਨ-ਧੰਨ ਮਾਤਾ ਸਾਹਿਬ ਕੌਰ ਜੀ

# ਗੁਰਮਤਿ ਸਮਾਗਮ

1 ਨਵੰਬਰ 2026, ਦਿਨ ਐਤਵਾਰ ਨੂੰ

ਬੱਬਰਾਂ ਦੇ ਹਾਈ ਕੋਰਟ ਗੁਰਦੁਆਰਾ ਸ਼ਹੀਦਾਂ, ਜੱਸੋਵਾਲ ਵਿਖੇ

ਬੜੀ ਸ਼ਰਧਾ ਨਾਲ ਕਰਵਾਇਆ ਜਾ ਰਿਹਾ ਹੈ।



ਸੰਤ ਜਰਨੈਲ ਸਿੰਘ ਜੀ ਖਾਲਸਾ ਭਿੰਡਰਾਂ ਵਾਲੇ

ਲੜੀ ਆਰੰਭ ਸ੍ਰੀ ਅਖੰਡ ਪਾਠ ਸਾਹਿਬ -20 ਅਕਤੂਬਰ, ਮੰਗਲਵਾਰ, ਸਵੇਰੇ 10 ਵਜੇ

ਲੜੀ ਭੋਗ ਸ੍ਰੀ ਅਖੰਡ ਪਾਠ ਸਾਹਿਬ -1 ਨਵੰਬਰ, ਐਤਵਾਰ, ਸਵੇਰੇ 9 ਵਜੇ



ਜੋੜ ਮੇਲੇ ਵਿੱਚ ਸਿੰਘ ਸਾਹਿਬਾਨ, ਦਮਦਮੀ ਟਕਸਾਲ, ਸੰਤ ਮਹਾਂਪੁਰਸ਼, ਸੰਪਰਦਾਵਾਂ ਦੇ ਮੁਖੀ, ਨਿਹੰਗ ਸਿੰਘ ਜਥੇਬੰਦੀਆਂ, ਸ਼੍ਰੋਮਣੀ ਕਮੇਟੀ ਮੈਂਬਰ, ਨਿਰਮਲੇ, ਉਦਾਸੀ, ਧਾਰਮਿਕ, ਕਿਸਾਨ ਆਗੂ, ਹਰ ਪਾਰਟੀ ਦੇ ਸਿਆਸੀ ਲੀਡਰ, ਇੰਟਰਨੈਸ਼ਨਲ ਪੰਥਕ ਦਲ ਯੂ.ਕੇ. ਅਤੇ ਭਾਰਤ ਦੇ ਸਮੂਹ ਅਹੁਦੇਦਾਰ ਅਤੇ ਨਾਮਵਰ ਰਾਗੀ-ਢਾਡੀ-ਕਵੀਸ਼ਰ ਜਥੇ ਪਹੁੰਚ ਰਹੇ ਹਨ।

**ਨੋਟ : ਇਹ ਸਮਾਗਮ 13 ਦਿਨ ਚੱਲੇਗਾ**

ਸਮੂਹ ਸੰਗਤ ਨੂੰ ਪਹੁੰਚਣ ਲਈ ਬੇਨਤੀ ਕੀਤੀ ਜਾਂਦੀ ਹੈ। ਗੁਰੂ ਦੇ ਲੰਗਰ ਅਤੇ ਚਾਹ ਪਕੌੜਿਆਂ ਦੇ ਲੰਗਰ ਅਤੁੱਟ ਵਰਤਣਗੇ।

ਬੇਨਤੀ ਕਰਤਾ

ਸੰਤ ਬਾਬਾ ਚਰਨਜੀਤ ਸਿੰਘ ਜੱਸੋਵਾਲ 98141-27470

ਜਥੇਦਾਰਨੀ ਬੀਬੀ ਸੁਰਿੰਦਰ ਕੌਰ 73408-35137

ਦਮਦਮੀ ਟਕਸਾਲ ਵਾਲੇ ਅੰਤਰਰਾਸ਼ਟਰੀ ਮੁੱਖ ਬੁਲਾਰਾ ਇੰਟਰਨੈਸ਼ਨਲ ਪੰਥਕ ਦੱਲ

ਸੰਪਰਕ ਨੰਬਰ 84278-66404

ਜਾਰੀ ਕਰਤਾ : ਭਾਈ ਜਰਨੈਲ ਸਿੰਘ ਢਿੱਲੋਂ, ਬੀਬੀ ਅਰਸ਼ਪ੍ਰੀਤ ਕੌਰ 84278-66404, ਜ: ਹਰਜੋਤ ਸਿੰਘ ਢਿੱਲੋਂ, ਜ: ਮਹਿਤਾਬ ਸਿੰਘ ਢਿੱਲੋਂ